ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
Des Pardes
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ

'ਪਕੜੀ ਸੰਭਾਲ ਯਾਤਰਾ' ਤਹਿਤ ਸ੍ਰੀ ਚਮਕੌਰ ਸਾਹਿਬ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਤੱਕ ਕੱਢੀਆਂ ਜਾਣਗੀਆਂ ਸਾਈਕਲ ਯਾਤਰਾਵਾਂ : ਚੰਨੀ
03

ਸਾਲ 2, ਅੰਕ 6 Ph (Mohali Office) : 0160-2990739; (M) : +91-98156-16078 ਮੰਗਲਵਾਰ, 6 ਅਕਤੂਬਰ 2026 (20 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਪੰਜਾਬ ਕੈਬਨਿਟ ਦੇ ਵੱਡੇ ਫੈਸਲੇ: ਨਰਸਿੰਗ ਰੂਲਾਂ 'ਚ ਸੋਧ ਤੋਂ ਰੰਜੀਤਗੜ੍ਹ ਡਿਵੈਲਪਮੈਂਟ ਅਥਾਰਿਟੀ ਤੱਕ ਮਨਜ਼ੂਰੀ

- ਰੰਜੀਤਗੜ੍ਹ ਡਿਵੈਲਪਮੈਂਟ ਅਥਾਰਿਟੀ ਦੇ ਗਠਨ ਨੂੰ ਮਨਜ਼ੂਰੀ
- ਚੋਣ ਕਮਿਸ਼ਨ ਦੇ ਦਫ਼ਤਰ ਲਈ ਨਵੇਂ ਅਹੁਦੇ
- ਨਰਸਿੰਗ ਐਜੂਕੇਸ਼ਨ ਸਰਵਿਸ ਰੂਲਜ਼ ਵਿੱਚ ਸੋਧ
- ਪੀਆਈਟੀਐਸ ਦੇ ਨਾਨ-ਟੀਚਿੰਗ ਕਰਮਚਾਰੀਆਂ ਲਈ ਫੈਸਲਾ
- ਪਠਾਨਕੋਟ ਵਿੱਚ ਟੂਰਿਜ਼ਮ ਨੂੰ ਹੁਲਾਰਾ

ਦੇਸ਼ ਪ੍ਰਦੇਸ਼ ਚੰਡੀਗੜ੍ਹ, 5 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੋਮਵਾਰ ਨੂੰ ਹੋਈ ਪੰਜਾਬ ਕੈਬਨਿਟ ਦੀ ਅਹਿਮ ਬੈਠਕ ਵਿੱਚ ਸੂਬੇ ਦੇ ਪ੍ਰਸ਼ਾਸਨਿਕ ਢਾਂਚੇ, ਨਰਸਿੰਗ ਸੇਵਾਵਾਂ, ਸਰਕਾਰੀ ਕਰਮਚਾਰੀਆਂ, ਚੋਣ ਪ੍ਰਬੰਧਨ ਅਤੇ ਸੈਰ-ਸਪਾਟੇ ਨਾਲ ਸਬੰਧਤ ਕਈ ਮਹੱਤਵਪੂਰਨ ਫੈਸਲਿਆਂ ਨੂੰ ਮਨਜ਼ੂਰੀ ਦਿੱਤੀ ਗਈ। ਬੈਠਕ ਤੋਂ ਬਾਅਦ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਨ੍ਹਾਂ ਫੈਸਲਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਕੈਬਨਿਟ ਵੱਲੋਂ ਲਏ ਗਏ ਪ੍ਰਮੁੱਖ ਫੈਸਲਿਆਂ ਵਿੱਚ ਰੰਜੀਤਗੜ੍ਹ ਡਿਵੈਲਪਮੈਂਟ ਅਥਾਰਿਟੀ ਦੇ ਗਠਨ ਨੂੰ ਮਨਜ਼ੂਰੀ ਦੇਣਾ ਸ਼ਾਮਲ ਹੈ। ਵਿੱਤ ਮੰਤਰੀ ਹਰਪਾਲ ਚੀਮਾ ਨੇ ਇਸਨੂੰ ਮੀਟਿੰਗ ਦੇ ਅਹਿਮ ਫੈਸਲਿਆਂ ਵਿੱਚੋਂ ਇੱਕ ਦੱਸਿਆ। ਇਹ ਕਦਮ ਖਾਸ ਤੌਰ 'ਤੇ ਪਠਾਨਕੋਟ ਦੇ ਪਹਾੜੀ ਇਲਾਕਿਆਂ ਅਤੇ ਰੰਜੀਤ ਸਾਗਰ ਡੈਮ-ਸ਼ਾਹਪੁਰ ਕੰਢੀ ਖੇਤਰ ਵਿੱਚ ਸੈਰ-ਸਪਾਟੇ ਦੀਆਂ ਸੰਭਾਵਨਾਵਾਂ ਨੂੰ ਵਿਕਸਤ ਕਰਨ ਨਾਲ ਜੋੜਿਆ ਜਾ ਰਿਹਾ ਹੈ। ਸਰਕਾਰ ਪਹਿਲਾਂ ਵੀ ਇਸ ਖੇਤਰ ਨੂੰ ਇੱਕ ਮਹੱਤਵਪੂਰਨ ਟੂਰਿਜ਼ਮ ਡੈਸਟੀਨੇਸ਼ਨ ਵਜੋਂ ਵਿਕਸਤ ਕਰਨ ਦੀ ਯੋਜਨਾ 'ਤੇ ਕੰਮ ਕਰਦੀ ਰਹੀ ਹੈ।

ਕੈਬਨਿਟ ਨੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵਿੱਚ ਨਵੇਂ ਅਹੁਦੇ ਸਿਰਜਣ ਨੂੰ ਵੀ ਮਨਜ਼ੂਰੀ ਦਿੱਤੀ। ਸਰਕਾਰ ਮੁਤਾਬਕ ਇਸ ਨਾਲ ਚੋਣਾਂ ਨਾਲ ਸਬੰਧਤ ਕੰਮਕਾਜ ਨੂੰ ਹੋਰ ਸੁਚਾਰੂ ਬਣਾਉਣ ਅਤੇ ਪ੍ਰਸ਼ਾਸਨਿਕ ਪ੍ਰਕਿਰਿਆ ਤੇਜ਼ ਕਰਨ ਵਿੱਚ ਮਦਦ ਮਿਲੇਗੀ। ਇਹ ਫੈਸਲਾ ਉਸ ਸਮੇਂ ਮਹੱਤਵਪੂਰਨ ਹੈ ਜਦੋਂ ਪੰਜਾਬ ਵਿੱਚ 2026 ਦੀਆਂ ਵੋਟਰ ਸੂਚੀਆਂ ਨਾਲ ਸਬੰਧਤ ਐਸਆਈਆਰ ਦਾ ਕੰਮ ਚੱਲ ਰਿਹਾ ਹੈ।

ਕੈਬਨਿਟ ਨੇ ਪੰਜਾਬ ਐਜੂਕੇਸ਼ਨ ਸਰਵਿਸ ਰੂਲਜ਼ , 2016 ਵਿੱਚ ਸੋਧ ਨੂੰ ਵੀ ਹਰੀ ਝੰਡੀ ਦੇ ਦਿੱਤੀ। ਸਰਕਾਰ ਅਨੁਸਾਰ 2021 ਵਿੱਚ ਨਰਸਿੰਗ ਸਿੱਖਿਆ ਨਾਲ ਸਬੰਧਤ ਵਿਭਾਗ ਦੀ ਪੁਨਰਗਠਨ ਤੋਂ ਬਾਅਦ ਨਵੇਂ ਸਰਵਿਸ ਰੂਲ ਤਿਆਰ ਨਹੀਂ ਹੋ ਸਕੇ ਸਨ। ਇਸ ਦੌਰਾਨ ਲਗਭਗ 1,467 ਨਰਸਿੰਗ ਸਟਾਫ ਮੈਂਬਰਾਂ ਦੀ ਭਰਤੀ ਹੋਈ।

ਪੁਰਾਣੇ ਨਿਯਮਾਂ ਕਾਰਨ ਕਰਮਚਾਰੀਆਂ ਨੂੰ ਤਰੱਕੀ ਅਤੇ ਹੋਰ ਸੇਵਾ-ਸਬੰਧੀ ਮਾਮਲਿਆਂ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਹੁਣ ਨਿਯਮਾਂ ਵਿੱਚ ਸੋਧ ਨਾਲ ਨਰਸਿੰਗ ਸਟਾਫ ਲਈ ਤਰੱਕੀ ਅਤੇ ਸੇਵਾ ਦੀਆਂ ਹੋਰ ਪ੍ਰਕਿਰਿਆਵਾਂ ਨੂੰ ਵਧੇਰੇ ਸਪਸ਼ਟ ਅਤੇ ਸੁਚਾਰੂ ਬਣਾਉਣ ਦੀ ਉਮੀਦ ਹੈ। ਕੈਬਨਿਟ ਨੇ ਪੀਆਈਟੀਐਸ ਅਧੀਨ ਕੰਮ ਕਰ ਰਹੇ ਨਾਨ-ਟੀਚਿੰਗ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਸੋਸਾਇਟੀ ਦੇ ਦਾਇਰੇ ਵਿੱਚ ਲਿਆਉਣ ਅਤੇ ਉਨ੍ਹਾਂ ਨੂੰ ਰੈਗੂਲਰ ਕਰਨ ਸਬੰਧੀ ਫੈਸਲਾ ਵੀ ਕੀਤਾ।

ਬਾਕੀ ਸਫ਼ਾ 7 'ਤੇ

ਸਿੰਗਾਪੁਰ ਦੇ ਐਸਆਈਐਨਜੀ ਫੋਰਮ 'ਚ ਗੂੰਜਿਆ ਹਰਿਆਣਾ ਦਾ ਨਿਵੇਸ਼ ਮਾਡਲ, ਸੀਐਮ ਸੈਣੀ ਨੇ ਨਿਵੇਸ਼ਕਾਂ ਨੂੰ ਦਿੱਤਾ ਸੱਦਾ

ਸਿੰਗਾਪੁਰ ਤੋਂ ਆਉਣ ਵਾਲੇ ਨਿਵੇਸ਼ ਪ੍ਰਸਤਾਵਾਂ ਨੂੰ ਤੇਜ਼ੀ ਦੇਣ ਲਈ 'ਮਰਲੀਅਨ ਡੈਸਕ' ਸਥਾਪਤ

ਦੇਸ਼ ਪ੍ਰਦੇਸ਼ ਚੰਡੀਗੜ੍ਹ, 5 ਅਕਤੂਬਰ (ਰਾਜੇਂਦਰ ਸਿੰਘ ਜਾਦੌਂ) : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਿੰਗਾਪੁਰ ਵਿੱਚ ਕਰਵਾਏ ਗਏ ਐਸਆਈਐਨਜੀ ਫੋਰਮ ਦੇ 'ਫਾਇਰਸਾਈਡ ਚੈਟ' ਪ੍ਰੋਗਰਾਮ ਵਿੱਚ ਹਿੱਸਾ ਲੈਂਦਿਆਂ ਸੂਬੇ ਵਿੱਚ ਨਿਵੇਸ਼ ਦੀਆਂ ਸੰਭਾਵਨਾਵਾਂ, ਨੀਤੀਗਤ ਸੁਧਾਰਾਂ ਅਤੇ ਨਿਵੇਸ਼ਕ-ਪੱਖੀ ਮਾਹੌਲ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਹਰਿਆਣਾ ਭਾਰਤ ਵਿੱਚ ਨਿਵੇਸ਼ ਕਰਨ ਵਾਲੀਆਂ ਕੰਪਨੀਆਂ ਲਈ ਮਜ਼ਬੂਤ ਅਤੇ ਭਰੋਸੇਮੰਦ ਭਾਈਵਾਲ ਬਣਨ ਲਈ ਤਿਆਰ ਹੈ। ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਇਸ ਦੌਰੇ ਤੋਂ ਬਾਅਦ ਕੋਈ ਕੰਪਨੀ ਹਰਿਆਣਾ ਵਿੱਚ ਨਿਵੇਸ਼ ਕਰਦੀ ਹੈ ਤਾਂ ਉਹ ਇਸ ਯਾਤਰਾ ਨੂੰ ਸਫਲ ਮੰਨਣਗੇ। ਮੁੱਖ ਮੰਤਰੀ ਨੇ ਦੱਸਿਆ ਕਿ ਸਿੰਗਾਪੁਰ ਦੌਰੇ ਤੋਂ ਪਹਿਲਾਂ ਹੀ ਲਗਭਗ 20 ਤੋਂ 30 ਪ੍ਰਮੁੱਖ ਕੰਪਨੀਆਂ ਦੀ ਪਛਾਣ ਕੀਤੀ ਗਈ ਸੀ। ਇਸ ਤੋਂ ਇਲਾਵਾ ਅਧਿਕਾਰੀਆਂ ਵੱਲੋਂ ਕਈ ਸੰਭਾਵਿਤ ਨਿਵੇਸ਼ਕਾਂ ਨਾਲ ਈ-ਮੀਟਿੰਗਾਂ ਵੀ ਕੀਤੀਆਂ ਗਈਆਂ। ਦੌਰੇ ਦੌਰਾਨ ਕਈ ਕੰਪਨੀਆਂ ਨੇ ਹਰਿਆਣਾ ਵਿੱਚ ਨਿਵੇਸ਼ ਕਰਨ ਵਿੱਚ ਦਿਲਚਸਪੀ ਦਿਖਾਈ ਅਤੇ ਆਪਣੇ ਇਨਵੈਸਟਮੈਂਟ ਇੰਟੈਂਸ਼ਨ ਵੀ ਜਮ੍ਹਾਂ ਕਰਵਾਏ। ਸੈਣੀ ਨੇ ਕਿਹਾ ਕਿ ਹਰਿਆਣਾ ਵਿੱਚ ਨਿਵੇਸ਼ ਦਾ ਕੋਈ ਵੀ ਪ੍ਰਸਤਾਵ ਆਉਣ 'ਤੇ ਹਰਿਆਣਾ ਐਂਟਰਪ੍ਰਾਈਜ਼ ਪ੍ਰਮੋਸ਼ਨ ਸੈਂਟਰ ਉਸਨੂੰ ਤੇਜ਼ੀ ਨਾਲ ਅੱਗੇ ਵਧਾਉਂਦਾ ਹੈ। ਸਿੰਗਾਪੁਰ ਤੋਂ ਆਉਣ ਵਾਲੇ ਨਿਵੇਸ਼ ਪ੍ਰਸਤਾਵਾਂ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕਰਨ ਲਈ ਇੱਕ ਸਮਰਪਿਤ 'ਮਰਲੀਅਨ ਡੈਸਕ' ਸਥਾਪਤ ਕੀਤਾ ਗਿਆ ਹੈ। ਇਸ ਦਾ ਮਕਸਦ ਸਿੰਗਾਪੁਰ ਦੇ ਨਿਵੇਸ਼ਕਾਂ ਨੂੰ ਪ੍ਰਸਤਾਵਾਂ ਨਾਲ ਜੁੜੀ ਪ੍ਰਕਿਰਿਆ ਵਿੱਚ ਤੇਜ਼ ਅਤੇ ਸੁਚਾਰੂ ਸਹਾਇਤਾ ਪ੍ਰਦਾਨ ਕਰਨਾ ਹੈ। ਮੁੱਖ ਮੰਤਰੀ ਨੇ ਹਰਿਆਣਾ ਦੇ ਮੌਜੂਦਾ ਉਦਯੋਗਿਕ ਢਾਂਚੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਸੂਬੇ ਵਿੱਚ 270 ਤੋਂ ਵੱਧ ਗਲੋਬਲ ਕੈਪੇਬਿਲਟੀ ਸੈਂਟਰਜ਼ ਮੌਜੂਦ ਹਨ। ਇਸ ਤੋਂ ਇਲਾਵਾ ਹਰਿਆਣਾ ਕੋਲ ਮਜ਼ਬੂਤ ਆਟੋਮੋਟਿਵ ਈਕੋਸਿਸਟਮ ਵੀ ਹੈ। ਉਨ੍ਹਾਂ ਕਿਹਾ ਕਿ ਇਹ ਸਥਿਤੀ ਚੁਣੌਤੀ ਨਹੀਂ, ਸਗੋਂ ਨਵੇਂ ਨਿਵੇਸ਼ਕਾਂ ਲਈ ਇੱਕ ਵੱਡਾ ਮੌਕਾ ਹੈ। ਉਨ੍ਹਾਂ ਅਨੁਸਾਰ ਨਿਵੇਸ਼ ਦੀਆਂ ਸੰਭਾਵਨਾਵਾਂ ਸਿਰਫ਼ ਗੁਰੂਗ੍ਰਾਮ ਜਾਂ ਐਨਸੀਆਰ ਤੱਕ ਸੀਮਤ ਨਹੀਂ ਹਨ। ਸੂਬੇ ਦੇ ਹੋਰ ਹਿੱਸਿਆਂ ਵਿੱਚ ਵੀ ਅਜਿਹੇ ਕਈ ਸਥਾਨ ਮੌਜੂਦ ਹਨ, ਜਿੱਥੇ ਨਿਵੇਸ਼ਕਾਂ ਨੂੰ ਜ਼ਮੀਨ, ਉਦਯੋਗਿਕ ਢਾਂਚਾ ਅਤੇ ਭਵਿੱਖ ਵਿੱਚ ਕਾਰੋਬਾਰ ਨੂੰ ਵਧਾਉਣ ਲਈ ਲੋੜੀਂਦੀ ਜਗ੍ਹਾ ਮਿਲ ਸਕਦੀ ਹੈ। ਉਨ੍ਹਾਂ ਖਾਸ ਤੌਰ 'ਤੇ ਮੱਧਮ ਆਕਾਰ ਦੀਆਂ ਕੰਪਨੀਆਂ ਲਈ ਮੌਕਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਹ ਸਿਰਫ਼ ਮੌਜੂਦਾ ਸਿਸਟਮ ਦਾ ਹਿੱਸਾ ਬਣਨ ਦੀ ਬਜਾਏ ਆਪਣਾ ਨਵਾਂ ਈਕੋਸਿਸਟਮ ਅਤੇ ਮਜ਼ਬੂਤ ਕਾਰੋਬਾਰੀ ਅਧਾਰ ਵੀ ਤਿਆਰ ਕਰ ਸਕਦੀਆਂ ਹਨ। ਨਿਵੇਸ਼ ਪ੍ਰੋਤਸਾਹਨਾਂ ਬਾਰੇ ਮੁੱਖ ਮੰਤਰੀ ਨੇ ਦੱਸਿਆ ਕਿ ਜੂਨ ਮਹੀਨੇ ਵਿੱਚ 10 ਨਵੀਆਂ ਨੀਤੀਆਂ ਸ਼ੁਰੂ ਕੀਤੀਆਂ ਗਈਆਂ ਹਨ। ਨਿਵੇਸ਼ਕਾਂ ਨੂੰ ਮਿਲਣ ਵਾਲੇ ਪ੍ਰੋਤਸਾਹਨਾਂ ਦੀ ਪ੍ਰਕਿਰਿਆ ਨੂੰ ਸਮੇਂਬੱਧ ਬਣਾਇਆ ਗਿਆ ਹੈ। ਇਸ ਦੇ ਨਾਲ ਹੀ ਸਿੰਗਲ ਵਿੰਡੋ ਸਿਸਟਮ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ, ਤਾਂ ਜੋ ਨਿਵੇਸ਼ਕਾਂ ਨੂੰ ਵੱਖ-ਵੱਖ ਸਰਕਾਰੀ ਪ੍ਰਕਿਰਿਆਵਾਂ ਲਈ ਘੱਟ ਤੋਂ ਘੱਟ ਕੋਸ਼ਿਸ਼ ਕਰਨੀ ਪਵੇ। ਸੈਣੀ ਨੇ ਦੱਸਿਆ ਕਿ ਪ੍ਰੋਤਸਾਹਨ ਫਰੇਮਵਰਕ ਤਹਿਤ ਯੋਗ ਨਿਵੇਸ਼ਕ ਨੂੰ ਮਨਜ਼ੂਰਸ਼ੁਦਾ ਪ੍ਰੋਤਸਾਹਨ ਦੀ 50 ਫੀਸਦੀ ਰਕਮ ਪਹਿਲੇ ਸੱਤ ਕਾਰਜਕਾਰੀ ਦਿਨਾਂ ਵਿੱਚ, ਜਦਕਿ ਬਾਕੀ ਰਕਮ 45 ਦਿਨਾਂ ਦੇ ਅੰਦਰ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ। ਪਾਣੀ ਦੀ ਉਪਲਬਧਤਾ ਨਾਲ ਜੁੜੀ ਚੁਣੌਤੀ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਉਦਯੋਗਾਂ ਨੂੰ ਵੱਧ ਪਾਣੀ ਦੀ ਲੋੜ ਹੁੰਦੀ ਹੈ ਜਾਂ ਜਿੱਥੇ ਪਾਣੀ ਦੀ ਉਪਲਬਧਤਾ ਇੱਕ ਮਹੱਤਵਪੂਰਨ ਮੁੱਦਾ ਹੈ, ਉੱਥੇ ਪ੍ਰਾਜੈਕਟ ਦੀ ਲੋੜ ਦਾ ਪਹਿਲਾਂ ਹੀ ਮੁਲਾਂਕਣ ਕੀਤਾ ਜਾਂਦਾ ਹੈ। ਇਸ ਦੇ ਨਾਲ ਹੀ ਟਰੀਟਡ ਅਤੇ

ਬਾਕੀ ਸਫ਼ਾ 7 'ਤੇ

ਰੈਲ ਮਾਜਰਾ ਦੀ ਲੈਮਰੀਨ ਯੂਨੀਵਰਸਿਟੀ ਵਿਰੁੱਧ ਕਰਮਚਾਰੀਆਂ ਦਾ ਆਰ-ਪਾਰ ਦੇ ਅੰਦੋਲਨ 'ਚ ਕਿਸਾਨ-ਮਜ਼ਦੂਰ ਜਥੇਬੰਦੀਆਂ ਦਾ ਸਮਰਥਨ

ਦੇਸ਼ ਪ੍ਰਦੇਸ਼ ਬਲਾਚੌਰ, 5 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) : ਨੇੜਲੇ ਪਿੰਡ ਰੈਲ ਮਾਜਰਾ ਵਿਖੇ ਸਥਿਤ ਲੈਮਰੀਨ ਟੈਕਨੋਲੋਜੀਕਲ ਯੂਨੀਵਰਸਿਟੀ ਦੇ ਅਧਿਕਾਰੀਆਂ ਦੀਆਂ ਕਥਿਤ ਧੱਕੇਸ਼ਾਹੀਆਂ, ਮਨਮਾਨੀਆਂ ਅਤੇ ਨਾਦਰਸ਼ਾਹੀ ਰਵੱਈਏ ਵਿਰੁੱਧ ਯੂਨੀਵਰਸਿਟੀ ਦੇ ਕਰਮਚਾਰੀਆਂ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਵਿੱਢਿਆ ਲੜੀਵਾਰ ਸੰਘਰਸ਼ ਹੁਣ ਆਰ-ਪਾਰ ਦੀ ਲੜਾਈ ਵਿੱਚ ਤਬਦੀਲ ਹੋ ਗਿਆ ਹੈ। ਪ੍ਰਦਰਸ਼ਨਕਾਰੀ ਕਰਮਚਾਰੀਆਂ ਨੇ ਪ੍ਰਬੰਧਕਾਂ 'ਤੇ ਗੰਭੀਰ ਦੋਸ਼ ਲਾਉਂਦਿਆਂ ਸਪੱਸ਼ਟ ਕੀਤਾ ਕਿ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਲਗਾਤਾਰ ਵਿਦਿਆਰਥੀਆਂ ਅਤੇ ਸਟਾਫ਼ ਦਾ ਆਰਥਿਕ ਤੇ ਮਾਨਸਿਕ ਸ਼ੋਸ਼ਣ ਕੀਤਾ ਜਾ ਰਹਾ ਹੈ, ਜਿਸ ਨੂੰ ਹੁਣ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਰਕਾਰੀ ਜਾਂਚ ਦੌਰਾਨ ਠੋਸ ਸਬੂਤਾਂ ਸਮੇਤ ਨੰਗੀ ਕੀਤੀ ਜਾਵੇਗੀ ਯੂਨੀਵਰਸਿਟੀ ਦੀ ਪੋਲ ਅੰਦੋਲਨ ਦੀ ਅਗਵਾਈ ਕਰ ਰਹੇ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯੂਨੀਵਰਸਿਟੀ ਪ੍ਰਬੰਧਨ ਵਿਰੁੱਧ ਚਲਾਈ ਜਾ ਰਹੀ ਮੌਜੂਦਾ ਉੱਚ-ਪੱਧਰੀ ਪੜਤਾਲ ਦੌਰਾਨ ਪ੍ਰਬੰਧਕਾਂ ਦੀਆਂ ਤਮਾਮ ਗ਼ੈਰ-ਕਾਨੂੰਨੀ ਗਤੀਵਿਧੀਆਂ, ਵਿੱਤੀ ਅਨਿਯਮਿਤਤਾਵਾਂ ਅਤੇ ਸ਼ੋਸ਼ਣ ਦੀਆਂ ਖ਼ਬਰਾਂ ਨੂੰ ਪੂਰੇ ਠੋਸ ਸਬੂਤਾਂ ਤੇ ਦਸਤਾਵੇਜ਼ੀ ਤੱਥਾਂ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ। ਕੋਈ ਅਣਸੁਖਾਵੀਂ ਘਟਨਾ ਵਾਪਰੀ ਤਾਂ ਪ੍ਰਸ਼ਾਸਨ ਹੋਵੇਗਾ ਸਿੱਧਾ ਜ਼ਿੰਮੇਵਾਰ ਸੰਘਰਸ਼ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਗਠਿਤ ਕੀਤੀ ਗਈ ਸਾਂਝੀ ਸੰਘਰਸ਼ ਕਮੇਟੀ ਨੇ ਸਰਬਸੰਮਤੀ ਨਾਲ ਇੱਕ ਅਹਿਮ ਮਤਾ ਪਾਸ ਕਰਦਿਆਂ ਯੂਨੀਵਰਸਿਟੀ ਦੇ ਅੜੀਅਲ ਅਧਿਕਾਰੀਆਂ ਨੂੰ ਤਾੜਨਾ ਕੀਤੀ ਹੈ। ਕਮੇਟੀ ਨੇ ਸਾਫ਼ ਸ਼ਬਦਾਂ ਵਿੱਚ ਆਖਿਆ ਕਿ ਇਸ ਸ਼ਾਂਤਮਈ ਘੋਲ ਦੌਰਾਨ ਜੇਕਰ ਕਿਸੇ ਵੀ ਸੰਘਰਸ਼ੀ ਕਰਮਚਾਰੀ ਦਾ ਕੋਈ ਜਾਨੀ, ਮਾਲੀ ਜਾਂ ਮਾਨਸਿਕ ਨੁਕਸਾਨ ਹੁੰਦਾ ਹੈ, ਤਾਂ ਉਸ ਦੀ ਪੂਰੀ ਜ਼ਿੰਮੇਵਾਰੀ ਯੂਨੀਵਰਸਿਟੀ ਪ੍ਰਸ਼ਾਸਨ ਦੇ ਹੈਂਕੜਬਾਜ਼ ਰਵੱਈਏ ਦੀ ਹੋਵੇਗੀ। ਇਸ ਹੱਕੀ ਅੰਦੋਲਨ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦੋਂ ਇਲਾਕੇ

ਬਾਕੀ ਸਫ਼ਾ 7 'ਤੇ

ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਐਸਡੀਐਮ ਨੂੰ ਦਿੱਤਾ ਮੰਗ ਪੱਤਰ

ਦੇਸ਼ ਪ੍ਰਦੇਸ਼

ਜਲਾਲਾਬਾਦ, 5 ਅਕਤੂਬਰ (ਸੁਭਾਸ਼ ਸਿੰਘ) : ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਜਲਾਲਾਬਾਦ ਵੱਲੋਂ ਇੰਡੀਅਨ ਜਰਨਲਿਸਟ ਯੂਨੀਅਨ ਦੇ ਸੱਦੇ 'ਤੇ ਪੱਤਰਕਾਰਾਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਨੂੰ ਲੈ ਕੇ ਡਿਮਾਂਡ ਡੇ ਮਨਾਇਆ ਗਿਆ। ਇਸ ਮੌਕੇ ਜਲਾਲਾਬਾਦ ਦੇ ਪੱਤਰਕਾਰਾਂ ਨੇ ਇਕੱਠੇ ਹੋ ਕੇ ਐਸਡੀਐਮ ਦਫ਼ਤਰ ਪਹੁੰਚ ਕੀਤੀ ਅਤੇ ਪੱਤਰਕਾਰਾਂ ਦੀਆਂ ਵੱਖ-ਵੱਖ ਮੰਗਾਂ ਸਬੰਧੀ ਰਾਸ਼ਟਰਪਤੀ ਦੇ ਨਾਮ ਮੰਗ ਪੱਤਰ ਸੌਂਪਿਆ।ਐਸਡੀਐਮ ਦੇ ਮੀਟਿੰਗ ਵਿੱਚ ਜਾਣ ਕਾਰਨ ਯੂਨੀਅਨ ਵੱਲੋਂ ਦਿੱਤਾ ਗਿਆ ਮੰਗ ਪੱਤਰ ਉਨ੍ਹਾਂ ਦੇ ਸੁਪਰਡੈਂਟ ਰਾਮ ਰਤਨ ਨੇ ਪ੍ਰਾਪਤ ਕੀਤਾ। ਮੰਗ ਪੱਤਰ ਵਿੱਚ ਨਵੇਂ ਮੀਡੀਆ ਕਮਿਸ਼ਨ ਬੋਰਡ ਦਾ ਗਠਨ ਕਰਨ, ਪੱਤਰਕਾਰਾਂ ਦੀ ਸੁਰੱਖਿਆ ਲਈ ਕੇਂਦਰੀ ਪੱਧਰ 'ਤੇ ਕਾਨੂੰਨ ਬਣਾਉਣ ਅਤੇ ਰੱਦ ਕੀਤੇ ਵਰਕਿੰਗ ਜਰਨਲਿਸਟ ਐਕਟ ਅਧੀਨ ਪੱਤਰਕਾਰਾਂ ਦੇ ਕਾਨੂੰਨੀ ਹੱਕ ਬਹਾਲ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਟੋਨੀ ਛਾਬੜਾ ਅਤੇ ਕੁਲਦੀਪ ਸਿੰਘ ਬਰਾੜ ਨੇ ਕਿਹਾ ਕਿ ਡਿਜੀਟਲ ਪੱਤਰਕਾਰਾਂ 'ਤੇ ਵੱਧ ਰਹੀ ਸਰੀਰਕ ਹਿੰਸਾ ਅਤੇ ਕੰਮ ਦੌਰਾਨ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਰੋਕਣ ਲਈ ਕੇਂਦਰੀ ਸੁਰੱਖਿਆ ਕਾਨੂੰਨ ਬਣਾਉਣਾ ਜ਼ਰੂਰੀ ਹੈ। ਉਨ੍ਹਾਂ ਗਰਾਊਂਡ ਪੱਧਰ 'ਤੇ ਕੰਮ ਕਰਦੇ ਪੱਤਰਕਾਰਾਂ ਨੂੰ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਦੇਣ ਅਤੇ ਸਰਕਾਰੀ ਰੇਟਾਂ 'ਤ

ਬੇਰੁਜ਼ਗਾਰ ਲਾਇਬ੍ਰੇਰੀਅਨ ਫਰੰਟ ਪੰਜਾਬ ਨੂੰ ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਨਾਲ 6ਅਕਤੂਬਰ ਦੀ ਮੀਟਿੰਗ ਮਿਲੀ

ਦਿੜ੍ਹਬਾ ਮੰਡੀ, 5 ਅਕਤੂਬਰ (ਜਸਵੀਰ ਸਿੰਘ): ਗਾਂਧੀ ਜਯੰਤੀ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਥਾਨਕ ਕੋਠੀ ਦਾ ਘਿਰਾਓ ਕਰਨ ਪਹੁੰਚੇ ਬੇਰੁਜ਼ਗਾਰ ਲਾਇਬਰੇਰੀਅਨ ਤੇ ਪ੍ਰਸ਼ਾਸਨ ਵਿਚਕਾਰ ਲੰਬੀ ਜੱਦੋ ਜਹਿਦ ਚੱਲੀ ਬੇਰੁਜ਼ਗਾਰ ਲਾਇਬ੍ਰੇਰੀਅਨ ਫਰੰਟ ਪੰਜਾਬ ਦੀ ਅਗਵਾਈ ਸੂਬਾ ਪ੍ਰਧਾਨ ਰਾਜ ਸਿੰਘ ਭਦੌੜ ਤੇ ਮੀਤ ਪ੍ਰਧਾਨ ਭੁਪਿੰਦਰ ਸਿੰਘ ਦਿੜ੍ਹਬਾ ਦੀ ਅਗਵਾਈ ਵਿੱਚ ਸਥਾਨਕ ਵੇਰਕਾ ਪਲਾਂਟ ਸੰਗਰੂਰ ਵਿਖੇ ਇਕੱਠੇ ਹੋਏ ਬੇਰੁਜ਼ਗਾਰ ਲਾਇਬਰੇਰੀਅਨ ਯੂਨੀਅਨ ਨੇ ਦੁਪਹਿਰ ਬਾਅਦ ਮੁੱਖ ਮੰਤਰੀ ਦੀ ਕੋਠੀ ਵੱਲ ਨੂੰ ਮਾਰਚ ਸ਼ੁਰੂ ਕਰ ਦਿੱਤਾ ਪ੍ਰਸ਼ਾਸਨ ਵੱਲੋਂ ਬੇਰੁਜ਼ਗਾਰਾਂ ਨੂੰ ਰੋਕਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਜਦੋਂ ਬੇਰੁਜ਼ਗਾਰਾਂ ਨੇ ਅੱਗੇ ਵਧਣਾ ਸ਼ੁਰੂ ਕੀਤਾ ਪ੍ਰਸ਼ਾਸਨ ਤੇ ਬੇਰੁਜ਼ਗਾਰਾਂ ਵਿਚਕਾਰ ਲੰਬੀ ਜੱਦੋ ਜਹਿਦ ਚੱਲੀ ਤੇ ਧੱਕਾ ਮੁੱਕੀ ਹੋਈ ਬੇਰੁਜ਼ਗਾਰ ਇਸ ਮੰਗ ਉੱਤੇ ਅੜੇ ਰਹੇ ਕਿ ਉਹਨਾਂ ਦੀ ਮੀਟਿੰਗ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਕਰਵਾਈ ਜਾਵੇ ਕਿਉਂਕਿ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ 10 ਅਗਸਤ ਨੂੰ ਵਿਧਾਨ ਸਭਾ ਦੇ ਸਵਾਲ ਨੰਬਰ 1923 ਦੇ ਅਨੁਸਾਰ ਉਨਾਂ ਜਵਾਬ ਦਿੱਤਾ ਸੀ ਕਿ ਸਕੂਲ ਲਾਇਬਰੇਰੀਅਨ 785 ਪੋਸਟਾਂ ਦਾ ਇਸ਼ਤਿਹਾਰ ਅਗਸਤ ਮਹੀਨੇ ਅਖੀਰ ਤੱਕ ਜਾਰੀ ਕਰ ਦਿੱਤਾ ਜਾਵੇਗਾ ਪਰ ਅਜੇ ਤੱਕ ਉਹ ਵਾਅਦਾ ਵਫਾ ਨਹੀਂ ਹੋਇਆ ਬੇਰੁਜ਼ਗਾਰ ਲਾਇਬ੍ਰੇਰੀਅਨ ਦੀ ਮੰਗ ਹੈ ਕਿ ਇਸ ਮਹੀਨੇ ਇਸ਼ਤਿਹਾਰ ਜਾਰੀ ਕੀਤਾ ਜਾਵੇ ਤੇ ਦਸੰਬਰ ਮਹੀਨੇ ਤੱਕ ਮੌਜੂਦਾ ਸਰਕਾਰ ਦੇ ਹੁੰਦੇ ਹੋਏ ਭਰਤੀ ਪੂਰੀ ਕੀਤੀ ਜਾਵੇ ਸੂਬਾ ਪ੍ਰਧਾਨ ਰਾਜ ਸਿੰਘ ਭਦੌੜ ਨੇ ਦੱਸਿਆ ਕਿ ਪੁਲਿਸ ਪ੍ਰਸ਼ਾਸਨ ਵੱਲੋਂ ਬੇਰੁਜ਼ਗਾਰਾਂ ਨਾਲ ਗੱਲਬਾਤ ਜਾਰੀ ਰੱਖੀ ਗਈ ਤੇ 6ਅਕਤੂਬਰ ਨੂੰ ਪੰਜਾਬ ਮੁੱਖ ਮੰਤਰੀ ਨਿਵਾਸ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ,ਸਿੱਖਿਆ ਸਕੱਤਰ , ਪਰਸੋਨਲ ਸਕੱਤਰ, ਸਿਹਤ ਸਕੱਤਰ ਨਾਲ ਬੇਰੁਜ਼ਗਾਰਾਂ ਦੀ ਪੈਨਲ ਮੀਟਿੰਗ ਨਿਸ਼ਚਿਤ ਕਰਵਾਈ ਗਈ ਇਸ ਭਰੋਸੇ ਤੇ ਬੇਰੁਜ਼ਗਾਰ ਲਾਇਬ੍ਰੇਰੀਅਨ ਪੰਜਾਬ ਵੱਲੋਂ ਧਰਨਾ ਸਮਾਪਤ ਕਰ ਦਿੱਤਾ ਗਿਆ ਇਸ ਸਮੇਂ ਜਿਲਾ ਕਨਵੀਨਰ ਰਿਕੂ ਮਾਨਸਾ, ਅਜੈਬ ਸਿੰਘ ਗੁਰਦੀਪ ਸਿੰਘ ਗਗਨਦੀਪ ਸਿੰਘ ਮਨਕਰਨ ਸਿੰਘ ਗੁਰਦੀਪ ਸਿੰਘ, ਹਰਦੀਪ ਸਿੰਘ, ਹਰਜਿੰਦਰ ਸਿੰਘ ਮਨਪ੍ਰੀਤ ਸਿੰਘ,ਗੁਰਸ਼ਰਨ ਕੌਰ ਅਮਨਦੀਪ ਕੌਰ, ਕੁਲਦੀਪ ਕੌਰ ਨਾਭਾ, ਬੇਅੰਤ ਕੌਰ, ਕਮਲਜੀਤ ਕੌਰ, ਸੰਦੀਪ ਕੌਰ,ਸਰਬਜੀਤ ਕੌਰ, ਸੋਨਾਲੀ ਅਭੈ ਕੰਬੋਜ ਆਦਿ ਸਮੂਹ ਮੈਂਬਰ ਸਾਹਿਬਾਨ ਹਾਜ਼ਰ ਸਨ

ਕਾਂਗਰਸ ਦੀ ਨਵੀਂ ਅਗਵਾਈ 'ਚ ਪਾਰਟੀ 2027 ਦਾ ਪੰਜਾਬ ਦਾ ਟੀਚਾ ਸਰ ਕਰੇਗੀ : ਗਰੇਵਾਲ

ਸਾਹਨੇਵਾਲ, 5 ਅਕਤੂਬਰ (ਸਰਬਜੀਤ ਸੂਫ਼ੀ): ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਦੀ ਨਿਯੁਕਤੀ ਨੂੰ ਪਾਰਟੀ ਲਈ ਅਹਿਮ ਕਦਮ ਕਰਾਰ ਦਿੰਦਿਆਂ ਵਿਧਾਨ ਸਭਾ ਹਲਕਾ ਸਾਹਨੇਵਾਲ ਤੋਂ ਕਾਂਗਰਸ ਦੇ ਸੀਨੀਅਰ ਆਗੂ, ਸਾਬਕਾ ਮਾਰਕੀਟ ਕਮੇਟੀ ਚੇਅਰਮੈਨ ਤੇ ਸਾਬਕਾ ਕੌਂਸਲਰ ਪਾਲ ਸਿੰਘ ਗਰੇਵਾਲ ਨੇ ਉਨ੍ਹਾਂ ਨੂੰ ਵਧਾਈ ਦਿੱਤੀ। ਗਰੇਵਾਲ ਨੇ ਕਿਹਾ ਕਿ ਪਰਗਟ ਸਿੰਘ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਨੂੰ ਨਵੀਂ ਊਰਜਾ ਮਿਲਣ ਦੇ ਨਾਲ-ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਨੂੰ ਗਤੀ ਮਿਲੇਗੀ। ਪਾਲ ਸਿੰਘ ਗਰੇਵਾਲ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਕਾਂਗਰਸ ਲਈ ਸਭ ਤੋਂ ਵੱਡੀ ਲੋੜ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਇਕਜੁੱਟ ਕਰਕੇ ਲੋਕਾਂ ਨਾਲ ਸਿੱਧਾ ਸੰਪਰਕ ਹੋਰ ਮਜ਼ਬੂਤ ਕਰਨ ਦੀ ਹੈ। ਉਨ੍ਹਾਂ ਕਿਹਾ ਕਿ ਨਵੀਂ ਅਗਵਾਈ ਤੋਂ ਵਰਕਰਾਂ ਨੂੰ ਵੀ ਨਵਾਂ ਉਤਸ਼ਾਹ ਮਿਲੇਗਾ ਅਤੇ ਪਾਰਟੀ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਮਜ਼ਬੂਤੀ ਨਾਲ ਅੱਗੇ ਵਧੇਗੀ 2027 ਵਿੱਚ ਪੰਜਾਬ ਵਿੱਚ ਸਰਕਾਰ ਬਣਾਵੇਗੀ ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਕਾਂਗਰਸ ਦੀਆਂ ਨੀਤੀਆਂ ਅਤੇ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਸਰਗਰਮੀ ਹੋਰ ਤੇਜ਼ ਕੀਤੀ ਜਾਵੇਗੀ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕੀਤਾ ਜਾਵੇਗਾ।

ਦਾਣਾ ਮੰਡੀ ਕੋਟ ਈਸੇ ਖਾਂ 'ਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ : ਵਿਧਾਇਕ ਦੋਸ

ਕੋਟ ਈਸੇ ਖਾਂ, 5 ਅਕਤੂਬਰ (ਸੰਜੀਵ ਸੂਦ): ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਦਾਣਾ ਮੰਡੀ ਕੋਟ ਈਸੇ ਖਾਂ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਗਈ। ਇਸ ਦੇ ਨਾਲ ਹੀ ਉਹਨਾਂ ਵੱਲੋਂ ਖਰੀਦ ਪ੍ਰਬੰਧਾਂ ਤੇ ਮੰਡੀਆਂ 'ਚ ਝੋਨੇ ਦੀ ਫਸਲ ਦੀ ਆਮਦ ਨੂੰ ਲੈ ਕੇ ਕੀਤੇ ਗਏ ਹੋਰਨਾਂ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਗਿਆ। ਇਸ ਮੌਕੇ ਮਾਰਕੀਟ ਕਮੇਟੀ ਸਕੱਤਰ, ਮੰਡੀ ਸੁਪਰਵਾਈਜ਼ਰ, ਖਰੀਦ ਏਜੰਸੀਆਂ ਦੇ ਇੰਸਪੈਕਟਰ ਤੇ ਮਾਰਕੀਟ ਕਮੇਟੀ ਦਾ ਹੋਰ ਸਟਾਫ ਵੀ ਮੌਜੂਦ ਰਿਹਾ। ਖਰੀਦ ਸ਼ੁਰੂ ਕਰਵਾਉਣ ਤੋਂ ਪਹਿਲਾਂ ਮਾਰਕੀਟ ਕਮੇਟੀ ਦਫਤਰ ਕੋਟ ਈਸੇ ਖਾਂ ਵਿਖੇ ਆੜਤੀਆਂ ਕਿਸਾਨਾਂ ਨਾਲ ਹੋਈ ਬੈਠਕ ਦੌਰਾਨ ਆੜਤੀਆਂ ਵੱਲੋਂ ਮੰਡੀ ਦੇ ਸੀਵਰੇਜ ਤੇ ਕੰਡੇ ਨੂੰ ਲੈ ਕੇ ਕੁਝ ਮੁਸ਼ਕਲਾਂ ਧਿਆਨ ਵਿੱਚ ਲਿਆਂਦੀਆਂ ਗਈਆਂ, ਜਿਸ ਦਾ ਤੁਰੰਤ ਨੋਟਿਸ ਲੈਂਦਿਆਂ ਉਹਨਾਂ ਵੱਲੋਂ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਨੇ ਕਿਹਾ ਕਿ ਮੰਡੀਆਂ 'ਚ ਝੋਨੇ ਦੇ ਸੀਜਨ ਦੌਰਾਨ ਕਿਸਾਨਾਂ ਆੜਤੀਆਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਉਹਨਾਂ ਕਿਹਾ ਕਿ ਕਿਸਾਨ ਵੀਰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਨਾਲ ਦੀ ਨਾਲ ਖਰੀਦ ਹੋ ਸਕੇ। ਉਹਨਾਂ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਵੱਲੋਂ ਫਸਲਾਂ ਦੇ ਹਰ ਸੀਜਨ ਵਿੱਚ ਅਗਾਊਂ ਧਿਆਨ ਦਿੱਤਾ ਜਾਂਦਾ ਹੈ ਤਾਂ ਜੋ ਕੋਈ ਮੁਸ਼ਕਿਲ ਮੌਕੇ 'ਤੇ ਨਾ ਆਵੇ। ਇਸ ਮੌਕੇ ਅਮਨ ਪੰਡੋਰੀ ਚੇਅਰਮੈਨ ਮਾਰਕੀਟ ਕਮੇਟੀ, ਨਗਰ ਪੰਚਾਇਤ ਪ੍ਰਧਾਨ ਸਚਿਨ ਧੀਰ, ਆੜਤੀ ਯੂਨੀਅਨ ਦੇ ਪ੍ਰਧਾਨ ਗੁਰਦੇਵ ਸਿੰਘ ਨਿਹਾਲਗੜ੍ਹ, ਸਰਪੰਚ ਤੇ ਬਲਾਕ ਪ੍ਰਧਾਨ ਅਮਨ ਕਾਦਰਵਾਲਾ, ਜਗੀਰ ਛਾਬੜਾ ਸੀਨੀਅਰ ਮੀਤ ਪ੍ਰਧਾਨ ਆੜਤੀ ਯੂਨੀਅਨ, ਪ੍ਰਿੰਸ ਸਦਿਓੜਾ, ਡਾ. ਸੁਰਿੰਦਰਪਾਲ ਸਿੰਘ ਲਾਡੀ, ਆੜਤੀ ਮੇਜਰ ਸਿੰਘ ਸ਼ਾਦੀਵਾਲਾ, ਸੱਤ ਸ਼ਾਦੀਵਾਲਾ, ਸਰਪੰਚ ਸਤਵੰਤ ਸਿੰਘ ਭੋਲਾ, ਕੌਂਸਲਰ ਸੁੱਚਾ ਸਿੰਘ ਪੁਰਬਾ, ਆੜਤੀ ਵਿਜੇ ਜੁਨੇਜਾ, ਬਿੱਲਾ ਤਨੇਜਾ, ਅਜੇ ਕਪੂਰ, ਸੁਭਾਸ਼ ਛਾਬੜਾ, ਬਿਕਰਮ ਸ਼ਰਮਾ, ਕੌਂਸਲਰ ਜਰਨੈਲ ਰਾਜਪੂਤ, ਸੁਖਦੇਵ ਸਿੰਘ ਨਿਹਾਲਗੜ੍ਹ ਰਮੇਸ਼ ਕੋਛੜ ਪ੍ਰਿੰਸ ਆਦਿ ਹਾਜ਼ਰ ਸਨ।

'ਆਪ' ਸਰਕਾਰ ਦੇ ਰਾਜ ਵਿੱਚ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ਾਂ 'ਤੇ ਹਾਈਕੋਰਟ ਦਾ ਫੈਸਲਾ ਸਰਕਾਰ ਲਈ ਵੱਡਾ ਸਵਾਲ, ਹੁਣ 329 ਸੱਚ ਸਾਹਮਣੇ ਲਿਆਵੇ: ਸਿਮਰ ਪ੍ਰਤਾਪ ਸਿੰਘ

ਬਰਨਾਲਾ, 5 ਅਕਤੂਬਰ (ਅਵਤਾਰ ਸਿੰਘ ਫਰਵਾਹੀ): ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਅੱਜ ਪੰਜਾਬ ਵਿੱਚ ਉੱਚ ਅਹੁਦਿਆਂ 'ਤੇ ਬੈਠੇ ਸਰਕਾਰੀ ਅਧਿਕਾਰੀਆਂ ਨਾਲ ਸਬੰਧਤ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ਾਂ ਦੀ ਜਾਂਚ 329 ਨੂੰ ਸੌਂਪਣ ਅਤੇ FIR ਦਰਜ ਕਰਨ ਦੇ ਹੁਕਮ ਦੇਣਾ ਬਹੁਤ ਗੰਭੀਰ ਮਾਮਲਾ ਹੈ। ਐਡਵੋਕੇਟ ਸਿਮਰ ਪ੍ਰਤਾਪ ਸਿੰਘ ਬਰਨਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ "ਕੱਟੜ ਇਮਾਨਦਾਰ"ਸਰਕਾਰ ਦੱਸਦੀ ਰਹੀ ਹੈ, ਪਰ ਅੱਜ ਹਾਈਕੋਰਟ ਦੇ ਫੈਸਲੇ ਨੇ ਸਰਕਾਰ ਦੇ ਪ੍ਰਸ਼ਾਸਨਿਕ ਤੰਤਰ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਹਾਈਕੋਰਟ ਨੇ 54 ਵੱਲੋਂ ਪੰਜਾਬ ਪੁਲਿਸ ਨੂੰ ਦਿੱਤੀ ਜਾਣਕਾਰੀ ਨੂੰ ਗੰਭੀਰ ਮੰਨਿਆ ਅਤੇ ਕਿਹਾ ਕਿ ਇਸ ਵਿੱਚ ਟ ?ਰਾਂਸਫਰ-ਪੋਸਟਿੰਗ, ਸਰਕਾਰੀ ਨੀਤੀਆਂ, ਟੈਂਡਰਾਂ, ਲਾਇਸੈਂਸਾਂ ਅਤੇ ਸਰਕਾਰੀ ਫੈਸਲਿਆਂ ਵਿੱਚ ਦਖ਼ਲਅੰਦਾਜ਼ੀ ਅਤੇ ਕਥਿਤ ਭੁਗਤਾਨਾਂ ਨਾਲ ਜੁੜੇ ਮਾਮਲੇ ਸਾਹਮਣੇ ਆਉਂਦੇ ਹਨ। ਪੰਜਾਬ ਦਾ ਪੈਸਾ ਪੰਜਾਬ ਦੇ ਲੋਕਾਂ ਦਾ ਹੈ। ਜੇਕਰ ਜਾਂਚ ਵਿੱਚ ਇਹ ਸਾਬਤ ਹੁੰਦਾ ਹੈ ਕਿ ਕਿਸੇ ਵੀ ਅਧਿਕਾਰੀ, ਸਿਆਸੀ ਵਿਅਕਤੀ ਜਾਂ ਵਿਚੋਲੇ ਨੇ ਸਰਕਾਰੀ ਅਹੁਦੇ ਦੀ ਦੁਰਵਰਤੋਂ ਕਰਕੇ ਪੰਜਾਬ ਦੇ ਖ਼ਜ਼ਾਨੇ ਜਾਂ ਲੋਕਾਂ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਇਆ ਹੈ, ਤਾਂ 329 ਨੂੰ ਕਿਸੇ ਵੀ ਪੱਧਰ 'ਤੇ ਕੋਈ ਰਿਆਇਤ ਨਹੀਂ ਦੇਣੀ ਚਾਹੀਦੀ। ਦੋਸ਼ੀਆਂ ਦੀ ਪਛਾਣ ਹੋਵੇ, FIR ਹੋਵੇ, ਗ੍ਰਿਫ਼ਤਾਰੀ ਹੋਵੇ ਅਤੇ ਪੰਜਾਬ ਦੇ ਪੈਸੇ ਦੀ ਇੱਕ-ਇੱਕ ਪਾਈ ਦਾ ਹਿਸਾਬ ਲਿਆ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਇਹ ਮਾਮਲਾ ਕਿਸੇ ਇੱਕ ਵਿਅਕਤੀ ਜਾਂ ਇੱਕ ਵਿਭਾਗ ਤੱਕ ਸੀਮਿਤ ਨਹੀਂ ਰਹਿਣਾ ਚਾਹੀਦਾ। ਜੋ ਵੀ ਵਿਅਕਤੀ ਇਸ ਕਥਿਤ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਪਾਇਆ ਜਾਂਦਾ ਹੈ—ਚਾਹੇ ਉਹ ਅਫ਼ਸਰ ਹੋਵੇ, ਸਿਆਸੀ ਵਿਅਕਤੀ ਹੋਵੇ ਜਾਂ ਵਿਚੋਲਾ—ਕਾਨੂੰਨ ਅਨੁਸਾਰ ਉਸਦੇ ਖ ?ਲਾਫ਼ ਕਾਰਵਾਈ ਹੋਣੀ ਚਾਹੀਦੀ ਹੈ। "ਹੁਣ ਪੰਜਾਬ ਦੇ ਲੋਕਾਂ ਨੂੰ ਬਿਆਨ ਨਹੀਂ, ਨਿਰਪੱਖ ਜਾਂਚ, ਜ਼ਿੰਮੇਵਾਰੀ ਅਤੇ ਨਤੀਜਾ ਚਾਹੀਦਾ ਹੈ,"

ਕੌਮੀ ਔਸਤ ਨੂੰ ਪਿੱਛੇ ਛੱਡਦੇ ਹੋਏ ਸਿੱਖਿਆ ਦੇ ਖੇਤਰ ਵਿਚ ਪੰਜਾਬ ਦੀਆਂ ਕੁੜੀਆਂ ਦੀ ਸੈਕੰਡਰੀ ਪੱਧਰ 'ਤੇ ਦਾਖ਼ਲਾ ਦਰ 96.5 ਫ਼ੀਸਦੀ ਤੱਕ ਪੁੱਜੀ

ਪਟਿਆਲਾ, 5 ਅਕਤੂਬਰ (ਰਾਜਿੰਦਰ ਸਿੰਘ ਥਿੰਦ): ਕੌਮੀ ਔਸਤ ਨੂੰ ਪਛਾੜਦੇ ਹੋਏ ਪੰਜਾਬ ਦੀਆਂ ਕੁੜੀਆਂ ਦੀ ਸੈਕੰਡਰੀ ਪੱਧਰ ਤੇ ਦਾਖਲਾ ਦਰ 96.5 ਫੀਸਦੀ ਤੱਕ ਪਹੁੰਚ ਗਈ ਹੈ ਬੇਟੀ ਬਚਾਓ ਬੇਟੀ ਪੜ੍ਹਾਓ ਯੋਜਨਾ ਤਹਿਤ 100 ਫੀਸਦੀ ਫੰਡਾਂ ਦੇ ਬਾਵਜੂਦ ਸੂਬੇ ਅੰਦਰ ਪ੍ਰਸ਼ਾਨਿਕ ਕਾਰਵਾਈ ਤੇ ਜਮੀਨੀ ਹਕੀਕਤ ਅੱਜ ਸਵਾਲਾਂ ਦੇ ਘੇਰੇ ਵਿੱਚ ਹੈ! ਪੰਜਾਬ ਅੰਦਰ ਕੰਨਿਆ ਭਰੂਣ ਹੱਤਿਆ, ਲਿੰਗ ਅਨੁਪਾਤ ਅਤੇ ਕੁੜੀਆਂ ਦੀ ਸਿੱਖਿਆ ਨੂੰ ਲੈ ਕੇ ਕੇਂਦਰ ਤੇ ਸੂਬਾ ਸਰਕਾਰ ਦੇ ਦਾਅਵਿਆਂ ਦੀ ਅਸਲੀਅਤ ਇਕ ਸਰਕਾਰੀ ਦਸਤਾਵੇਜ਼ ਰਾਹੀਂ ਸਾਹਮਣੇ ਆਈ ਹੈ। 31 ਜੁਲਾਈ 2026 ਨੂੰ ਕੇਂਦਰੀ ਮੰਤਰਾਲੇ ਵਲੋਂ ਜਾਰੀ ਕੀਤੇ ਗਏ ਦਸਤਾਵੇਜ਼ ਅਨੁਸਾਰ ਸਰਕਾਰ ਨੇ ਪੰਜਾਬ ਵਿਚ ਕੁੜੀਆਂ ਦੀ ਸਥਿਤੀ ਸੁਧਰਨ ਦੇ ਵੱਡੇ ਦਾਅਵੇ ਕੀਤੇ ਹਨ। ਪਰ ਜਦੋਂ ਇਸ ਰਿਪੋਰਟ ਦਾ ਬਰੀਕੀ ਨਾਲ ਅਧਿਐਨ ਕੀਤਾ ਜਾਂਦਾ ਹੈ, ਤਾਂ ਪ੍ਰਸ਼ਾਸਨਿਕ ਪੱਧਰ ਤੇ ਕਈ ਵਿਰੋਧਾਭਾਸ ਅਤੇ ਸਵਾਲ ਉੱਭਰ ਕੇ ਸਾਹਮਣੇ ਆਉਂਦੇ ਹਨ। ਸੂਤਰਾਂ ਅਨੁਸਾਰ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਧੀਆਂ ਦੀ ਸੁਰੱਖਿਆ ਦੇ ਮੁੱਦੇ 'ਤੇ ਅਸਲੀਅਤ ਨੂੰ ਛੁਪਾਇਆ ਜਾ ਰਿਹਾ ਹੈ। ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿਚ ਕੰਨਿਆ ਭਰੂਣ ਹੱਤਿਆ, ਡਿੱਗਦਾ ਬਾਲ ਲਿੰਗ ਅਨੁਪਾਤ ਅਤੇ ਕੁੜੀਆਂ ਦੀ ਸਿੱਖਿਆ ਵਿਚ ਅਸਮਾਨਤਾ ਅਜੇ ਵੀ ਗੰਭੀਰ ਹੋਣਾ ਚਿੰਤਾ ਦਾ ਵਿਸ਼ਾ ਬਣੇ ਹੋਏ ਹਨ। ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਦੇ ਰਾਜ ਮੰਤਰੀ ਸ੍ਰੀਮਤੀ ਸਾਵਿਤਰੀ ਠਾਕੁਰ ਵਲੋਂ ਪੇਸ਼ ਰਿਪੋਰਟ ਵਿਚ ਕਈ ਪ੍ਰਸ਼ਾਸਨਿਕ ਕਮੀਆਂ ਸਾਫ਼ ਦਿਖਾਈ ਦਿੰਦੀਆਂ ਹਨ। ਰਿਪੋਰਟ ਅਨੁਸਾਰ ਧੀਆਂ ਦਾ ਜਨਮ ਸਮੇਂ ਲਿੰਗ 2 ਤੋਂ ਵਧ ਕੇ 922 ਹੋਇਆ, ਕੇਂਦਰੀ ਵਲੋਂ ਜ਼ਿਲ੍ਹੇਵਾਰ ਅੰਕੜੇ ਛਪਾਉਣਾ ਹੈਰਾਨਕੁੰਨ ਹੈ ਸਰਕਾਰ ਵਲੋਂ ਇਹ ਨਾ ਦੱਸਣਾ ਕਿ ਕਿਹੜੇ ਜ਼ਿਲ੍ਹਿਆਂ ਵਿਚ ਲਿੰਗ ਅਨੁਪਾਤ ਦੀ ਸਥਿਤੀ ਨਾਜ਼ੁਕ ਹੈ, ਸਰਕਾਰੀ ਪਾਰਦਰਸ਼ਤਾ 'ਤੇ ਇਕ ਵੱਡਾ ਸਵਾਲ ਖੜ੍ਹਾ ਕਰਦਾ ਹੈ। ਕੀ ਸਰਕਾਰ ਜਾਣਬੁੱਝ ਕੇ ਉਨ੍ਹਾਂ ਜ਼ਿਲ੍ਹਿਆਂ ਦੀ ਅਸਫਲਤਾ ਅਸਫਲਤਾ ਨੂੰ ਨੂੰ ਛੁਪਾਉਣਾ ਛੁਪਾਉਣ ਚਾਹੁੰਦੀ ਹੈ ਜਿੱਥੇ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਜ਼ਮੀਨੀ ਪੱਧਰ 'ਤੇ ਪ੍ਰਭਾਵ ਨਹੀਂ ਛੱਡ ਸਕੀ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਹੈਲਥ ਮੈਨੇਜਮੈਂਟ ਇਨਫੋਰਮੇਸ਼ਨ ਸਿਸਟਮ ਦੀ ਤਾਜ਼ਾ ਰਿਪੋਰਟ ਦੇ ਹਵਾਲੇ ਨਾਲ ਸਰਕਾਰ ਨੇ ਦਾਅਵਾ ਕੀਤਾ ਹੈ ਕਿ ਲਿੰਗ ਅਨੁਪਾਤ ਵਿਚ ਭਾਰੀ ਸੁਧਾਰ ਹੋਇਆ ਹੈ।

ਪਿਓ ਪੁੱਤਰ ਦੀ ਜੋੜੀ ਨੇ ਕਾਂਗਰਸ ਸੂਬਾ ਪ੍ਰਧਾਨ ਪ੍ਰਗਟ ਸਿੰਘ ਨਾਲ ਕੀਤੀ ਮੁਲਾਕਾਤ

ਪਟਿਆਲਾ, 5 ਨਵੰਬਰ (ਰਾਜਿੰਦਰ ਥਿੰਦ): ਪੰਜਾਬ ਯੂਥ ਕਾਂਗਰਸ ਦੇ ਪਟਿਆਲਾ ਜਿਲੇ ਦੇ ਪ੍ਰਧਾਨ ਅਰਸ਼ਦੀਪ ਸਿੰਘ ਮੱਲ ਅਤੇ ਸਨੌਰ ਹਲਕੇ ਦੇ ਸੀਨੀਅਰ ਆਗੂ ਬਲਿਹਾਰ ਸਿੰਘ ਸਮੱਸਪੁਰ ਨੇ ਪੰਜਾਬ ਪ੍ਰਦੇ

ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਹਰਜੀਤ ਸਿੰਘ ਗਰੇਵਾਲ ਹੋਏ ਸ੍ਰੀ ਰਾਮ ਮੰਦਰ ਖਰੜ ਵਿਖੇ ਨਤਮਸਤਕ

ਸ਼ਸ਼ੀ ਪਾਲ ਜੈਨ

ਖਰੜ 5 ਅਕਤੂਬਰ,-ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਹਰਜੀਤ ਸਿੰਘ ਗਰੇਵਾਲ ਬੀਤੀ ਸ਼ਾਮ ਖਰੜ ਵਿਖੇ ਸ੍ਰੀ ਰਾਮ ਮੰਦਰ ਵਿਖੇ ਪਹੁੰਚੇ ਅਤੇ ਨਤਮਸਤਕ ਹੋਏ। ਉਨਾਂ ਨਾਲ ਸੈਂਟਰ ਯੂਨੀਵਰਸਿਟੀ ਧਰਮਸ਼ਾਲਾ ਦੇ ਸਾਬਕਾ ਵਾਈਸ ਚਾਂਸਲਰ ਡਾ. ਕੁਲਦੀਪ ਚੰਦ ਅਗਨੀਹੋਤਰੀ ਅਤੇ ਉਸੇ ਯੂਨੀਵਰਸਿਟੀ ਦੇ ਪ੍ਰੋਫੈਸਰ ਡਾ. ਅਰੁਣ ਕੁਮਾਰ ਨਿਵਾਸੀ ਨਰਾਇਣਗੜ ਵੀ ਮੌਜੂਦ ਸਨ। ਉਨਾਂ ਭਗਵਾਨ ਸ੍ਰੀ ਰਾਮ ਚੰਦਰ ਜੀ ਦੇ ਦਾਦਾ ਜੀ ਮਹਾਰਾਜਾ ਅੱਜ ਨਾਲ ਸਬੰਧਤ, ਸਰੋਵਰ ਮਹਾਰਾਜਾ ਅੱਜ ਸਰੋਵਰ ਜਿਸ ਦੇ ਕਿਨਾਰੇ ਇਹ ਵਿਸ਼ਾਲ ਮੰਦਰ ਬਣਾਇਆ ਗਿਆ ਹੈ, ਸਬੰਧੀ ਵੀ ਪੂਰੀ ਜਾਣਕਾਰੀ ਪ੍ਰਾਪਤ ਕੀਤੀ। ਉਨਾਂ ਇਸ ਸਥਾਨ ਨੂੰ ਸੰਭਾਲਣ ਅਤੇ ਇਥੇ ਵਿਕਾਸ ਕਰਨ ਲਈ ਖਰੜ ਸ਼ਹਿਰ ਦੇ ਵਸਨੀਕਾਂ ਦੀ ਸਾਲਾਘਾ ਕੀਤੀ ਅਤੇ ਕਿਹਾ ਕਿ ਜੋ ਲੋਕ ਆਪਣੇ ਇਤਿਹਾਸ ਨੂੰ ਨਹੀਂ ਸੰਭਾਲਦੇ, ਉਹ ਰੁੱਲ ਜਾਂਦੇ ਹਨ। ਉਨਾਂ ਕਿਹਾ ਕਿ ਕੌਮਾਂ ਨੂੰ ਜਿੱਥੇ ਆਪਣੀ ਵਿਰਾਸਤ ਨੂੰ ਸੰਭਾਲਣਾ ਚਾਹੀਦਾ ਹੈ, ਉਥੇ ਉਨਾਂ ਤੇ ਫਖਰ ਵੀ ਕਰਨਾ ਚਾਹੀਦਾ ਹੈ। ਉਨਾਂ ਇਸ ਮੌਕੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਕੰਮਕਾਰ ਸਬੰਧੀ ਵੀ ਲੋਕਾਂ ਨੂੰ ਜਾਣਕਾਰੀ ਦਿੱਤੀ। ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਕੁਲਦੀਪ ਚੰਦ ਅਗਨੀਹੋਤਰੀ ਨੇ ਕਿਹਾ ਕਿ ਇਸ ਤਾਲਾਬ ਦੀ ਉਸਾਰੀ ਉਸ ਸਮੇਂ ਹੋਈ ਜਦੋਂ ਮਹਾਰਾਜਾ ਅੱਜ ਸ੍ਰੀ ਦਸ਼ਰਥ ਜੀ ਦੀ ਸ਼ਾਦੀ ਦੇ ਸਬੰਧ ਵਿਚ ਜਾਂਦੇ ਹੋਏ ਇਥੇ ਠਹਿਰੇ ਕਿਉਂਕਿ ਮਾਤਾ ਕੁਸੱਲਿਆ ਪਟਿਆਲਾ ਨਜ਼ਦੀਕ ਘੜਾਮ ਨਾਲ ਸਬੰਧਤ ਰੱਖਦੇ ਸਨ। ਇਹ ਆਮ ਚਰਚਾ ਹੈ ਕਿ ਉਨਾਂ ਨੇ ਇਲਾਕੇ ਦੇ ਲੋਕਾਂ ਦੀ ਮੰਗ ਨੂੰ ਦੇਖਦੇ ਹੋਏ ਇਸ ਤਾਲਾਬ ਦੀ ਉਸਾਰੀ ਕੀਤੀ ਉਨਾਂ ਕਿਹਾ ਕਿ ਹੁਣ ਇਹ ਸਥਾਨ ਤੀਰਥ ਸਥਲ ਬਣਦਾ ਜਾ ਰਿਹਾ ਹੈ ਅਤੇ ਇਹ ਇੱਕ ਚਮਤਕਾਰ ਹੀ ਹੈ ਕਿ ਸ਼ਹਿਰ ਦੇ ਲੋਕਾਂ ਨੇ ਇਸ ਸਥਾਨ ਦੀ ਸੰਭਾਲ ਕੀਤੀ ਹੈ ਅਤੇ ਉਸਦਾ ਨਵ-ਨਿਰਮਾਣ ਕੀਤਾ ਹੈ ਅਤੇ ਐਨਾ ਵੱਡਾ ਵਿਸ਼ਾਲ ਮੰਦਰ ਇਥੇ ਬਣਾਇਆ ਹੈ। ਇਸ ਮੌਕੇ ਤੇ ਪ੍ਰਬੰਧਕਾਂ ਵਲੋਂ ਇਨਾਂ ਤਿੰਨਾਂ ਸਖਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ।

ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਣ ਲਈ ਵਚਨਬੱਧ : ਕਟਾਰੂਚੱਕ

ਰਾਣਾ ਕੁਸ਼ਲਪਾਲ ਨੇ ਮਾਰਕੀਟ ਕਮੇਟੀ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ

ਕੁਰਾਲੀ, 5 ਅਕਤੂਬਰ (ਪ੍ਰਭਦੀਪ ਸਿੰਘ ਸੋਢੀ)- ਸਥਾਨਕ ਮਾਰਕੀਟ ਕਮੇਟੀ ਦੇ ਨਵ-ਨਿਯੁਕਤ ਚੇਅਰਮੈਨ ਰਾਣਾ ਕੁਸ਼ਲਪਾਲ ਦੀ ਤਾਜਪੋਸ਼ੀ ਮੌਕੇ ਕਰਵਾਏ ਗਏ ਸਮਾਗਮ ਵਿੱਚ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਰਾਣਾ ਕੁਸ਼ਲਪਾਲ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ ਅਤੇ ਆਸ ਪ੍ਰਗਟਾਈ ਕਿ ਉਹ ਮਾਰਕੀਟ ਕਮੇਟੀ ਦੇ ਕੰਮਕਾਜ ਨੂੰ ਹੋਰ ਬਿਹਤਰ ਬਣਾਉਣ ਲਈ ਤਨਦੇਹੀ ਨਾਲ ਕੰਮ ਕਰਨਗੇ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਰਕਾਰ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਉਣ ਦੇਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਮੰਡੀਆਂ ਵਿੱਚ ਆਉਣ ਵਾਲੀ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ ਅਤੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਸਰਕਾਰ ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਣ ਲਈ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਨਵ-ਨਿਯੁਕਤ ਚੇਅਰਮੈਨ ਰਾਣਾ ਕੁਸ਼ਲਪਾਲ ਨੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਣ ਨਾਲ ਨਿਭਾਉਣਗੇ।ਇਸ ਸਮਾਗਮ ਦੌਰਾਨ ਰਾਣਾ ਕੁਸ਼ਲਪਾਲ ਦੇ ਸਮਰਥਕਾਂ ਅਤੇ ਇਲਾਕਾ ਵਾਸੀਆਂ ਵੱਲੋਂ ਉਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਮਾਲਵਿੰਦਰ ਸਿੰਘ ਕੰਗ ਮੈਂਬਰ ਪਾਰਲੀਮੈਂਟ, ਪਰਮਿੰਦਰ ਸਿੰਘ ਗੋਲਡੀ ਚੇਅਰਮੈਨ ਯੂਥ ਵਿਕਾਸ ਬੋਰਡ, ਬਹਾਦਰ ਸਿੰਘ ਓਕੇ ਪ੍ਰਧਾਨ ਨਗਰ ਕੌਂਸਲ ਕੁਰਾਲੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ, ਕਿਸਾਨ, ਆੜ੍ਹਤੀ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

'ਪਗੜੀ ਸੰਭਾਲ ਯਾਤਰਾ' ਤਹਿਤ ਸ਼੍ਰੀ ਚਮਕੌਰ ਸਾਹਿਬ ਤੋਂ ਸ਼੍ਰੀ ਅੰਮ੍ਰਿਤਸਰ ਸਾਹਿਬ ਤੱਕ ਕੱਢੀਆਂ ਜਾਣਗੀਆਂ ਸਾਈਕਲ ਯਾਤਰਵਾਂ:ਚੰਨੀ

ਮੋਰਿੰਡਾ,5ਅਕਤੂਬਰ (ਬਲਵੀਰ ਸਿੰਘ ਚਲਾਕੀ): ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਆਉਣ ਵਾਲੇ ਦਿਨਾਂ ਚ ਸਾਈਕਲ ਯਾਤਰਾ ਸ਼ੁਰੂ ਕਰਨ ਦੀ ਗੱਲ ਕਹੀ ਹੈ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਕੰਪੇਨ ਗਰਮਜੋਸ਼ੀ ਨਾਲ ਚਲਾਉਣ ਲਈ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਉਨ੍ਹਾਂ ਵੱਲੋਂ ਪਾਰਟੀ ਨੂੰ ਦਿਵਾਲੀ ਤੋਂ ਬਾਅਦ ਪੰਜਾਬ ਵਿੱਚ ਸਾਈਕਲ ਯਾਤਰਾਵਾਂ ਚਲਾਉਣ ਦੀ ਸਲਾਹ ਦਿੱਤੀ ਹੈ ਤੇ ਵਿਚਾਰ ਕਰਨ ਉਪਰੰਤ ਸ਼੍ਰੀ ਚਮਕੌਰ ਸਾਹਿਬ ਤੋਂ ਤਲਵੰਡੀ ਸਾਬੋ ਅਤੇ ਸ਼੍ਰੀ ਅੰਮ੍ਰਿਤਸਰ ਸਾਹਿਬ ਤੱਕ ਸਾਈਕਲ ਯਾਤਰਵਾ ਕੱਢੀ ਜਾਣਗੀਆਂ , ਜਿਸ ਦਾ ਨਾਮ 'ਪਗੜੀ ਸੰਭਾਲ ਯਾਤਰਾ' ਹੋਵੇਗਾ ਤੇ ਇਸ ਯਾਤਰਾ ਦਾ ਥੀਮ 'ਜਵਾਨੀ ਬਚਾਉ ਤੇ ਨਸ਼ੇ ਛੁਡਾਉ' ਹੋਵੇਗਾ ਇਸ ਯਾਤਰਾ ਵਿੱਚ ਨਸ਼ੇ,ਅਮਨ ਕਨੂੰਨ ਦੀ ਸਥਿਤੀ ਵਰਗੇ ਤੇ ਗੈਂਗਸਟਰ ਵਾਦ ਦੀ ਗੱਲ ਲੋਕਾਂ 'ਚ ਲੈ ਕੇ ਜਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਦੋ ਹਜ਼ਾਰ ਲੋਕ ਹਰ ਸਮੇਂ ਇਸ ਸਾਈਕਲ ਯਾਤਰਾ ਵਿੱਚ ਚੱਲਣਗੇ। ਉਨ੍ਹਾਂ ਕਿਹਾ ਕਿ ਨਸ਼ੇ ਦੇ ਖਿਲਾਫ ਨੌਜਵਾਨਾ ਨੂੰ ਪ੍ਰੇਰਿਤ ਕਰਨਾ ਅਤੇ ਨਸ਼ੇ ਵੇਚਣ ਵਾਲਿਆਂ ਤੇ ਕਾਰਵਾਈ ਦੀ ਮੰਗ ਕਰਨਾ ਵੀ ਇਸ ਯਾਤਰਾ ਦਾ ਮਕਸਦ ਹੋਵੇਗਾ ।ਚਰਨਜੀਤ ਸਿੰਘ ਚੰਨੀ ਨੇ ਵਿਧਾਇਕ ਸਤਵੀਰ ਸਿੰਘ ਮਾਈਸਰਖਾਨਾ ਵੱਲੋਂ ਸਿੱਖਿਆ ਕ੍ਰਾਂਤੀ ਤੇ ਚੁੱਕੇ ਸਵਾਲਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਅੱਧ ਤੋਂ ਵੱਧ ਵਿਧਾਇਕ ਇੰਨਾਂ ਬਾਰੇ ਆਉਣ ਵਾਲੇ ਦਿਨਾਂ ਵਿੱਚ ਦੱਸਣਗੇ ਕਿ ਪਾਰਟੀ ਦੇ ਅੰਦਰ ਕੀ ਹਾਲਾਤ ਹਨ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਿਧਾਇਕ ਹੀ ਦੱਸਣਗੇ ਤੇ ਕਿ ਕੇਜਰੀਵਾਲ ਐਂਡ ਕੰਪਨੀ ਨੇ ਪੰਜਾਬ ਨੂੰ ਕਿਸ ਤਰਾ ਲੁੱਟਿਆ ਹੈ। ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਪੰਜਾਬ ਵਿੱਚ ਲੁੱਟ ਖਸੁੱਟ ਤੇ ਕਤਲੋਗਾਰਤ ਦਾ ਜ਼ੋਰ ਬਹੁਤ ਵੱਧ ਗਿਆ ਹੈ ਤੇ ਆਏ ਦਿਨ ਲੋਕਾਂ ਦੇ ਗੋਲੀਆਂ ਮਾਰੀਆਂ ਜਾ ਰਹੀਆਂ ਹਨ ਉਨ੍ਹਾਂ ਕਿਹਾ ਕਿ ਇਹ ਸਭ ਕੁੱਝ ਆਮ ਆਦਮੀ ਪਾਰਟੀ ਵੱਲੋਂ ਗੈਂਗਸਟਰ ਨੂੰ ਪਨਾਹ ਦੇਣ ਅਤੇ ਪਾਰਟੀ ਵਿੱਚ ਸ਼ਾਮਲ ਕਰਨ ਕਾਰਨ ਹੋ ਰਿਹਾ ਹੈ ਉਨ੍ਹਾਂ ਕਿਹਾ ਕਿ ਹਰ ਰੋਜ਼ ਨਸ਼ੇ ਦੇ ਨਾਲ ਨੌਜਵਾਨ ਮਰ ਰਹੇ ਹਨ ਪਰ ਸਰਕਾਰ ਨੂੰ ਕੋਈ ਫ਼ਿਕਰ ਨਹੀਂ ਹੈ ਮੋਰਿੰਡਾ ਦੇ ਵਿੱਚ ਵਰਕਰ ਮੀਟਿੰਗ ਕਰਨ ਤੋਂ ਬਾਅਦ ਗੱਲਬਾਤ ਕਰਦਿਆਂ ਚਰਨਜੀਤ ਸਿੰਘ ਚੰਨੀ ਨੇ ਸ਼੍ਰੀ ਚਮਕੌਰ ਸਾਹਿਬ ਵਿਚ ਅੱਖਾਂ ਦਾ ਕੈਂਪ ਲਗਾਉਣ ਦੀ ਗੱਲ ਦੱਸੀ ਤੇ ਕਿਹਾ ਕਿ ਹਰ ਮਰੀਜ਼ ਨੂੰ ਉਨ੍ਹਾਂ ਦੇ ਘਰ ਤੋਂ ਲਿਆ ਕੇ ਅੱਖਾਂ ਦਾ ਮੁਫ਼ਤ ਇਲਾਜ ਕਰਨ ਤੋ ਬਾਅਦ ਘਰ ਤੱਕ ਪਹੁੰਚਣਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ ਉਨ੍ਹਾਂ ਕਿਹਾ ਕਿ ਇੰਨਾਂ ਮਰੀਜ਼ਾਂ ਦੇ ਲਈ ਲੰਗਰ ਸਮੇਤ ਹਰ ਤਰਾਂ ਦੀ ਸਹੂਲਤ ਦਿੱਤੀ ਜਾਵੇਗੀ ਤੇ 11,12,13 ਅਤੇ 14 ਅਕਤੂਬਰ ਨੂੰ ਇਹ ਕੈਂਪ ਲਗਾਇਆ ਜਾ ਰਿਹਾ ਹੈ। ਲੋਕਾਂ ਨੂੰ ਮੋਟੀ ਰਕਮਾਂ ਦੇ ਆ ਰਹੇ ਬਿਜਲੀ ਦੇ ਬਿੱਲਾਂ ਬਾਰੇ ਉਹਨਾਂ ਕਿਹਾ ਕਿ ਲੋਕਾਂ ਨੂੰ ਇਹ ਬਿੱਲ ਭਰਾਉਣ ਦੀ ਲੋੜ ਨਹੀ,ਕਾਂਗਰਸ ਦੀ ਸਰਕਾਰ ਬਣਨ 'ਤੇ ਪਹਿਲਾਂ ਦੀ ਤਰ੍ਹਾ ਇਹ ਮੁਆਫ਼ ਕੀਤੇ ਜਾਣਗੇ । ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸ ਦੇ ਆਗੂ ਤੇ ਵਰਕਰ ਹਾਜ਼ਰ ਸਨ

ਸਰਬਜੀਤ ਸਿੰਘ ਰੌਲੀ ਨੂੰ ਸਦਮਾ, ਪਿਤਾ ਮਲਕੀਤ ਸਿੰਘ ਦਾ ਹੋਇਆ ਦੇਹਾਂਤ ਅੰਤਿਮ ਸੰਸਕਾਰ ਅੱਜ ਦੁਪਹਿਰ 2 ਵਜੇ

ਮੋਗਾ, 5 ਅਕਤੂਬਰ (ਜਗਰਾਜ ਸਿੰਘ ਸੰਧਾ) ਪੱਤਰਕਾਰ ਸਰਬਜੀਤ ਸਿੰਘ ਰੌਲੀ ਨੂੰ ਉਸ ਵਕਤ ਭਾਰੀ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਪਿਤਾ

ਸ ਮਲਕੀਤ ਸਿੰਘ ਸੰਖੇਪ ਬੀਮਾਰ ਹੋਣ ਪਿੱਛੋਂ ਅਕਾਲ ਚਲਾਣਾ ਕਰ ਗਏ ਜਿਨ੍ਹਾਂ ਦਾ ਅੰਤਿਮ ਸੰਸਕਾਰ 6 ਅਕਤੂਬਰ ਨੂੰ ਬਾਅਦ ਦੁਪਹਿਰ 2 ਵਜੇ ਪਿੰਡ ਰੌਲੀ ਵਿਖੇ ਹੋਵੇਗਾ ਇਸ ਦੁੱਖ ਦੀ ਘੜੀ ਵਿੱਚ ਸਮੂਹ ਪੱਤਰਕਾਰ ਭਾਈਚਾਰੇ ਤੇ ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ, ਸੰਜੀਤ ਸਿੰਘ ਸਨੀ ਗਿੱਲ, ਖਣਮੁੱਖ ਭਾਰਤੀ ਪੱਤੋ ਰਾਜਵਿੰਦਰ ਸਿੰਘ ਧਰਮਕੋਟ ਜੱਥੇਦਾਰ ਤੀਰਥ ਸਿੰਘ ਮਾਹਲਾ, ਬਰਜਿੰਦਰ ਸਿੰਘ ਮੱਖਣ ਬਰਾੜ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਰਜਿੰਦਰ ਸਿੰਘ ਡੱਲਾ ਬਾਬਾ ਹਰਵਿੰਦਰ ਸਿੰਘ ਰੌਲੀ ਅੰਗਰੇਜ਼ ਸਿੰਘ ਸੰਧਾ ਅਤੇ ਸਮਾਜ ਸੇਵੀ ਸੰਸਥਾਵਾਂ ਤੇ ਧਾਰਮਿਕ ਆਗੂਆਂ ਯਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਹੈ।

ਸੁਭਾਸ਼ ਸ਼ਰਮਾ ਵੱਲੋਂ ਸਮਗੌਲੀ 'ਚ ਪੰਜਾਬ ਸਰਕਾਰ ਦੀਆਂ ਨੀਤੀਆਂ ਦਾ ਪ੍ਰਚਾਰ

ਭਗਵੰਤ ਸਿੰਘ ਮਾਨ ਦੀ ਸਰਕਾਰ ਮੁੜ ਬਣਾਉਣ ਦੀ ਅਪੀਲ

ਡੇਰਾਬੱਸੀ,5 ਅਕਤੂਬਰ (ਸੁਖਵਿੰਦਰ ਸੈਣੀ) : ਪੰਜਾਬ ਵਾਟਰ ਸਪਲਾਈ ਐਂਡ ਸੀਵਰੇਜ ਬੋਰਡ ਦੇ ਵਾਈਸ ਚੇਅਰਮੈਨ ਤੇ ਸੀਨੀਅਰ ਆਪ ਆਗੂ ਸੁਭਾਸ਼ ਸ਼ਰਮਾ ਦੀ ਅਗਵਾਈ ਵਿੱਚ ਪਿੰਡ ਸਮਗੌਲੀ ਵਿਚ ਮੀਟਿੰਗ ਕੀਤੀ ਗਈ । ਮੀਟਿੰਗ ਦੌਰਾਨ ਸ਼ਰਮਾ ਵੱਲੋਂ ਪੰਜਾਬ ਸਰਕਾਰ ਦੀਆਂ ਲੋਕਪੱਖੀ ਨੀਤੀਆਂ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਕਿਸੇ ਸਰਕਾਰ ਨੇ ਔਰਤਾਂ ਦੀ ਵਿਸ਼ੇਸ਼ ਮਦਦ ਲਈ ਮਾਵਾਂ -ਧੀਆਂ ਸਤਿਕਾਰ ਯੋਜਨਾ ਤੇ ਮੁਫ਼ਤ ਕਿਰਾਇਆ ਯੋਜਨਾ ਚਲਾਈ ਹੈ । ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਮੁਫਤ ਤੀਰਥ ਯੋਜਨਾ ਤੇ ਵਿਕਾਸ ਕਾਰਜ ਵੀ ਨਿਰੰਤਰ ਜਾਰੀ ਹਨ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਫ਼ਤ ਬਿਜਲੀ ਤੇ ਦੱਸ ਲੱਖ ਤੱਕ ਦੇ ਇਲਾਜ ਵਾਲੀਆਂ ਸਫਲ ਸਕੀਮਾਂ ਚਲਾਈਆਂ ਗਈਆਂ ਹਨ । ਸ਼ਰਮਾ ਨੇ ਆਮ ਲੋਕਾਂ ਨੂੰ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਨੂੰ ਵੋਟ ਪਾ ਕੇ ਭਗਵੰਤ ਸਿੰਘ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੀ ਜੁਆਇੰਟ ਸਕੱਤਰ ਸਵੀਟੀ ਸ਼ਰਮਾ, ਬਲਵਿੰਦਰ ਸਿੰਘ ਆਲਮਗੀਰ,ਸਵਰਨ ਸਿੰਘ ਟਿਵਾਣਾ, ਹਰਜਿੰਦਰ ਸਿੰਘ ਭੁੱਡਾ, ਅੰਮ੍ਰਿਤਪਾਲ ਸਿੰਘ ਜ਼ੀਰਕਪੁਰ, ਗਗਨਦੀਪ ਸਿੰਘ ਕੁਰਲੀ , ਗੁਰਸੇਵਕ ਸਿੰਘ ਤਸਿੰਬਲੀ,ਸੋਨੂੰ ਦੀਪ, ਸਤੀਸ਼ ਪ੍ਰਦੀਪ,ਹੈਪੀ,ਗੁਰਦਾਸ,ਬੀਰਮ, ਗੁਰਦੀਪ, ਜਸਵੀਰ, ਗੁਰਪ੍ਰੀਤ,ਗੁਰਮੀਤ, ਰਜਨੀਸ਼, ਰੋਹਿਤ,ਸਾਲੂ,ਨਛੱਤਰ, ਮਿੰਟੂ, ਗੁਲਜ਼ਾਰ, ਮਨਜੀਤ,ਅਮਨ ,ਰਾਮ ,ਜਗਤਾਰ ਤੇ ਭੁਪਿੰਦਰ ਆਦਿ ਹਾਜ਼ਰ ਸਨ ।

ਸਾਬਕਾ ਜ਼ਿਲ੍ਹਾ ਪ੍ਰਧਾਨ ਜੀਤੀ ਪਡਿਆਲਾ ਵੱਲੋਂ ਕਾਲੇਵਾਲ ਵਿਖੇ ਪਿੰਡ ਵਾਸੀਆਂ ਨਾਲ ਮੀਟਿੰਗ

ਕੁਰਾਲੀ, 5 ਅਕਤੂਬਰ (ਪ੍ਰਭਦੀਪ ਸਿੰਘ ਸੋਢੀ)- ਇੱਥੋਂ ਨੇੜਲੇ ਪਿੰਡ ਕਾਲੇਵਾਲ ਵਿਖੇ ਰਣਜੀਤ ਸਿੰਘ ਜੀਤੀ ਪਡਿਆਲਾ ਸਾਬਕਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਵੱਲੋਂ ਕਾਂਗਰਸੀ ਵਰਕਰਾਂ ਅਤੇ ਪਿੰਡ ਵਾਸੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਪਿੰਡ ਅਤੇ ਹਲਕੇ ਦੇ ਲੋਕਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨ ਦੇ ਨਾਲ-ਨਾਲ ਆਗਾਮੀ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੀ ਜਥੇਬੰਦਕ ਤਿਆਰੀ ਅਤੇ ਰਣਨੀਤੀ ਸਬੰਧੀ ਵੀ ਚਰਚਾ ਕੀਤੀ ਗਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਡਿਆਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜ਼ਾਰੀ ਤੋਂ ਪੰਜਾਬ ਦੇ ਲੋਕ ਪ੍ਰੇਸ਼ਾਨ ਹਨ ਅਤੇ ਲੋਕ ਸਰਕਾਰ ਤੋਂ ਕੀਤੇ ਗਏ ਵਾਅਦਿਆਂ ਅਤੇ ਉਨ੍ਹਾਂ ਦੀ ਜ਼ਮੀਨੀ ਹਕੀਕਤ ਬਾਰੇ ਸਵਾਲ ਪੁੱਛ ਰਹੇ ਹਨ। ਪਡਿਆਲਾ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਖਰੜ ਵਿੱਚ ਹੁਣ ਤੱਕ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੀ ਕਾਰਗੁਜ਼ਾਰੀ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉਤਰੀ ਅਤੇ

ਸੰਪਾਦਕੀ

ਵੋਟਰ ਸੂਚੀਆਂ ਦੀ ਸ਼ੁੱਧਤਾ ਦੇ ਨਾਲ ਭਰੋਸਾ ਵੀ ਜ਼ਰੂਰੀ

ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰਾਈ ਨਾਲ ਸਮੀਖਿਆ, ਜਿਸਨੂੰ Special Intensive Revision (SIR) ਕਿਹਾ ਜਾਂਦਾ ਹੈ, ਇਨ੍ਹਾਂ ਦਿਨਾਂ ਦੇਸ਼ ਦੀ ਸਿਆਸੀ ਅਤੇ ਸਮਾਜਿਕ ਚਰਚਾ ਦਾ ਮਹੱਤਵਪੂਰਨ ਵਿਸ਼ਾ ਬਣੀ ਹੋਈ ਹੈ। ਵੋਟਰ ਸੂਚੀ ਕਿਸੇ ਵੀ ਲੋਕਤੰਤਰ ਦੀ ਬੁਨਿਆਦੀ ਕੜੀ ਹੈ। ਇਸ ਲਈ ਇਸ ਵਿੱਚ ਦਰਜ ਨਾਮ ਸਹੀ ਹੋਣ, ਯੋਗ ਨਾਗਰਿਕਾਂ ਦੇ ਨਾਮ ਨਾ ਛੁੱਟਣ ਅਤੇ ਅਯੋਗ ਜਾਂ ਡੁਪਲੀਕੇਟ ਐਂਟਰੀਆਂ ਨੂੰ ਹਟਾਇਆ ਜਾਵੇ—ਇਹ ਚੋਣ ਪ੍ਰਣਾਲੀ ਦੀ ਭਰੋਸੇਯੋਗਤਾ ਲਈ ਜ਼ਰੂਰੀ ਹੈ। ਪਰ ਇਸ ਪ੍ਰਕਿਰਿਆ ਨੂੰ ਲੈ ਕੇ ਵੱਖ-ਵੱਖ ਸਿਆਸੀ ਪਾਰਟੀਆਂ ਅਤੇ ਸੰਗਠਨਾਂ ਵੱਲੋਂ ਕੀਤੇ ਜਾ ਰਹੇ ਵਿਰੋਧ ਨੇ ਕੁਝ ਗੰਭੀਰ ਸਵਾਲ ਵੀ ਖੜ੍ਹੇ ਕੀਤੇ ਹਨ। ਐਸਆਈਆਰ ਦਾ ਮੁੱਖ ਉਦੇਸ਼ ਵੋਟਰ ਸੂਚੀਆਂ ਨੂੰ ਅਪਡੇਟ ਅਤੇ ਸਹੀ ਕਰਨਾ ਹੈ। ਸਿਧਾਂਤਕ ਤੌਰ 'ਤੇ ਇਹ ਇੱਕ ਸਿਹਤਮੰਦ ਲੋਕਤੰਤਰ ਲਈ ਲੋੜੀਂਦੀ ਪ੍ਰਕਿਰਿਆ ਹੈ। ਸਮੇਂ ਦੇ ਨਾਲ ਲੋਕਾਂ ਦੇ ਪਤੇ ਬਦਲਦੇ ਹਨ, ਨਵੇਂ ਵੋਟਰ 18 ਸਾਲ ਦੀ ਉਮਰ ਪੂਰੀ ਕਰਦੇ ਹਨ, ਕੁਝ ਵੋਟਰਾਂ ਦੀ ਮੌਤ ਹੋ ਜਾਂਦੀ ਹੈ ਅਤੇ ਕਈ ਵਾਰ ਇੱਕ ਵਿਅਕਤੀ ਦਾ ਨਾਮ ਇੱਕ ਤੋਂ ਵੱਧ ਥਾਵਾਂ 'ਤੇ ਦਰਜ ਹੋ ਜਾਂਦਾ ਹੈ। ਅਜਿਹੀਆਂ ਗਲਤੀਆਂ ਨੂੰ ਦੂਰ ਕਰਨਾ ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਹੈ। ਪਰ ਕਿਸੇ ਵੀ ਵੱਡੀ ਵੋਟਰ-ਸੂਚੀ ਸਮੀਖਿਆ ਦੀ ਸਫਲਤਾ ਸਿਰਫ਼ ਇਸ ਗੱਲ 'ਤੇ ਨਿਰਭਰ ਨਹੀਂ ਕਰਦੀ ਕਿ ਕਿੰਨੇ ਨਾਮ ਜੋੜੇ ਜਾਂ ਹਟਾਏ ਗਏ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਕੋਈ ਵੀ ਯੋਗ ਨਾਗਰਿਕ ਆਪਣਾ ਵੋਟ ਦਾ ਅਧਿਕਾਰ ਨਾ ਗੁਆਏ। ਜੇ ਦਸਤਾਵੇਜ਼ਾਂ ਦੀ ਘਾਟ, ਜਾਣਕਾਰੀ ਦੀ ਕਮੀ ਜਾਂ ਪ੍ਰਕਿਰਿਆ ਦੀ ਜਟਿਲਤਾ ਕਾਰਨ ਕਿਸੇ ਯੋਗ ਵੋਟਰ ਦਾ ਨਾਮ ਸੂਚੀ ਤੋਂ ਬਾਹਰ ਰਹਿ ਜਾਂਦਾ ਹੈ ਤਾਂ ਇਹ ਗੰਭੀਰ ਚਿੰਤਾ ਦਾ ਵਿਸ਼ਾ ਹੋਵੇਗਾ। ਇਸੇ ਕਾਰਨ ਐਸਆਈਆਰ ਨੂੰ ਲੈ ਕੇ ਹੋ ਰਹੇ ਵਿਰੋਧ ਨੂੰ ਸਿਰਫ਼ ਸਿਆਸੀ ਪ੍ਰਦਰਸ਼ਨ ਕਹਿ ਕੇ ਖਾਰਜ ਕਰਨਾ ਠੀਕ ਨਹੀਂ ਹੋਵੇਗਾ। ਵਿਰੋਧ ਕਰਨ ਵਾਲਿਆਂ ਦੇ ਇਤਰਾਜ਼ਾਂ ਦੀ ਤੱਥਾਂ ਦੇ ਆਧਾਰ 'ਤੇ ਜਾਂਚ ਹੋਣੀ ਚਾਹੀਦੀ ਹੈ। ਇਸ ਦੇ ਨਾਲ ਹੀ ਚੋਣ ਕਮਿਸ਼ਨ ਅਤੇ ਸਰਕਾਰ ਵੱਲੋਂ ਇਹ ਵੀ ਸਪਸ਼ਟ ਕੀਤਾ ਜਾਣਾ ਚਾਹੀਦਾ ਹੈ ਕਿ ਯੋਗ ਵੋਟਰਾਂ ਦੇ ਨਾਮ ਸੁਰੱਖਿਅਤ ਰੱਖਣ ਲਈ ਕਿਹੜੇ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਇੱਥੇ ਰਾਜਨੀਤਿਕ ਪਾਰਟੀਆਂ ਦੀ ਭੂਮਿਕਾ ਵੀ ਮਹੱਤਵਪੂਰਨ ਹੈ। ਉਨ੍ਹਾਂ ਨੂੰ ਲੋਕਾਂ ਵਿੱਚ ਬੇਲੋੜਾ ਡਰ ਪੈਦਾ ਕਰਨ ਦੀ ਬਜਾਏ ਆਪਣੇ ਇਤਰਾਜ਼ਾਂ ਨੂੰ ਦਸਤਾਵੇਜ਼ਾਂ ਅਤੇ ਤੱਥਾਂ ਨਾਲ ਸਾਹਮਣੇ ਲਿਆਉਣਾ ਚਾਹੀਦਾ ਹੈ। ਦੂਜੇ ਪਾਸੇ ਪ੍ਰਸ਼ਾਸਨ ਨੂੰ ਵੀ ਵਿਰੋਧੀ ਆਵਾਜ਼ਾਂ ਨੂੰ ਸਿਰਫ਼ ਸਿਆਸੀ ਦਬਾਅ ਵਜੋਂ ਨਹੀਂ ਦੇਖਣਾ ਚਾਹੀਦਾ। ਪਾਰਦਰਸ਼ਤਾ ਅਤੇ ਸੰਵਾਦ ਕਿਸੇ ਵੀ ਚੋਣੀ ਸੁਧਾਰ ਦੀ ਸਫਲਤਾ ਲਈ ਜ਼ਰੂਰੀ ਹਨ। ਐਸਆਈਆਰ ਦੀ ਪ੍ਰਕਿਰਿਆ ਦੌਰਾਨ ਲੋਕਾਂ ਨੂੰ ਆਪਣੇ ਨਾਮ, ਵੇਰਵਿਆਂ ਅਤੇ ਵੋਟਰ ਸਥਿਤੀ ਦੀ ਜਾਂਚ ਕਰਨ ਲਈ ਆਸਾਨ ਅਤੇ ਸਮਾਂਬੱਧ ਮੌਕਾ ਮਿਲਣਾ ਚਾਹੀਦਾ ਹੈ। ਜੇ ਕਿਸੇ ਦਾ ਨਾਮ ਗਲਤੀ ਨਾਲ ਹਟ ਜਾਂਦਾ ਹੈ ਤਾਂ ਉਸ ਲਈ ਅਪੀਲ ਅਤੇ ਸੁਧਾਰ ਦੀ ਪ੍ਰਕਿਰਿਆ ਸਧਾਰਨ ਹੋਣੀ ਚਾਹੀਦੀ ਹੈ। ਅੰਤ ਵਿੱਚ, ਵੋਟਰ ਸੂਚੀ ਦੀ ਸ਼ੁੱਧਤਾ ਅਤੇ ਵੋਟਰ ਦੇ ਅਧਿਕਾਰ—ਦੋਵੇਂ ਇਕ-ਦੂਜੇ ਦੇ ਵਿਰੋਧੀ ਨਹੀਂ ਹਨ। ਸਹੀ ਵੋਟਰ ਸੂਚੀ ਲੋਕਤੰਤਰ ਨੂੰ ਮਜ਼ਬੂਤ ਕਰਦੀ ਹੈ, ਪਰ ਇਹ ਕੰਮ ਪਾਰਦਰਸ਼ਤਾ, ਨਿਰਪੱਖਤਾ ਅਤੇ ਲੋਕਾਂ ਦੇ ਭਰੋਸੇ ਨਾਲ ਹੀ ਹੋਣਾ ਚਾਹੀਦਾ ਹੈ। ਐਸਆਈਆਰ 'ਤੇ ਚੱਲ ਰਹੀ ਬਹਿਸ ਦਾ ਮਕਸਦ ਸਿਰਫ਼ ਵਿਰੋਧ ਜਾਂ ਸਮਰਥਨ ਨਹੀਂ, ਸਗੋਂ ਅਜਿਹੀ ਚੋਣ ਪ੍ਰਣਾਲੀ ਬਣਾਉਣਾ ਹੋਣਾ ਚਾਹੀਦਾ ਹੈ ਜਿਸ ਵਿੱਚ ਹਰ ਯੋਗ ਨਾਗਰਿਕ ਦਾ ਵੋਟ ਸੁਰੱਖਿਅਤ ਰਹੇ ਅਤੇ ਚੋਣੀ ਪ੍ਰਕਿਰਿਆ 'ਤੇ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਵੇ।

ਜਨਤਕ ਸ਼ਿਕਾਇਤਾਂ 'ਤੇ ਹਰਿਆਣਾ ਦੀ ਤੁਰੰਤ ਕਾਰਵਾਈ : ਨਾਇਬ ਸਿੰਘ ਸੈਣੀ

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸੱਚਮੁੱਚ ਆਮ ਲੋਕਾਂ ਦੇ ਨੇੜੇ ਹਨ, ਇਹ ਗੱਲ ਉਨ੍ਹਾਂ ਦੇ ਲੋਕਾਂ ਨਾਲ ਸਿੱਧੇ ਰਾਬਤੇ ਤੋਂ ਸਾਬਤ ਹੁੰਦੀ ਹੈ। ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਹੱਲ ਕਰਨ ਦੇ ਜਜ਼ਬੇ ਨਾਲ ਭਰਪੂਰ, ਉਹ ਲੋਕਾਂ ਵਿੱਚ ਘੁਲਦੇ-ਮਿਲਦੇ ਹਨ, ਉਨ੍ਹਾਂ ਦੀਆਂ ਮੁਸ਼ਕਲਾਂ ਸੁਣਦੇ ਹਨ, ਉਨ੍ਹਾਂ ਦੀਆਂ ਚਿੰਤਾਵਾਂ ਦਾ ਨਿਵਾਰਨ ਕਰਦੇ ਹਨ ਅਤੇ ਉਨ੍ਹਾਂ ਦੀਆਂ ਮੰਗਾਂ 'ਤੇ ਗੌਰ ਕਰਦੇ ਹਨ। ਭਾਵੇਂ ਉਹ ਚੰਡੀਗੜ੍ਹ ਸਥਿਤ ਆਪਣੀ ਰਿਹਾਇਸ਼ 'ਸੰਤ ਕਬੀਰ ਕੁਟੀਰ' 'ਤੇ ਹੋਣ, ਪ੍ਰਵਾਸੀ ਭਾਰਤੀਆਂ ਨਾਲ ਮੀਟਿੰਗ ਵਿੱਚ ਹੋਣ, ਉਦਯੋਗਪਤੀਆਂ ਨਾਲ ਗੱਲਬਾਤ ਕਰ ਰਹੇ ਹੋਣ, ਨੌਜਵਾਨ ਪੀੜ੍ਹੀ ਨਾਲ ਰਾਬਤਾ ਕਾਇਮ ਕਰ ਰਹੇ ਹੋਣ ਜਾਂ ਰਾਜ ਦੇ ਕਿਸੇ ਦੂਰ-ਦੁਰਾਡੇ ਇਲਾਕੇ ਵਿੱਚ ਜਨਤਕ ਰੈਲੀ ਨੂੰ ਸੰਬੋਧਨ ਕਰ ਰਹੇ ਹੋਣ - ਸ੍ਰੀ ਸੈਣੀ ਲੋਕਾਂ ਦੇ ਦਿਲ ਜਿੱਤ ਲੈਂਦੇ ਹਨ। ਦੋ ਸਾਲ ਪਹਿਲਾਂ (17 ਅਕਤੂਬਰ 2022 ਨੂੰ) ਮੁੱਖ ਮੰਤਰੀ ਦਾ ਅਹੁਦਾ ਸੰਭਾਲਣ ਦੇ ਦਿਨ ਤੋਂ ਹੀ ਉਹ ਲਗਾਤਾਰ ਅਜਿਹਾ ਕਰ ਰਹੇ ਹਨ। ਲੋਕਾਂ ਨਾਲ ਮਿਲਣ-ਜੁਲਣ ਅਤੇ ਉਨ੍ਹਾਂ ਦੀ ਮਦਦ ਕਰਨ ਦੀ ਉਨ੍ਹਾਂ ਦੀ ਤਾਂਘ ਕਦੇ ਖਤਮ ਨਹੀਂ ਹੁੰਦੀ।

ਉਨ੍ਹਾਂ ਦੀ 'ਕੁਟੀਰ' ਵੱਲ ਲੋਕਾਂ ਦਾ ਤਾਂਤਾ ਲੱਗਿਆ ਰਹਿੰਦਾ ਹੈ। ਸਮੇਂ ਦੀ ਕੋਈ ਪਰਵਾਹ ਨਹੀਂ ਹੁੰਦੀ—ਭਾਵੇਂ ਦਿਨ ਚੜ੍ਹਿਆ ਹੋਵੇ, ਸ਼ਾਮ ਹੋ ਰਹੀ ਹੋਵੇ ਜਾਂ ਸੂਰਜ ਡੁੱਬਣ ਤੋਂ ਬਾਅਦ ਦਾ ਸਮਾਂ ਹੋਵੇ। ਜੇਕਰ ਤੁਹਾਨੂੰ ਕਿਸੇ ਮਦਦ ਦੀ ਲੋੜ ਹੈ, ਤੁਸੀਂ ਮੁਸੀਬਤ ਵਿੱਚ ਹੋ, ਜਾਂ ਤੁਹਾਡੇ ਮਨ ਵਿੱਚ ਕੋਈ ਸ਼ਿਕਾਇਤ ਜਾਂ ਗਿਲਾ-ਸ਼ਿਕਵਾ ਹੈ, ਤਾਂ ਬਸ ਉਨ੍ਹਾਂ ਦੀ ਰਿਹਾਇਸ਼ 'ਤੇ ਪਹੁੰਚੋ ਅਤੇ ਮੁਸਕਰਾਉਂਦੇ ਹੋਏ ਵਾਪਸ ਪਰਤੋ। ਉਨ੍ਹਾਂ ਦੇ ਘਰ ਦੇ ਦਰਵਾਜ਼ੇ ਦੁਖੀ ਅਤੇ ਪੀੜਤ ਲੋਕਾਂ ਲਈ ਹਮੇਸ਼ਾ ਖੁੱਲ੍ਹੇ ਰਹਿੰਦੇ ਹਨ। ਇੱਥੇ ਪਿਆਸੇ ਦੀ ਪਿਆਸ ਬੁਝਦੀ ਹੈ, ਭੁੱਖੇ ਨੂੰ ਭੋਜਨ ਮਿਲਦਾ ਹੈ ਅਤੇ ਨਿਰਾਸ਼ ਵਿਅਕਤੀ ਨੂੰ—ਜੇਕਰ ਤੁਰੰਤ ਹੱਲ ਨਹੀਂ ਵੀ ਮਿਲਦਾ—ਤਾਂ ਵੀ ਉਮੀਦ ਜ਼ਰੂਰ ਮਿਲਦੀ ਹੈ।

ਦਫ਼ਤਰ ਵਿੱਚ ਕੰਮ ਦੇ ਲੰਬੇ ਅਤੇ ਥਕਾਵਟ ਭਰੇ ਦਿਨ (ਜੋ ਅਕਸਰ ਸ਼ਾਮ ਤੱਕ ਚੱਲਦਾ ਹੈ) ਤੋਂ ਬਾਅਦ ਵੀ, ਮੁੱਖ ਮੰਤਰੀ ਆਪਣੀ ਕੁਟੀਰ 'ਤੇ ਆਉਣ ਵਾਲੇ ਲੋਕਾਂ ਨੂੰ ਮਿਲਦੇ, ਉਨ੍ਹਾਂ ਦੀ ਗੱਲ ਸੁਣਦੇ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ 'ਤੇ ਗੌਰ ਕਰਦੇ ਰਹਿੰਦੇ ਹਨ। ਲੋਕਾਂ ਦਾ ਤਾਂਤਾ ਲਗਾਤਾਰ ਬਣਿਆ ਰਹਿੰਦਾ ਹੈ; ਬਹੁਤ ਸਾਰੇ ਲੋਕਾਂ ਦੇ ਹੱਥਾਂ ਵਿੱਚ ਬੇਤਰਤੀਬੇ ਅਤੇ ਬਿਨਾਂ ਸਟੈਪਲ ਕੀਤੇ ਕਾਗਜ਼ਾਂ ਦੇ ਢੇਰ ਹੁੰਦੇ ਹਨ, ਅਤੇ ਉਨ੍ਹਾਂ ਦੇ ਚਿਹਰਿਆਂ 'ਤੇ ਚਿੰਤਾਵਾਂ ਸਾਫ਼ ਝਲਕਦੀਆਂ ਹਨ।

ਕੋਈ ਆਪਣੀ ਧੀ ਦੇ ਭਵਿੱਖ ਨੂੰ ਲੈ ਕੇ ਚਿੰਤਤ ਹੁੰਦਾ ਹੈ; ਕੋਈ ਆਰਥਿਕ ਤੰਗੀ ਨਾਲ ਜੂਝ ਰਿਹਾ ਹੁੰਦਾ ਹੈ; ਤਾਂ ਕੋਈ ਪਰਿਵਾਰਕ ਸਮੱਸਿਆ ਵਿੱਚ ਘਿਰਿਆ ਹੁੰਦਾ ਹੈ; ਅਤੇ ਕੋਈ ਹੋਰ ਵਿਅਕਤੀ ਕਿਸੇ ਅਜਿਹੀ ਭਲਾਈ ਸਕੀਮ ਦਾ ਲਾਭ ਲੈਣ ਦੀ ਉਮੀਦ ਨਾਲ ਆਉਂਦਾ ਹੈ ਜਿਸਦਾ ਉਹ ਹੱਕਦਾਰ ਹੈ, ਪਰ ਜੋ ਹੁਣ ਤੱਕ ਇਸ ਤੋਂ ਵਾਂਝਾ ਰਹਿ ਗਿਆ ਸੀ। ਕਈ ਵਾਰ, ਜਦੋਂ ਅੱਧੀ ਰਾਤ ਦਾ ਸਮਾਂ ਨੇੜੇ ਆ ਰਿਹਾ ਹੁੰਦਾ ਹੈ, ਉਦੋਂ ਵੀ ਸ੍ਰੀ ਸੈਣੀ ਨੂੰ ਲੋਕਾਂ ਦੀ ਗੱਲ ਸੁਣਦੇ ਅਤੇ ਉਨ੍ਹਾਂ ਨੂੰ ਦਿਲਾਸਾ ਦਿੰਦੇ ਦੇਖਿਆ ਜਾ ਸਕਦਾ ਹੈ।

ਉਹ ਲੋਕਾਂ ਨੂੰ ਇੱਕ-ਇੱਕ ਕਰਕੇ ਮਿਲਦੇ ਹਨ, ਧੀਰਜ ਨਾਲ ਉਨ੍ਹਾਂ ਦੀ ਗੱਲ ਸੁਣਦੇ ਹਨ ਅਤੇ ਜਿੱਥੇ ਵੀ ਦਖਲਅੰਦਾਜ਼ੀ ਦੀ ਲੋੜ ਹੁੰਦੀ ਹੈ, ਉੱਥੇ ਤੁਰੰਤ ਕਾਰਵਾਈ ਲਈ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਹਦਾਇਤਾਂ ਜਾਰੀ ਕਰਦੇ ਹਨ। ਆਸਾਨੀ ਨਾਲ ਉਪਲਬਧ ਹੋਣਾ, ਧੀਰਜ, ਸ਼ਾਂਤ ਅਤੇ ਮਿਲਣਸਾਰ ਸੁਭਾਅ, ਅਤੇ ਲੋਕਾਂ ਦੀ ਗੱਲ ਸੁਣਨ ਤੇ ਉਨ੍ਹਾਂ ਦੀਆਂ ਲੋੜਾਂ ਪੂਰੀਆਂ ਕਰਨ ਦੀ ਇੱਛਾ-ਸ਼ਕਤੀ ਉਨ੍ਹਾਂ ਦੀ ਸ਼ਖਸੀਅਤ ਦੀ ਪਛਾਣ ਬਣ ਗਈ ਹੈ। ਪੂਰੇ ਹਰਿਆਣਾ ਵਿੱਚ ਨਾਗਰਿਕਾਂ ਨਾਲ ਸਿੱਧਾ ਸੰਪਰਕ ਉਨ੍ਹਾਂ ਨੂੰ ਇੱਕ ਸਿਆਸਤਦਾਨ ਵਜੋਂ ਉੱਚਾ ਦਰਜਾ ਦਿਵਾਉਂਦਾ ਹੈ।

ਉਨ੍ਹਾਂ ਦੀ ਦੇਰ ਰਾਤ ਦੀ ਗੱਲਬਾਤ ਸ਼ਾਸਨ ਪ੍ਰਤੀ ਇੱਕ ਵਿਆਪਕ ਪਹੁੰਚ ਨੂੰ ਵੀ ਦਰਸਾਉਂਦੀ ਹੈ, ਜੋ ਸਰਕਾਰ ਅਤੇ ਉਨ੍ਹਾਂ ਲੋਕਾਂ ਵਿਚਕਾਰ ਦੂਰੀ ਨੂੰ ਘਟਾਉਣ ਦੀ ਕੋਸ਼ਿਸ਼ ਕਰਦੀ ਹੈ ਜਿਨ੍ਹਾਂ ਦੀ ਸੇਵਾ ਕਰਨਾ ਸਰਕਾਰ ਦਾ ਮਕਸਦ ਹੈ। ਇਹ ਸੈਣੀ ਸਰਕਾਰ ਦੇ ਉਸ ਜ਼ੋਰ ਦਾ ਹੀ ਵਿਸਥਾਰ ਹੈ ਕਿ ਸਮਾਜਿਕ ਸੁਰੱਖਿਆ ਅਤੇ ਭਲਾਈ ਉਪਾਅ ਸਿਰਫ਼ ਐਲਾਨਾਂ ਤੱਕ ਹੀ ਸੀਮਤ ਨਹੀਂ ਰਹਿਣੇ ਚਾਹੀਦੇ, ਸਗੋਂ ਠੋਸ ਨਤੀਜਿਆਂ ਅਤੇ ਯੋਗ ਲਾਭਪਾਤਰੀਆਂ ਨੂੰ ਮਿਲਣ ਵਾਲੀ ਸਹਾਇਤਾ ਵਿੱਚ ਵੀ ਤਬਦੀਲ ਹੋਣੇ ਚਾਹੀਦੇ ਹਨ।

ਉਨ੍ਹਾਂ ਦੀ ਤਾਜ਼ਾ ਮੁਹਿੰਮ—ਘਰ ਵਿੱਚ ਬਜ਼ੁਰਗਾਂ ਦੀ ਦੇਖਭਾਲ—ਇਸ ਦਾ ਇੱਕ ਸਪੱਸ਼ਟ ਸਬੂਤ ਹੈ। ਬਦਲਦੇ ਸਮਾਜਿਕ ਮਾਹੌਲ, ਖਾਸ ਕਰਕੇ ਵਧ ਰਹੇ ਇਕਹਿਰੇ ਪਰਿਵਾਰਾਂ (ਨਿਊਕਲੀਅਰ ਫੈਮਿਲੀਜ਼) ਦੇ ਰੁਝਾਨ—ਜਿਸ ਵਿੱਚ ਬਹੁਤ ਸਾਰੇ ਬਜ਼ੁਰਗਾਂ ਨੂੰ ਨਿਯਮਤ ਦੇਖਭਾਲ, ਸਹਾਇਤਾ ਅਤੇ ਸਹਾਰੇ ਦੀ ਲੋੜ ਹੁੰਦੀ ਹੈ—ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ, ਰਾਜ ਸਰਕਾਰ ਨੇ ਉਨ੍ਹਾਂ ਦੀ ਮਦਦ ਲਈ ਇੱਕ ਹੋਰ ਪਹਿਲਕਦਮੀ ਕੀਤੀ ਹੈ।

ਉਨ੍ਹਾਂ ਦੇ ਹਾਲੀਆ ਸੰਪਰਕ ਪ੍ਰੋਗਰਾਮਾਂ ਵਿੱਚੋਂ ਦੋ—ਮੁੰਬਈ ਵਿੱਚ 'ਹੈਪਨਿੰਗ ਹਰਿਆਣਾ 2.0' (ਇੱਕ ਵਿਸ਼ਵਵਿਆਪੀ ਸੰਪਰਕ ਪ੍ਰੋਗਰਾਮ ਜਿੱਥੇ ਉਨ੍ਹਾਂ ਨੇ ਪ੍ਰਵਾਸੀ ਭਾਰਤੀਆਂ ਅਤੇ ਉਦਯੋਗਿਕ ਜਗਤ ਦੀਆਂ ਪ੍ਰਮੁੱਖ ਹਸਤੀਆਂ ਨਾਲ ਗੱਲਬਾਤ ਕੀਤੀ) ਅਤੇ ਇਸ ਤੋਂ ਪਹਿਲਾਂ ਗੁਰੂਗ੍ਰਾਮ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਨਾਲ ਮੁਲਾਕਾਤ—ਦਾ ਬਹੁਤ ਡੂੰਘਾ ਪ੍ਰਭਾਵ ਪਿਆ। ਸ੍ਰੀ ਸੈਣੀ ਵੱਲੋਂ ਨਿਵੇਸ਼ ਲਈ ਇੱਕ ਆਕਰਸ਼ਕ ਕੇਂਦਰ ਵਜੋਂ ਸੂਬੇ ਨੂੰ ਬਾਖੂਬੀ ਪੇਸ਼ ਕਰਨ ਸਦਕਾ, ਹਰਿਆਣਾ ਨੇ ਮੁੰਬਈ ਵਿੱਚ 66,000 ਕਰੋੜ ਰੁਪਏ ਦੇ ਨਿਵੇਸ਼ ਲਈ ਸਮਝੌਤਿਆਂ 'ਤੇ ਦਸਤਖਤ ਕੀਤੇ।

ਗੁਰੂਗ੍ਰਾਮ ਵਿੱਚ, ਵਿਦਿਆਰਥੀ ਮੁੱਖ ਮੰਤਰੀ ਦੀ ਮਿਸਾਲ ਤੋਂ ਪ੍ਰੇਰਿਤ ਹੋ ਕੇ ਘਰ ਪਰਤੇ; ਉਹ ਮੁੱਖ ਮੰਤਰੀ ਜੋ ਪੰਚਕੂਲਾ ਸਥਿਤ ਭਾਜਪਾ ਦਫ਼ਤਰ ਵਿੱਚ ਇੱਕ ਟਾਈਪਿਸਟ ਵਜੋਂ ਕੰਮ ਕਰਨ ਤੋਂ ਲੈ ਕੇ ਅੱਜ ਇਸ ਮੁਕਾਮ ਤੱਕ ਪਹੁੰਚੇ ਹਨ।

ਉਹ ਜਿੱਥੇ ਵੀ ਜਾਂਦੇ ਹਨ ਅਤੇ ਲੋਕਾਂ ਨਾਲ ਮਿਲਦੇ-ਜੁਲਦੇ ਹਨ, ਉੱਥੇ ਹੀ ਉਹ ਲੋਕਾਂ ਦੇ ਦਿਲਾਂ ਨੂੰ ਤੁਰੰਤ ਛੂਹ ਲੈਂਦੇ ਹਨ। ਇਸੇ ਗੱਲ ਕਰਕੇ ਲੋਕ ਉਨ੍ਹਾਂ ਨੂੰ ਅਤੇ ਉਨ੍ਹਾਂ ਦੀ ਸਰਕਾਰ ਨੂੰ ਬਹੁਤ ਪਸੰਦ ਕਰਦੇ ਹਨ।

ਸਿਮਰਜੀਤ ਸਿੰਘ ਬੈਂਸ ਵੱਲੋਂ ਲੋੜਵੰਦਾਂ ਦੀ ਮਦਦ ਲਈ ਵਿੱਢੀ ਮੁਹਿੰਮ ਤਹਿਤ ਪਿੰਡ ਦੁੱਗਰੀ ਦੇ 'ਹੈਪੀ' ਨੂੰ ਬਣਾ ਕੇ ਦਿੱਤਾ ਪੱਕਾ ਮਕਾਨ

ਗੁਰੂ ਸਾਹਿਬ ਦੀ ਬਖਸ਼ਿਸ਼ ਨਾਲ ਲੋੜਵੰਦ ਪਰਿਵਾਰਾਂ ਦੀ ਸੇਵਾ ਨਿਰੰਤਰ ਜਾਰੀ ਰਹੇਗੀ : ਸਿਮਰਜੀਤ ਸਿੰਘ ਬੈਂਸ

ਲੁਧਿਆਣਾ, 5 ਅਕਤੂਬਰ (ਸਰਬਜੀਤ ਸੂਫ਼ੀ) : ਲੋਕਾਂ ਦੇ ਦੁੱਖ-ਸੁੱਖ ਵਿੱਚ ਹਮੇਸ਼ਾ ਨਾਲ ਖੜ੍ਹਨ ਵਾਲੇ ਸਾਬਕਾ ਵਿਧਾਇਕ ਅਤੇ ਕਾਂਗਰਸ ਦੇ ਸੀਨੀਅਰ ਆਗੂ ਸਿਮਰਜੀਤ ਸਿੰਘ ਬੈਂਸ ਵੱਲੋਂ ਸਮਾਜ ਸੇਵਾ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਇੱਕ ਹੋਰ ਲੋੜਵੰਦ ਪਰਿਵਾਰ ਦੀ ਬਾਂਹ ਫੜੀ ਗਈ ਹੈ। ਲੜੀਵਾਰ ਚਲਾਈ ਜਾ ਰਹੀ ਸੇਵਾ ਮੁਹਿੰਮ ਤਹਿਤ ਪਿੰਡ ਦੁੱਗਰੀ ਦੇ ਵਾਸੀ ਛੋਟੇ ਵੀਰ 'ਹੈਪੀ' ਦੇ ਪਰਿਵਾਰ ਲਈ ਇੱਕ ਸੁੰਦਰ ਅਤੇ ਪੱਕੇ ਮਕਾਨ ਦੀ ਉਸਾਰੀ ਕਰਵਾ ਕੇ, ਉਸ ਦੀਆਂ ਚਾਬੀਆਂ ਪਰਿਵਾਰ ਨੂੰ ਸੌਂਪੀਆਂ ਗਈਆਂ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸਿਮਰਜੀਤ ਸਿੰਘ ਬੈਂਸ ਨੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਕਿਹਾ, 'ਗੁਰੂ ਸਾਹਿਬ ਦੀ ਅਪਾਰ ਬਖਸ਼ਿਸ਼ ਨਾਲ ਹੀ ਸਾਨੂੰ ਅਜਿਹੇ ਸੇਵਾ ਕਾਰਜ ਕਰਨ ਦਾ ਬਲ ਅਤੇ ਜ਼ੁੰਮੇਵਾਰੀ ਮਿਲਦੀ ਹੈ। ਜਦੋਂ ਕਿਸੇ ਲੋੜਵੰਦ ਪਰਿਵਾਰ ਦੇ ਸਿਰ 'ਤੇ ਪੱਕੀ ਛੱਤ ਬਣਦੀ ਹੈ, ਤਾਂ ਉਸ ਤੋਂ ਮਿਲਣ ਵਾਲੀ ਖੁਸ਼ੀ ਅਤੇ ਸ਼ਰਧਾ-ਸਕੂਨ ਦਾ ਅਹਿਸਾਸ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ।' ਉਨ੍ਹਾਂ ਆਖਿਆ ਕਿ ਇਹ ਸੇਵਾ ਕਾਰਜ ਕੋਈ ਇੱਕ ਦਿਨ ਦਾ ਉਪਰਾਲਾ ਨਹੀਂ ਹੈ, ਬਲਕਿ ਪਿਛਲੇ ਲੰਮੇ ਸਮੇਂ ਤੋਂ ਉਹ ਨਿਰੰਤਰ ਲੋੜਵੰਦਾਂ ਨੂੰ ਮਕਾਨ ਬਣਾ ਕੇ ਦੇ ਰਹੇ ਹਨ। ਉਨ੍ਹਾਂ ਪ੍ਰਣ ਕੀਤਾ ਕਿ ਇਲਾਕੇ ਵਿੱਚ ਜਿੱਥੇ ਵੀ ਕਿਸੇ ਪਰਿਵਾਰ ਨੂੰ ਛੱਤ ਦੀ ਲੋੜ ਹੋਵੇਗੀ, ਉਸ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ ਤਾਂ ਜੋ ਕੋਈ ਵੀ ਗਰੀਬ ਪਰਿਵਾਰ ਬਿਨਾਂ ਛੱਤ ਤੋ

ਐਲਪੀਯੂ ਹਿੰਸਾ ਮਾਮਲੇ 'ਚ 2 ਹੋਰ ਨੌਜਵਾਨ ਗ੍ਰਿਫ਼ਤਾਰ, ਯੋਗੇਸ਼ ਅਪੂਰਵਾ ਤੇ ਆਦਿਤਿਆ ਕਾਬੂ; ਹੁਣ ਤੱਕ 11 ਗ੍ਰਿਫ਼ਤਾਰ

ਜਲੰਧਰ/ਫਗਵਾੜਾ (ਕੰਵਲਜੀਤ ਸਿੰਘ ਮੱਕੜ ਤੇ ਜੇ ਐਸ ਸੰਧੂ) ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਕੁਝ ਦਿਨ ਪਹਿਲਾਂ ਹੋਈ ਹਿੰਸਾ ਅਤੇ ਹੰਗਾਮੇ ਦੇ ਮਾਮਲੇ ਵਿੱਚ ਪੁਲਿਸ ਨੇ ਕਾਰਵਾਈ ਨੂੰ ਹੋਰ ਤੇਜ਼ ਕਰਦਿਆਂ 2 ਹੋਰ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਯੋਗੇਸ਼ ਅਪੂਰਵਾ ਵਾਸੀ ਮੇਹਰਾਟਾ, ਰਾਜਸਥਾਨ ਅਤੇ ਆਦਿਤਿਆ ਵਾਸੀ ਹਾਜੀਪੁਰ, ਉੱਤਰ ਪ੍ਰਦੇਸ਼ ਵਜੋਂ ਹੋਈ ਹੈ। ਪੁਲਿਸ ਮੁਤਾਬਕ ਦੋਵਾਂ ਨੂੰ ਹਿੰਸਾ ਦੌਰਾਨ ਗੱਡੀਆਂ ਦੀ ਭੰਨਤੋੜ ਕਰਨ ਦੇ ਮਾਮਲੇ ਵਿੱਚ ਕਾਬੂ ਕੀਤਾ ਗਿਆ ਹੈ। ਪੁਲਿਸ ਵੱਲੋਂ ਦੋਵਾਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰਨ ਦੀ ਕਾਰਵਾਈ ਕੀਤੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਵੱਲੋਂ ਮਾਮਲੇ ਸਬੰਧੀ ਜਲਦ ਹੀ ਪ੍ਰੈੱਸ ਕਾਨਫਰੰਸ ਕਰਕੇ ਹੋਰ ਅਹਿਮ ਖੁਲਾਸੇ ਕੀਤੇ ਜਾਣ ਦੀ ਸੰਭਾਵਨਾ ਹੈ। ਜਾਣਕਾਰੀ ਅਨੁਸਾਰ ਇਸ ਤੋਂ ਪਹਿਲਾਂ ਪੁਲਿਸ ਵੱਲੋਂ ਇਸ ਮਾਮਲੇ ਵਿੱਚ 9 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ, ਜਦਕਿ 20 ਵਿਅਕਤੀਆਂ ਨੂੰ ਨਾਮਜ਼ਦ ਕੀਤਾ ਗਿਆ ਹੈ। ਪੁਲਿਸ ਵੱਲੋਂ ਮਾਮਲੇ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਅਤੇ ਗ੍ਰਿਫ਼ਤਾਰੀ ਲਈ ਜਾਂਚ ਜਾਰੀ ਹੈ। ਕੁਝ ਦਿਨ ਪਹਿਲਾਂ ਡੀਆਈਜੀ ਨਵੀਨ ਸਿੰਗਲਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਸੀ ਕਿ ਐਲਪੀਯੂ ਵਿੱਚ ਹੰਗਾਮਾ ਕਰਨ ਦੇ ਮਾਮਲੇ ਵਿੱਚ ਫਗਵਾੜਾ ਤੋਂ 2 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪੁਲਿਸ ਵੱਲੋਂ ਜੰਮੂ ਅਤੇ ਮੁੰਬਈ ਤੋਂ ਵੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸੇ ਦੌਰਾਨ ਹਿੰਸਾ ਦੇ ਸਮੇਂ ਯੂਨੀਵਰਸਿਟੀ ਕੈਂਪਸ ਦੇ ਬਾਹਰ ਸਥਾਪਤ ਮਿਗ-23ਯੂਐਮ ਲੜਾਕੂ ਜਹਾਜ਼ 'ਤੇ ਚੜ੍ਹਨ ਵਾਲੇ ਵਿਅਕਤੀ ਦੀ ਵੀ ਪੁਲਿਸ ਨੇ ਪਛਾਣ ਕਰ ਲਈ ਸੀ। ਪੁਲਿਸ ਨੇ ਉਸ ਨੂੰ ਹਿਮਾਚਲ ਪ੍ਰਦੇਸ਼ ਦੇ ਮੰਡੀ ਤੋਂ ਕਾਬੂ ਕੀਤਾ ਸੀ। ਪੁਲਿਸ ਮੁਤਾਬਕ ਉਹ ਨਾਬਾਲਗ ਹੈ ਅਤੇ ਐਲਪੀਯੂ ਦਾ ਵਿਦਿਆਰਥੀ ਹੈ। ਉਸ ਦੇ ਪਿਤਾ ਮੰਡੀ ਦੇ ਡੀਸੀ ਦਫ਼ਤਰ ਵਿੱਚ ਅਧਿਕਾਰੀ ਵਜੋਂ ਤਾਇਨਾਤ ਦੱਸੇ ਗਏ ਹਨ। ਡੀਆਈਜੀ ਨਵੀਨ ਸਿੰਗਲਾ ਨੇ ਦੱਸਿਆ ਸੀ ਕਿ ਹੰਗਾਮੇ ਦੌਰਾਨ ਕੁਝ ਵਿਦਿਆਰਥੀਆਂ ਵੱਲੋਂ ਪੁਲਿਸ ਅਤੇ ਮੀਡੀਆ 'ਤੇ ਪਥਰਾਅ ਕੀਤਾ ਗਿਆ। ਇਸ ਦੌਰਾਨ ਕਈ ਵਾਹਨਾਂ ਦੀ ਭੰਨਤੋੜ ਕੀਤੀ ਗਈ ਅਤੇ ਕੁਝ ਵਾਹਨਾਂ ਨੂੰ ਅੱਗ ਵੀ ਲਗਾਈ ਗਈ। ਸਥਿਤੀ ਨੂੰ ਕਾਬੂ ਕਰਨ ਲਈ ਪੁਲਿਸ ਟੀਮਾਂ ਨੇ ਹੰਗਾਮਾ ਕਰ ਰਹੇ ਲੋਕਾਂ ਨੂੰ ਮੌਕੇ ਤੋਂ ਹਟਾਇਆ। ਡੀਆਈਜੀ ਨੇ ਸਪੱਸ਼ਟ ਕੀਤਾ ਸੀ ਕਿ ਪੁਲਿਸ ਵੱਲੋਂ ਸ਼ੁਰੂਆਤ ਵਿੱਚ ਕੋਈ ਲਾਠੀਚਾਰਜ ਨਹੀਂ ਕੀਤਾ ਗਿਆ ਸੀ। ਉਨ੍ਹਾਂ ਮੁਤਾਬਕ ਜਦੋਂ ਪਥਰਾਅ ਸ਼ੁਰੂ ਹੋਇਆ ਅਤੇ ਵਾਹਨਾਂ ਨੂੰ ਅੱਗ ਲਗਾਈ ਗਈ ਤਾਂ ਸਥਿਤੀ ਨੂੰ ਕਾਬੂ ਕਰਨ ਲਈ ਪੁਲਿਸ ਨੇ ਹੰਗਾਮਾ ਕਰ ਰਹੇ ਲੋਕਾਂ ਨੂੰ ਉੱਥੋਂ ਹਟਾਇਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (SIT) ਦਾ ਗਠਨ ਕੀਤਾ ਗਿਆ ਹੈ। SIT ਵੱਲੋਂ ਸੋਸ਼ਲ ਮੀਡੀਆ, ਨਿਊਜ਼ ਚੈਨਲਾਂ, ਐਲਪੀਯੂ ਕੈਂਪਸ ਅਤੇ ਹੋਰ ਥਾਵਾਂ ਦੀ ਸੀਸੀਟੀਵੀ ਫੁਟੇਜ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਇਨ੍ਹਾਂ ਫੁਟੇਜਾਂ ਅਤੇ ਹੋਰ ਸਬੂਤਾਂ ਦੇ ਆਧਾਰ 'ਤੇ ਹੰਗਾਮੇ ਅਤੇ ਭੰਨਤੋੜ ਵਿੱਚ ਸ਼ਾਮਲ ਵਿਅਕਤੀਆਂ ਦੀ ਪਛਾਣ ਕੀਤੀ ਜਾ ਰਹੀ ਹੈ। ਇਸ ਮਾਮਲੇ ਸਬੰਧੀ ਥਾਣਾ ਸਤਨਾਮਪੁਰਾ ਵਿੱਚ ਐਫਆਈਆਰ ਨੰਬਰ 163 ਅਤੇ ਥਾਣਾ ਸਦਰ ਫਗਵਾੜਾ ਵਿੱਚ ਐਫਆਈਆਰ ਨੰਬਰ 106 ਦਰਜ ਕੀਤੀ ਗਈ ਹੈ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਅੱਗੇ ਵਧਣ ਦੇ ਨਾਲ ਹੋਰ ਗ੍ਰਿਫ਼ਤਾਰੀਆਂ ਵੀ ਹੋ ਸਕਦੀਆਂ ਹਨ।

ਮੁੱਖ ਮੰਤਰੀ ਮਾਨ ਖਾਲੀ ਹੱਥ ਪਰਤੇ; ਹਸਪਤਾਲ ਦਾ ਦਰਜਾ ਘਟਾਉਣ ਅਤੇ ਗੰਦਗੀ ਦੇ ਢੇਰਾਂ ਕਾਰਨ ਸ਼ਹਿਰ ਵਾਸੀਆਂ ਚ ਗੁੱਸਾ

4 ਅਕਤੂਬਰ ਸ੍ਰੀ ਖਡੂਰ ਸਾਹਿਬ (ਨਰਿੰਦਰਪਾਲ ਸਿੰਘ ਕਾਲੜਾ) ਪਵਿੱਤਰ ਨਗਰੀ ਸ੍ਰੀ ਗੋਇੰਦਵਾਲ ਸਾਹਿਬ ਦੀ ਇਤਿਹਾਸਕ ਧਰਤੀ ਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵਲੋਂ ਪਿਛਲੇ ਦਿਨੀਂ ਕੀਤੀਆਂ ਗਈਆਂ ਦੋ-ਦੋ ਸਿਆਸੀ ਕਾਨਫਰੰਸਾਂ ਤੋਂ ਬਾਅਦ ਇਲਾਕਾ ਵਾਸੀਆਂ ਵਿੱਚ ਭਾਰੀ ਮਾਯੂਸੀ ਦਾ ਆਲਮ ਦੇਖਣ ਨੂੰ ਮਿਲ ਰਿਹਾ ਹੈ। ਪੰਜਾਬ ਸਰਕਾਰ ਦੀ ਇਸ ਅਣਦੇਖੀ ਅਤੇ ਰੱਵਈਏ ਤੇ ਤਿੱਖਾ ਹਮਲਾ ਬੋਲਦਿਆਂ ਪ੍ਰਮੁੱਖ ਆਗੂ ਗੁਲਵਿੰਦਰ ਸਿੰਘ ਰਾਏ ਨੇ ਪ੍ਰੈੱਸ ਮਿਲਣੀ ਦੌਰਾਨ ਆਖਿਆ ਕਿ ਗੋਇੰਦਵਾਲ ਸਾਹਿਬ ਨਾਲ ਕੀਤਾ ਜਾ ਰਿਹਾ ਮਤਰੇਈ ਮਾਂ ਵਾਲਾ ਵਤੀਰਾ ਇਲਾਕੇ ਦੀ ਸੰਗਤ ਅਤੇ ਆਮ ਜਨਤਾ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗੀ। ਗੁਲਵਿੰਦਰ ਸਿੰਘ ਰਾਏ ਨੇ ਪੰਜਾਬ ਸਰਕਾਰ ਤੇ ਸ਼ਬਦੀ ਤੀਰ ਚਲਾਉਂਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਉਮੀਦ ਸੀ ਕਿ ਮੁੱਖ ਮੰਤਰੀ ਭਗਵੰਤ ਮਾਨ ਇਸ ਗੁਰੂ-ਘਰ ਦੀ ਨਗਰੀ ਲਈ ਕੋਈ ਵੱਡਾ ਵਿਕਾਸ ਪੈਕੇਜ, ਨਵਾਂ ਖੇਡ ਸਟੇਡੀਅਮ, ਇੰਡਸਟਰੀ ਲਈ ਵਿਸ਼ੇਸ਼ ਰਿਆਇਤਾਂ ਜਾਂ ਪਲਾਟ ਹੋਲਡਰਾਂ ਦੀਆਂ ਲਮਕਦੀਆਂ ਮੁਸ਼ਕਿਲਾਂ ਦਾ ਪੱਕਾ ਹੱਲ ਐਲਾਨਣਗੇ। ਪਰ ਅਫ਼ਸੋਸ, ਮੁੱਖ ਮੰਤਰੀ ਸਾਹਿਬ ਆਏ, ਲੋਕਾਂ ਨੂੰ ਚੁਟਕੁਲੇ ਸੁਣਾ ਕੇ ਹਸਾਇਆ ਅਤੇ ਬਿਨਾਂ ਕੋਈ ਠੋਸ ਸੁਗਾਤ ਦਿੱਤੇ ਖਾਲੀ ਹੱਥ ਪਰਤ ਗਏ। ਰਾਏ ਨੇ ਅੱਗੇ ਦੋਸ਼ ਲਾਇਆ ਕਿ ਵਿਕਾਸ ਦੇ ਵੱਡੇ-ਵੱਡੇ ਦਾਅਵੇ ਕਰਨ ਵਾਲੀ ਸਰਕਾਰ ਨੇ ਨਵਾਂ ਵਿਕਾਸ ਕਰਨਾ ਤਾਂ ਦੂਰ ਦੀ ਗੱਲ, ਪਹਿਲਾਂ ਤੋਂ ਮਿਲ ਰਹੀਆਂ ਸਹੂਲਤਾਂ ਤੇ ਵੀ ਝਾੜੂ ਫੇਰ ਦਿੱਤਾ ਹੈ, ਸ੍ਰੀ ਗੋਇੰਦਵਾਲ ਸਾਹਿਬ ਦੇ ਸਰਕਾਰੀ ਹਸਪਤਾਲ ਦਾ ਦਰਜਾ ਘਟਾ ਕੇ ਉਸ ਨੂੰ ਆਮ ਆਦਮੀ ਕਲੀਨਿਕ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਜੱਚਾ-ਬੱਚਾ ਵਰਗੀਆਂ ਅਹਿਮ ਸਹੂਲਤਾਂ ਬੰਦ ਕਰਕੇ ਇਸ ਨੂੰ ਦੂਰ-ਦੁਰਾਡੇ ਪੇਂਡੂ ਹਸਪਤਾਲ ਵਿੱਚ ਭੇਜਣਾ ਸ਼ਹਿਰ ਵਾਸੀਆਂ ਦੀ ਸਮਝ ਤੋਂ ਬਾਹਰ ਹੈ। ਗੁਰੂ ਨਗਰੀ ਵਿੱਚ ਥਾਂ-ਥਾਂ ਗੰਦਗੀ ਦੇ ਢੇਰ ਲੱਗੇ ਹੋਏ ਹਨ, ਪਰ ਪ੍ਰਸ਼ਾਸਨ ਅਤੇ ਸਰਕਾਰ ਅੱਖਾਂ ਮੀਟ ਕੇ ਬੈਠੀ ਹੈ। ਗੁਲਵਿੰਦਰ ਸਿੰਘ ਰਾਏ ਨੇ ਕਿਹਾ ਕਿ ਗੁਰੂ ਦੀ ਨਗਰੀ ਨਾਲ ਇਹ ਧੱਕਾ ਅਤੇ ਅਣਦੇਖੀ ਬਹੁਤ ਮੰਦਭਾਗੀ ਹੈ। ਆਮ ਆਦਮੀ ਪਾਰਟੀ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡ ਰਹੀ ਹੈ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਆਪ ਸਰਕਾਰ ਨੂੰ ਇਸ ਨਿਘਾਰੂ ਵਤੀਰੇ ਦਾ ਭਾਰੀ ਖ਼ਮਿਆਜ਼ਾ ਭੁਗਤਣਾ ਪਵੇਗਾ। ਇਸ ਪ੍ਰੈੱਸ ਮਿਲਣੀ ਦੌਰਾਨ ਉਹਨਾਂ ਦੇ ਨਾਲ ਆਗੂ ਰਘਬੀਰ ਸਿੰਘ ਵਿਰਕ, ਲਾਡੀ ਬਾਠ, ਸਾਬਕਾ ਸਰਪੰਚ ਮੋਹਨ ਸਿੰਘ ਬੱਲਾ, ਪ੍ਰਤਾਪ ਸਿੰਘ ਪੰਜਾਬੀ ਅਤੇ ਸ਼ਾਮ ਸਿੰਘ ਆਦਿ ਸ਼ਖਸੀਅਤਾਂ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ।

ਸਤਨਾਮ ਜਲਾਲਪੁਰ ਨੇ ਪੁਰਾਣਾ ਪਿੰਡ ਰੱਤੇਵਾਲਾ ਵਿਖੇ ਭਾਰੀ ਇਕੱਠ ਨੂੰ ਕੀਤਾ ਸੰਬੋਧਨ

ਬਲਾਚੌਰ 5 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਸਾਬਕਾ ਚੇਅਰਮੈਨ ਜਿਲਾ ਯੋਜਨਾ ਬੋਰਡ ਅਤੇ ਸਾਬਕਾ ਜਿਲਾ ਪ੍ਰਧਾਨ ਆਮ ਆਦਮੀ ਪਾਰਟੀ ਸ਼ਹੀਦ ਭਗਤ ਸਿੰਘ ਨਗਰ ਨੇ ਪੁਰਾਣਾ ਪਿੰਡ ਰੱਤੇਵਾਲ ਵਿਖੇ ਸਰਪੰਚ ਰਕੇਸ਼ ਕੁਮਾਰ ਦੇ ਨਿਵਾਸ ਅਸਥਾਨ ਤੇ ਲੋਕ ਮਿਲਨੀ ਕੀਤੀ ਜਿੱਥੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਇਸ ਸਮੇਂ ਉਹਨਾਂ ਦੇ ਨਾਲ ਪਾਰਟੀ ਦੇ ਆਗੂ ਰਿਟਾ. ਇੰਸਪੈਕਟਰ ਬਲਦੇਵ ਰਾਜ, ਬਲਾਕ ਪ੍ਰਧਾਨ ਬਲਵੀਰ ਮੀਲੂ ਅਤੇ ਦਵਿੰਦਰ ਪਾਲ ਥਾਨਵਾਲਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਤਨਾਮ ਜਲਾਲਪੁਰ ਅਤੇ ਬਲਦੇਵ ਰਾਜ ਨੇ ਪਾਰਟੀ ਦੇ ਕੀਤੇ ਹੋਏ ਕੰਮਾਂ ਦਾ ਵੇਰਵਾ ਲੋਕਾਂ ਨਾਲ ਸਾਂਝਾ ਕੀਤਾ ਅਤੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੀਆਂ ਦਿੱਤੀਆਂ ਹੋਈਆਂ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ ਅਤੇ ਨਾਲ ਹੀ ਉਹਦਾ ਕੰਮਾਂ ਦਾ ਸੰਖੇਪ ਵਿੱਚ ਵਰਨਣ ਕੀਤਾ ਜਿਨਾਂ ਦਾ ਵਾਇਦਾ ਸਾਡੀ ਪਾਰਟੀ ਨੇ ਵੋਟਾਂ ਵੇਲੇ ਨਹੀਂ ਵੀ ਕੀਤਾ ਸੀ॰ ਉਹਨਾਂ ਕਿਹਾ ਕੀ ਹੁਣ ਫੈਸਲਾ ਲੋਕਾਂ ਨੇ ਕਰਨਾ ਹੈ ਇੱਕ ਪਾਸੇ ਉਹ ਸਰਕਾਰ ਜਿਸ ਨੇ ਸਾਰੇ ਵਾਇਦੇ ਪੂਰੇ ਕੀਤੇ ਅਤੇ ਇੱਕ ਉਹ ਪਿਛਲੀਆਂ ਸਰਕਾਰਾਂ ਜਿਨਾਂ ਨੇ ਲੋਕਾਂ ਨਾਲ ਝੂਠੇ ਵਾਇਦੇ ਕਰਕੇ ਵੋਟਾਂ ਲਈਆਂ ਪਰ ਕੀਤਾ ਕੁਝ ਨਹੀਂ ਉਹਨਾਂ ਨੇ ਦੱਸਿਆ ਕਿਵੇਂ ਸਿੱਖਿਆ ਖੇਤਰ ਵਿੱਚ ਪੰਜਾਬ ਨੂੰ 27ਵੇਂ ਨੰਬਰ ਤੋਂ ਪਹਿਲੇ ਨੰਬਰ ਤੇ ਲਿਆਂਦਾ ਅਤੇ ਨਹਿਰਾਂ ਦਾ ਪਾਣੀ (ਜਿਸ ਦੀ ਵਰਤੋਂ ਸਿਰਫ 22% ਹੁੰਦੀ ਸੀ) ਨੂੰ 80% ਤੋਂ ਵੱਧ ਵਰਤੋਂ ਤੱਕ ਪਹੁੰਚਾਇਆ ਰੱਤੇਵਾਲ ਵਾਸੀਆਂ ਨੇ ਜਿੱਥੇ ਆਗੂਆਂ ਦਾ ਸਵਾਗਤ ਕੀਤਾ ਉੱਥੇ ਵਾਇਦਾ ਵੀ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਉਹ ਮਾਨ ਸਰਕਾਰ ਨੂੰ ਦੁਬਾਰਾ ਪੰਜਾਬ ਵਿੱਚ ਲਿਆਉਣਗੇ ਬਲਦੇਵ ਰਾਜ ਬਜਾੜ, ਡਾ. ਪਰੇਮ ਚੰਦ ,ਲਾਲ ਚੰਦ ,ਜੀਤ ਰਾਮ, ਦੁਰਗਾ ਦਾਸ, ਮਦਨ ਲਾਲ ,ਦਰਸ਼ਨ ਲਾਲ, ਜੋਗਾ ਸਿੰਘ ,ਤੇਜਾ ਸਿੰਘ, ਮਦਨ ਲਾਲ ,ਰਮਨ ਕੁਮਾਰ, ਧਰਮਪਾਲ ਤੋਂ ਇਲਾਵਾ ਬਹੁਤ ਸਾਰੇ ਪਿੰਡ ਵਾਸੀ ਹਾਜਰ ਸਨ

ਪਿੰਡ-ਬੁੰਗੜੀ ਵਿਖੇ ਲੋਕ ਮਿਲਣੀ ਦੌਰਾਨ ਅਜੇ ਮੰਗੂਪੁਰ ਜ਼ਿਲ੍ਹਾ ਦੀ ਅਗਵਾਈ ਹੇਠ ਸੈਂਕੜੇ ਸਾਥੀ ਕਾਂਗਰਸ ਪਾਰਟੀ ਵਿੱਚ ਸ਼ਾਮਲ

ਬਲਾਚੌਰ, 5 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਹਲਕਾ ਬਲਾਚੌਰ ਦੇ ਜ਼ੋਨ-ਭੱਦੀ ਦੇ ਪਿੰਡ-ਬੁੰਗੜੀ ਵਿਖੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਵੱਲੋਂ ਲੋਕ ਮਿਲਣੀ ਕੀਤੀ ਗਈ। ਇਸ ਮੌਕੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨਾਲ ਵਿਚਾਰ ਸਾਂਝੇ ਕੀਤੇ ਗਏ ਅਤੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮਸਲਿਆਂ ਬਾਰੇ ਗੱਲਬਾਤ ਕੀਤੀ ਗਈ। ਲੋਕਾਂ ਵੱਲੋਂ ਮਿਲੇ ਪਿਆਰ ਅਤੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਭੱਦੀ ਦੇ ਸਰਪੰਚ ਪਿਆਰਾ ਲਾਲ ਜੀ ਦੇ ਸਪੁੱਤਰ ਭਜਨ ਲਾਲ ਆਪਣੇ ਸੈਂਕੜੇ ਸਾਥੀਆਂ ਸਮੇਤ ਵੱਖ-ਵੱਖ ਪਾਰਟੀਆਂ ਨੂੰ ਛੱਡ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਨਵੇਂ ਸਾਥੀਆਂ ਦਾ ਕਾਂਗਰਸ ਪਰਿਵਾਰ ਵਿੱਚ ਸਵਾਗਤ ਕਰਦਿਆਂ ਅਜੇ ਮੰਗੂਪੁਰ ਨੇ ਕਿਹਾ ਕਿ ਇਨ੍ਹਾਂ ਸਾਥੀਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਕਾਂਗਰਸ ਨੂੰ ਹੋਰ ਮਜ਼ਬੂਤੀ ਮਿਲੇਗੀ। ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੀ ਆਵਾਜ਼ ਬੁਲੰਦ ਕਰਦੀ ਰਹੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੇ ਵਿਚਾਰ ਸੁਣਨਾ ਅਤੇ ਲੋਕ ਹਿੱਤ ਦੇ ਮੁੱਦਿਆਂ ਨੂੰ ਪਹਿਲ ਦੇਣਾ ਸਾਡੀ ਮੁੱਖ ਤਰਜੀਹ ਹੈ। ਪਿੰਡ ਬੁੰਗੜੀ ਦੇ ਸਮੂਹ ਵਾਸੀਆਂ ਵੱਲੋਂ ਦਿੱਤੇ ਪਿਆਰ ਅਤੇ ਸਹਿਯੋਗ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਚੌਧਰੀ ਦਰਸ਼ਨ ਲਾਲ ਮੰਗਪੁਰ ਸਾਬਕਾ ਵਿਧਾਇਕ ਬਲਾਚੌਰ, ਅਜੇ ਮੰਗਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਤਰਸੇਮ ਚੌਧਰੀ ਸਾਬਕਾ ਚੇਅਰਮੈਨ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ RGPRS, ਬਲਦੇਵ ਚੌਧਰੀ ਰਾਜੂ ਬੁੰਗੜੀ, ਨਾਨਕ ਸਿੰਘ ਬਾਂਠ ਚੇਅਰਪਰਸਨ, ਕੁਲਦੀਪ ਕੁਮਾਰ ਪ੍ਰਧਾਨ ਕਿਸਾਨ ਸੈੱਲ, ਜਿੰਦਰ ਕੁਮਾਰ ਪ੍ਰਧਾਨ ਐਸ ਸੀ ਸੈੱਲ, ਵਿਜੇਪ੍ਰੇਮ ਚੌਧਰੀ ਚੇਅਰਮੈਨ ਜਵਾਹਰ ਬਾਲ ਮੰਚ, ਬਲਬੀਰ ਸਿੰਘਪੁਰ ਵਾਈਸ ਪ੍ਰਧਾਨ ਬਲਾਕ ਸੰਮਤੀ, ਵਿਜੇ ਚੇਅਰਮੈਨ ਟਕਾਰਲਾ, ਮਲਕੀਤ ਸਿੰਘ ਧੌਲ ਜੱਥੇਦਾਰ, ਲਾਲ ਬਹਾਦੁਰ ਗਾਂਧੀ ਸਾਬਕਾ ਕੌਂਸਲਰ, ਹੇਮੰਤ ਚੌਧਰੀ ਮੰਡਲ ਪ੍ਰਧਾਨ, ਸ਼ਾਮ ਚੌਧਰੀ ਮੰਡਲ ਪ੍ਰਧਾਨ, ਕੁਲਵਿੰਦਰ ਮੰਡ ਸੋਸ਼ਲ ਮੀਡੀਆ ਇੰਚਾਰਜ, ਮਨੋਹਰ ਲਾਲ ਭਾਟੀਆ ਸੀਨੀਅਰ ਆਗੂ, ਸੁਰਿੰਦਰ ਸ਼ਿੰਦਾ ਪ੍ਰਧਾਨ, ਅਰਜੁਨ ਸਿੰਘ ਆਗੂ,ਹਰਮੇਸ਼ ਚੌਧਰੀ ਸਾਬਕਾ ਸਰਪੰਚ ਉਧਨਵਾਲ, ਰਘੁਵੀਰ ਚੌਧਰੀ, ਧਰਮਪਾਲ ਚੌਧਰੀ, ਕੁਲਦੀਪ ਬਾਬਾ ਮੰਢਿਆਣੀ, ਧਰਮਵੀਰ ਟਕਾਰਲਾ ਜਨਰਲ ਸਕੱਤਰ ਡੀਸੀਸੀ, ਕੇਵਲ ਚੌਧਰੀ ਸਾਬਕਾ ਸਰਪੰਚ, ਅੰਮ੍ਰਿਤ ਮੰਗੂਪੁਰ ਯੂਥ ਆਗੂ, ਸੀਤਾਰਾਮ ਚੌਧਰੀ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

ਵਿਸ਼ਵ ਕੁਸ਼ਟ ਰੋਗ ਜਾਗਰੂਕਤਾ ਮੁਹਿੰਮ ਤਹਿਤ ਲਗਭਗ 100 ਕੁਸ਼ਟ ਰੋਗੀਆਂ ਨੂੰ ਐੱਮ.ਸੀ.ਆਰ. ਫੁੱਟਵੇਅਰ ਅਤੇ ਅਲਸਰ ਕੇਅਰ ਕਿੱਟਾਂ ਵੰਡੀਆਂ

ਅੰਮ੍ਰਿਤਸਰ, 5 ਅਕਤੂਬਰ (ਰਾਜੇਸ਼ ਡੈਨੀ) ਸਿਵਲ ਸਰਜਨ ਅੰਮ੍ਰਿਤਸਰ ਡਾ. ਭਾਰਤੀ ਧਵਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਰਸ਼ਮੀ ਵਿੱਜ ਦੀ ਅਗਵਾਈ ਹੇਠ ਜ਼ਿਲ੍ਹਾ ਲੈਪ੍ਰੋਸੀ ਅਫਸਰ ਡਾ. ਸੁਨੀਤਾ ਵੱਲੋਂ ਸ੍ਰੀ ਗੁਰੂ ਰਾਮਦਾਸ ਕੁਸ਼ਟ ਆਸ਼ਰਮ, ਅੰਮ੍ਰਿਤਸਰ ਵਿਖੇ ਵਿਸ਼

ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਦੀ ਮੀਟਿੰਗ, ਸੁਰਿੰਦਰ ਪਾਲ ਸਿੰਘ ਪਟਨਾ ਨੂੰ ਜੁਆਇੰਟ ਸਕੱਤਰ ਪੰਜਾਬ ਦੀ ਜ਼ਿੰਮੇਵਾਰੀ

ਜਲੰਧਰ/ਲੁਧਿਆਣਾ, 4 ਅਕਤੂਬਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਰਜਿ. (ਪੰਜਾਬ) ਦੀ ਇੱਕ ਅਹਿਮ ਮੀਟਿੰਗ ਬੀਤੇ ਦਿਨ ਸ਼ਨੀਵਾਰ, 3 ਅਕਤੂਬਰ 2026 ਨੂੰ ਲੁਧਿਆਣਾ ਦੇ ਗਾਂਧੀਨਗਰ ਵਿਖੇ ਹੋਈ। ਮੀਟਿੰਗ ਦੌਰਾਨ ਐਸੋਸੀਏਸ਼ਨ ਦੀਆਂ ਗਤੀਵਿਧੀਆਂ, ਪੱਤਰਕਾਰਾਂ ਨਾਲ ਸਬੰਧਤ ਮਸਲਿਆਂ ਅਤੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਸੁਰਿੰਦਰ ਪਾਲ ਸਿੰਘ ਪਟਨਾ ਨੂੰ ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਪੰਜਾਬ ਦਾ ਜੁਆਇੰਟ ਸਕੱਤਰ ਨਿਯੁਕਤ ਕੀਤਾ ਗਿਆ। ਉਨ੍ਹਾਂ ਦੀ ਨਿਯੁਕਤੀ 'ਤੇ ਹਾਜ਼ਰ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਅਤੇ ਆਸ ਪ੍ਰਗਟਾਈ ਗਈ ਕਿ ਉਹ ਐਸੋਸੀਏਸ਼ਨ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਵਿੱਚ ਆਪਣੀ ਭੂਮਿਕਾ ਨਿਭਾਉਣਗੇ। ਜਰਨਲਿਸਟ ਪ੍ਰੈੱਸ ਐਸੋਸੀਏਸ਼ਨ ਦੇ ਸਰਪ੍ਰਸਤ ਸ੍ਰੀ ਜੇ. ਐਸ. ਸੰਧੂ, ਚੇਅਰਮੈਨ ਰਾਕੇਸ਼ ਖੰਨਾ, ਪ੍ਰਧਾਨ ਰਾਕੇਸ਼ ਦੁੱਗਲ, ਸੂਬਾ ਸਕੱਤਰ ਹਰਮੀਤ ਸਿੰਘ ਭਾਟੀਆ ਅਤੇ ਜ਼ਿਲ੍ਹਾ ਚੇਅਰਮੈਨ ਅਸ਼ੋਕ ਪੂਰੀ ਸਮੇਤ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ। ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ. ਕਰਤਾਰ ਸਿੰਘ ਪਟਨਾ, ਰਿਸ਼ੀ ਗਾਂਧੀ, ਸ਼ੈਂਕੀ ਪਾਹਵਾ, ਨਾਰੰਗ ਗਾਰਮੈਂਟਸ ਗਾਂਧੀਨਗਰ ਦੇ ਨੁਮਾਇੰਦੇ ਅਤੇ ਗਾਂਧੀਨਗਰ ਦੇ ਹੋਰ ਵਪਾਰੀ ਵੀ ਮੌਜੂਦ ਰਹੇ। ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਕਿਹਾ ਕਿ ਪੱਤਰਕਾਰਾਂ ਦੇ ਹਿੱਤਾਂ ਦੀ ਰਾਖੀ, ਪੱਤਰਕਾਰ ਭਾਈਚਾਰੇ ਨੂੰ ਦਰਪੇਸ਼ ਸਮੱਸਿਆਵਾਂ ਨੂੰ ਉਚਿਤ ਪੱਧਰ 'ਤੇ ਉਠਾਉਣ ਅਤੇ ਪੱਤਰਕਾਰਾਂ ਵਿੱਚ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਲਈ ਜਥੇਬੰਦੀ ਵੱਲੋਂ ਲਗਾਤਾਰ ਯਤਨ ਕੀਤੇ ਜਾਣਗੇ। ਨਵੇਂ ਨਿਯੁਕਤ ਜੁਆਇੰਟ ਸਕੱਤਰ ਸੁਰਿੰਦਰ ਪਾਲ ਸਿੰਘ ਪਟਨਾ ਨੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਐਸੋਸੀਏਸ਼ਨ ਦੀ ਮਜ਼ਬੂਤੀ ਲਈ ਹਰ ਸੰਭਵ ਯਤਨ ਕਰਨਗੇ।

ਸੀਪੀਆਈ (ਐੱਮ) ਵੱਲੋਂ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੂੰ ਪ੍ਰਧਾਨ ਮੰਤਰੀ ਅਤੇ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ ਸੌਂਪਿਆ

ਬਲਾਚੌਰ 5 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਸੀਪੀਆਈ (ਐੱਮ) ਦੀ ਕੇਂਦਰੀ ਕਮੇਟੀ ਦੇ ਦੇਸ਼-ਵਿਆਪੀ ਸੱਦੇ ਤੇ ਤਹਿਸੀਲ ਕਮੇਟੀ ਬਲਾਚੌਰ ਵੱਲੋਂ ਪਾਰਟੀ ਦੇ ਸੀਨੀਅਰ ਆਗੂ ਅਤੇ ਤਹਿਸੀਲ ਸੈਕਟਰੀ ਮਾਸਟਰ ਪ੍ਰੇਮ ਰੱਕੜ ਦੀ ਅਗਵਾਈ ਹੇਠ ਇਕ ਵਿਸ਼ੇਸ਼ ਵਫ਼ਦ ਵੱਲੋਂ ਬਲਾਚੌਰ ਵਿਧਾਨ ਸਭਾ ਹਲਕੇ ਦੇ ਐੱਮ.ਐੱਲ.ਏ. ਸ੍ਰੀਮਤੀ ਸੰਤੋਸ਼ ਕਟਾਰੀਆ ਨੂੰ ਇੱਕ ਅਹਿਮ ਮੰਗ ਪੱਤਰ ਸੌਂਪਿਆ ਗਿਆ। ਆਗੂਆਂ ਨੇ ਵਿਧਾਇਕਾ ਨੂੰ ਅਪੀਲ ਕੀਤੀ ਕਿ ਇਸ ਮੰਗ ਪੱਤਰ ਨੂੰ ਤੁਰੰਤ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਪੰਜਾਬ ਦੇ ਮੁੱਖ ਮੰਤਰੀ ਤੱਕ ਪਹੁੰਚਾਇਆ ਜਾਵੇ। ਮੰਗ ਪੱਤਰ ਦੇਣ ਤੋਂ ਪਹਿਲਾਂ, ਸੀਪੀਆਈ (ਐੱਮ) ਦੇ ਦਫ਼ਤਰ ਬਾਬਾ ਵਤਨ ਸਿੰਘ ਟੱਪਰੀਆਂ ਭਵਨ ਵਿਖੇ ਪਾਰਟੀ ਵਰਕਰਾਂ ਅਤੇ ਸਮਰਥਕਾਂ ਦਾ ਇੱਕ ਭਾਰੀ ਇਕੱਠ ਕੀਤਾ ਗਿਆ। ਇਸ ਮੌਕੇ ਇਕੱਤਰ ਵਰਕਰਾਂ ਨੂੰ ਸੰਬੋਧਨ ਕਰਦਿਆਂ ਸੀਪੀਆਈ (ਐੱਮ) ਦੇ ਸੀਨੀਅਰ ਆਗੂ ਅਤੇ ਸੀਟੂ ਪੰਜਾਬ ਦੇ ਸੂਬਾ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ ਨੇ ਮੰਗ ਪੱਤਰ ਵਿੱਚ ਸ਼ਾਮਲ ਮੁੱਖ ਮੰਗਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕੇਂਦਰ ਦੀ ਮੋਦੀ ਸਰਕਾਰ ਦੀਆਂ ਆਰਥਿਕ ਅਤੇ ਸਮਾਜਿਕ ਨੀਤੀਆਂ ਦੀ ਤਿੱਖੀ ਆਲੋਚਨਾ ਕਰਦਿਆਂ ਹੇਠ ਲਿਖੀਆਂ ਮੁੱਖ ਮੰਗਾਂ ਨੂੰ ਤੁਰੰਤ ਪੂਰਾ ਕਰਨ ਤੇ ਜ਼ੋਰ ਕੇਂਦਰ ਸਰਕਾਰ ਵੱਲੋਂ ਲਿਆਂਦੇ ਗਏ 4 ਨਵੇਂ ਲੇਬਰ ਕੋਡਾਂ ਨੂੰ ਤੁਰੰਤ ਵਾਪਸ ਲਿਆ ਮਨਰੇਗਾ ਕਾਨੂੰਨ ਦੀ ਥਾਂ ਲਾਗੂ ਕੀਤੇ ਜਾ ਰਹੇ ਜੀ ਰਾਮ ਜੀ ਕਾਨੂੰਨ ਨੂੰ ਰੱਦ ਕਰਕੇ ਮਨਰੇਗਾ ਨੂੰ ਪੁਰਾਣੇ ਅਤੇ ਪ੍ਰਭਾਵਸ਼ਾਲੀ ਸਰੂਪ ਵਿੱਚ ਬਹਾਲ ਕੀਤਾ ਜਾਵੇ। ਕਿਸਾਨਾਂ ਅਤੇ ਆਮ ਜਨਤਾ ਵਿਰੋਧੀ ਬਿਜਲੀ ਬਿੱਲ 2025 ਅਤੇ ਬੀਜ ਬਿੱਲ 2025 ਦੀਆਂ ਤਜਵੀਜ਼ਾਂ ਨੂੰ ਮੁਕੰਮਲ ਤੌਰ ਤੇ ਰੱਦ ਕੀਤਾ ਜਾਵੇ। ਅਮਰੀਕਾ ਨਾਲ ਕੀਤੇ ਜਾ ਰਹੇ ਦੇਸ਼-ਵਿਰੋਧੀ ਮੁਕਤ ਵਪਾਰ ਸਮਝੌਤੇ ਨੂੰ ਤੁਰੰਤ ਰੋਕਿਆ ਜਾਵੇ ਗਰੀਬ ਖੇਤ ਮਜ਼ਦੂਰਾਂ ਅਤੇ ਕਿਸਾਨਾਂ ਸਿਰ ਚੜ੍ਹਿਆ ਸਮੁੱਚਾ ਕਰਜ਼ਾ ਇੱਕਮੁਸ਼ਤ ਮਾਫ਼ ਕੀਤਾ ਜਾਵੇ।ਵਿਧਾਇਕਾ ਸੰਤੋਸ਼ ਕਟਾਰੀਆ ਨੂੰ ਮੰਗ ਪੱਤਰ ਸੌਂਪਣ ਵੇਲੇ ਪਾਰਟੀ ਦੇ ਆਗੂਆਂ ਅਤੇ ਮਜ਼ਦੂਰ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਇਸ ਮੌਕੇ ਮੁੱਖ ਤੌਰ ਤੇ ਹਾਜ਼ਰ ਆਗੂਆਂ ਵਿੱਚ ਸਰਵਸਾਥੀ ਦਿਲਬਾਗ ਸਿੰਘ ਕਗਣਾ ਬੇਟ, ਹੁਸਨ ਚੰਦ ਮਝੇਟ, ਅੱਛਰ ਸਿੰਘ ਟੋਰੋਵਾਲ, ਭਗਤ ਸਿੰਘ ਨੰਬਰਦਾਰ ਕੌਲਗੜ੍ਹ, ਸ਼੍ਰੀ ਆਂਸ਼ ਪੇਪਰ ਮਿੱਲ ਟੀਸਾ ਦੇ ਪ੍ਰਧਾਨ ਸੁਖਦੇਵ ਸਿੰਘ, ਅਮਰੀਕ ਸਿੰਘ ਜੈਨਪੁਰ, ਗੁਰਚਰਨ ਜੈਨਪੁਰ, ਅਵਤਾਰ ਸਿੰਘ, ਜੀਤ ਸਿੰਘ ਫਿਰਨੀ ਮਜਾਰਾ ਅਤੇ ਨਨੇ ਖ਼ਾਨ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਸ਼ਾਮਲ ਸਨ।ਪ੍ਰੋਗਰਾਮ ਦੇ ਅਖੀਰ ਵਿੱਚ ਤਹਿਸੀਲ ਸੈਕਟਰੀ ਮਾਸਟਰ ਪ੍ਰੇਮ ਰੱਕੜ ਨੇ ਮੰਗ ਪੱਤਰ ਮੁਹਿੰਮ ਵਿੱਚ ਪਹੁੰਚੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਲੋਕ-ਹਿੱਤੂ ਸੰਘਰਸ਼ਾਂ ਵਿੱਚ ਡਟ ਕੇ ਪਹਿਰਾ ਦੇਣ ਦਾ ਅਹਿਦ ਲਿਆ।

ਡਾ: ਸਾਗਰ ਮੁਨੀ ਸ਼ਾਸਤਰੀ ਨੂੰ ਮਹੰਤ ਗੋਪੀਰਾਜ ਬਾਬਾ ਕਰੰਜੇਕਰ ਮਹੰਤੀ ਨੇ ਕੀਤਾ ਸਨਮਾਨਿਤ

ਅੰਮ੍ਰਿਤਸਰ 5 ਅਕਤੂਬਰ (ਗੌਰਵ ਮਲਹੋਤਰਾ) ਚੌਕ ਪਾਸੀਆਂ ਵਿਖੇ ਸਥਿਤ ਜੈ ਕ੍ਰਿਸ਼ਨ ਮੰਦਿਰ ਦੇ ਸੰਚਾਲਕ ਡਾ: ਸਾਗਰ ਮੁਨੀ ਸ਼ਾਸਤਰੀ ਨੂੰ ਅਖਿਲ ਭਾਰਤੀਯ ਮਹਾਨੁਭਾਵ ਪ੍ਰੀਸ਼ਦ ਦੇ ਪ੍ਰਧਾਨ ਅਤੇ ਕਵੀਸ਼ਵਰ ਕੁਲਾਚਾਰੀਆ 108 ਮਹੰਤ ਸ਼੍ਰੀ ਬਾਬਾ ਕਰੰਜੇਕਰ ਵੱਲੋਂ ਅਚਾਰੀਆ ਮਹੰਤ ਸ਼੍ਰੀ ਗੋਪੀਰਾਜ ਬਾਬਾ ਕਰਣਜੇਕਰ ਨੂੰ ਗੱਦੀ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਕਾਰਜ ਵਿਸ਼ਾਲ ਬ੍ਰਹਮ ਰੂਪ ਵਿਚ ਸੰਪੂਰਨ ਹੋਇਆ। ਕੁਲਪਤੀ ਦੇ ਨਾਲ ਸਾਰੇ ਮਹੰਤ ਭਾਈ ਗੱਦੀਆਂ ਨੇ ਸ਼ਾਸਤਰੀ ਜੀ ਨੂੰ ਰਵਾਇਤੀ ਉੱਚੀ ਆਸਨ ਤੇ ਬਿਠਾਇਆ ਅਤੇ ਉਨ੍ਹਾਂ ਨੂੰ ਮਾਨਤਾ ਦੇ ਕੱਪੜੇ ਭੇਟ ਕੀਤੇ। ਨੂਤਨ ਮਹੰਤ ਦੇ ਪਹੁੰਚਣ ਤੇ ਸਮੂਹ ਸ਼ਰਧਾਲੂਆਂ ਨੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ । ਸਮਾਗਮ ਨੂੰ ਸੰਬੋਧਨ ਕਰਦਿਆਂ ਮਹੰਤ ਕਰੰਜੇਕਰ ਬਾਬਾ ਨੇ ਕਿਹਾ ਕਿ ਸਾਡੀ ਪਰੰਪਰਾ ਵਿੱਚ ਮਹਿੰਦੀ ਕਿਸੇ ਯੋਗ ਵਿਅਕਤੀ ਨੂੰ ਦਿੱਤੀ ਜਾਂਦੀ ਹੈ ਅਤੇ ਡਾ: ਸਾਗਰ ਮੁਨੀ ਸ਼ਾਸਤਰੀ ਨੇ ਆਪਣਾ ਜੀਵਨ ਧਰਮ ਅਤੇ ਸਮਾਜ ਨੂੰ ਸਮਰਪਿਤ ਕਰਕੇ ਆਪਣੀ ਯੋਗਤਾ ਸਾਬਤ ਕੀਤੀ ਹੈ । ਇਸੇ ਲਈ ਅੱਜ ਜੈ ਕ੍ਰਿਸ਼ਨ ਸੰਪਰਦਾ ਦੀ ਪਰੰਪਰਾ ਦੀ ਮੁੱਖ ਮਹਿੰਦੀ ਉਨ੍ਹਾਂ ਨੂੰ ਦਿੱਤੀ ਜਾ ਰਹੀ ਹੈ। ਸ਼ਾਸਤਰੀ ਜੀ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਮਹੰਤ ਬਣਨਾ ਇੱਕ ਜ਼ਿੰਮੇਵਾਰੀ ਹੈ, ਅੱਜ ਮਹੰਤ ਸਮਾਜ ਨੇ ਜੋ ਜ਼ਿੰਮੇਵਾਰੀ ਮੈਨੂੰ ਸੌਂਪੀ ਹੈ, ਮੈਂ ਉਸ ਨੂੰ ਪੂਰਾ ਕਰਾਂਗਾ। ਇਸ ਉਪਰੰਤ ਆਏ ਹੋਏ ਸਾਰੇ ਮਹੰਤਾਂ ਦੀ ਪੂਜਾ ਕੀਤੀ ਗਈ ਅਤੇ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਮੰਦਰ ਦੀ ਮੁਖੀ ਅੰਜਨਾ ਲੂਥਰਾ, ਕੀਰਤੀਕਾ ਧਵਨ, ਅਖਿਲ ਧਵਨ, ਮਹੰਤ ਨਾਂਦੇੜਕਰ ਬਾਬਾ, ਮਹੰਤ ਯਸ਼ਰਾਜ ਸ਼ਾਸਤਰੀ, ਮਹੰਤ ਕ੍ਰਿਸ਼ਨਰਾਜ ਬਾਬਾ, ਮਹੰਤ ਕਨਹੈਰਾਜ ਬਾਬਾ ਆਦਿ ਸੰਤ-ਮਹਾਂਪੁਰਸ਼ ਅਤੇ ਵੱਡੀ ਗਿਣਤੀ ਚ ਸ਼ਰਧਾਲੂ ਹਾਜ਼ਰ ਸਨ ।

ਖੱਤਰੀ ਸਭਾ ਮਹਿਲਾ ਮੰਡਲ ਅੰਮ੍ਰਿਤਸਰ ਰਾਸ਼ਟਰੀ ਪੱਧਰ 'ਤੇ ਸਨਮਾਨਿਤ

ਅੰਮ੍ਰਿਤਸਰ 5 ਅਕਤੂਬਰ (ਰਾਜੇਸ਼ ਡੈਨੀ) ਸਮਾਜ ਭਲਾਈ ਦੇ ਵੱਖ-ਵੱਖ ਖੇਤਰਾਂ ਵਿੱਚ ਪਿਛਲੇ 15 ਸਾਲਾਂ ਤੋਂ ਲਗਾਤਾਰ ਅਗਾਂਹਵਧੂ ਭੂਮਿਕਾ ਨਿਭਾ ਰਹੇ ਖੱਤਰੀ ਸਭਾ ਮਹਿਲਾ ਮੰਡਲ, ਅੰਮ੍ਰਿਤਸਰ ਨੂੰ ਬਰੇਲੀ ਵਿਖੇ ਆਯੋਜਿਤ ਸਮਸਤ ਖੱਤਰੀ ਮਹਾਸਭਾ ਭਾਰਤ ਦੇ ਰਾਸ਼ਟਰੀ ਸਮਾਗਮ ਦੌਰਾਨ ਉਲੇਖਣਯੋਗ ਸੇਵਾ ਕਾਰਜਾਂ ਲਈ ਰਾਸ਼ਟਰੀ ਪੱਧਰ 'ਤੇ ਸਨਮਾਨਿਤ ਕੀਤਾ ਗਿਆ। ਖਾਸ ਤੌਰ 'ਤੇ ਮਹਿਲਾ ਮੰਡਲ ਵੱਲੋਂ ਆਯੋਜਿਤ 56 ਪ੍ਰਭੂ ਵਰਦਾਨ ਸੇਵਾ ਕੈਂਪਾਂ ਰਾਹੀਂ ਹਜ਼ਾਰਾਂ ਲੋੜਵੰਦ ਪਰਿਵਾਰਾਂ ਨੂੰ ਕੱਪੜੇ ਅਤੇ ਹੋਰ ਜ਼ਰੂਰੀ ਸਮੱਗਰੀ ਮੁਹੱਈਆ ਕਰਵਾਉਣ ਲਈ ਇਹ ਸਨਮਾਨ ਪ੍ਰਦਾਨ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਪ੍ਰਸਿੱਧ ਭਜਨ ਸਮਰਾਟ ਅਨੂਪ ਜਲੋਟਾ ਸਨ। ਉਨ੍ਹਾਂ ਨੇ ਸਮਸਤ ਖੱਤਰੀ ਮਹਾਸਭਾ ਦੇ ਪ੍ਰਧਾਨ ਸ਼੍ਰੀ ਅਨੰਤ ਅਰੋੜਾ ਅਤੇ ਮਹਾਸਚਿਵ ਸ਼੍ਰੀ ਸੁਨੀਲ ਖੰਨਾ ਨੂੰ ਸਨਮਾਨ ਪ੍ਰਦਾਨ ਕਰਦੇ ਹੋਏ ਮਹਿਲਾ ਮੰਡਲ ਦੇ ਰਚਨਾਤਮਕ ਅਤੇ ਸਮਾਜ ਸੇਵੀ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਅੰਮ੍ਰਿਤਸਰ ਵਿਖੇ ਮਹਾ ਸਚਿਵ ਸ਼੍ਰੀ ਸੁਨੀਲ ਖੰਨਾ, ਖੱਤਰੀ ਸਭਾ ਦੇ ਸੰਸਥਾਪਕ ਸ਼੍ਰੀ ਅਰੁਣ ਖੰਨਾ ਅਤੇ ਸਲਾਹਕਾਰ ਸ਼੍ਰੀ ਵਿਨੈ ਸੇਠ ਵੱਲੋਂ ਉਹੀ ਸੋਮੈਟੋ ਮਹਿਲਾ ਮੰਡਲ ਨੂੰ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਹਿਲਾ ਮੰਡਲ ਦੀ ਪ੍ਰਧਾਨ ਡਾ. ਸਵਰਾਜ ਗਰੋਵਰ, ਮੰਡਲ ਦੀਆਂ ਸਲਾਹਕਾਰਾਂ ਡਾ. ਪ੍ਰੋ. ਰੋਹਿਣੀ ਖੰਨਾ, ਡਾ. ਕਿਰਨ ਖੰਨਾ, ਪ੍ਰਿੰਸੀਪਲ ਰਮਾ ਮਹਾਜਨ, ਡਾ. ਇੰਦੂ ਵਰਮਾ, ਉਪ-ਪ੍ਰਧਾਨ ਸ਼੍ਰੀਮਤੀ ਇੰਦਿਰਾ ਧਵਨ, ਮਹਾਸਚਿਵ ਡਾ. ਡੌਲੀ ਭਾਟੀਆ, ਸਹਿ-ਸਚਿਵ ਜਨਕ ਜੋਸ਼ੀ, ਖਜ਼ਾਨਚੀ ਸਰੋਜ ਚਾਵਲਾ, ਵੀਣਾ ਮਹਾਜਨ, ਕਾਰਜਕਾਰਣੀ ਮੈਂਬਰ ਸਨੇਹ ਅਰੋੜਾ, ਮਧੂਬਾਲਾ ਖੰਨਾ,ਅਨੀਤਾ ਮਹਾਜਨ ਸਮੇਤ ਹੋਰ ਮੈਂਬਰ ਹਾਜ਼ਰ ਸਨ। ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਇਹ ਸਨਮਾਨ ਮਹਿਲਾ ਮੰਡਲ ਦੀ ਨਿਸ਼ਕਾਮ ਸੇਵਾ, ਸਮਰਪਣ ਅਤੇ ਲਗਾਤਾਰ ਸਮਾਜ ਭਲਾਈ ਦੇ ਕਾਰਜਾਂ ਦੀ ਰਾਸ਼ਟਰੀ ਪੱਧਰ 'ਤੇ ਮਿਲੀ ਪਹਿਚਾਣ ਹੈ। ਸਮੂਹ ਮੈਂਬਰਾਂ ਨੇ ਭਵਿੱਖ ਵਿੱਚ ਵੀ ਲੋਕ ਭਲਾਈ ਦੇ ਕਾਰਜਾਂ ਨੂੰ ਹੋਰ ਵਧੇਰੇ ਗਤੀ ਦੇਣ ਦਾ ਸੰਕਲਪ ਲਿਆ ਅਖਿਲ ਭਾਰਤੀ ਖੱਤਰੀ ਸਭਾ ਦੇ ਰਾਸ਼ਟਰੀ ਪੱਧਰ ਦੇ ਸਮਾਗਮਾਂ ਵਿੱਚ ਖੱਤਰੀ ਸਭਾ ਮਹਿਲਾ ਮੰਡਲ ਨੇ ਹਮੇਸ਼ਾ ਸਰਗਰਮ ਅਤੇ ਅਗਾਂਹਵਧੂ ਭੂਮਿਕਾ ਨਿਭਾਈ ਹੈ। ਹਾਲਾਂਕਿ ਇਸ ਵਾਰ ਕੁਝ ਮਹੱਤਵਪੂਰਨ ਕਾਰਨਾਂ ਕਰਕੇ ਮਹਿਲਾ ਮੰਡਲ ਖੁਦ ਸਮਾਗਮ ਵਿੱਚ ਸ਼ਾਮਲ ਨਹੀਂ ਹੋ ਸਕਿਆ।

ਮਜਾਰੀ ਨੇੜੇ ਬੱਸ ਹਾਦਸੇ 'ਚ 4 ਮੌਤਾਂ, 24 ਜ਼ਖਮੀ; ਦੋ ਮ੍ਰਿਤਕਾਂ ਦੀ ਪਛਾਣ ਨਹੀਂ ਹੋਈ

ਬੰਗਾ, 5 ਅਕਤੂਬਰ (ਮਨਜਿੰਦਰ ਸਿੰਘ): ਬੰਗਾ-ਫਗਵਾੜਾ ਨੈਸ਼ਨਲ ਹਾਈਵੇ 'ਤੇ ਪਿੰਡ ਮਜਾਰੀ ਨੇੜੇ ਅੱਜ ਤੜਕੇ ਵਾਪਰੇ ਭਿਆਨਕ ਬੱਸ ਹਾਦਸੇ ਵਿੱਚ ਚਾਰ ਵਿਅਕਤੀਆਂ ਦੀ ਮੌਤ ਹੋ ਗਈ, ਜਦਕਿ 21 ਯਾਤਰੀ ਮਾਮੂਲੀ ਅਤੇ ਤਿੰਨ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ। ਮ੍ਰਿਤਕਾਂ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ ਵਿਦਿਆਰਥਣ ਜਸ਼ੀਨਾ ਜੋਸ਼ਫ ਅਤੇ ਵਿਸ਼ਾਲ ਤੁੱਲੀ ਦੀ ਪਛਾਣ ਹੋਈ ਹੈ, ਜਦਕਿ ਦੋ ਮ੍ਰਿਤਕਾਂ ਦੀ ਪਛਾਣ ਅਜੇ ਨਹੀਂ ਹੋ ਸਕੀ। ਪ੍ਰਾਪਤ ਜਾਣਕਾਰੀ ਅਨੁਸਾਰ ਕੇਟੀਸੀ ਕੰਪਨੀ ਦੀ ਬੱਸ ਨੰਬਰ ਏ.ਐਸ-01-ਕਿਊ.ਸੀ-2348, ਜੋ ਮਨਾਲੀ ਤੋਂ ਅੰਮ੍ਰਿਤਸਰ ਜਾ ਰਹੀ ਸੀ, ਵਿੱਚ ਡਰਾਈਵਰ ਅਤੇ ਕੰਡਕਟਰ ਤੋਂ ਇਲਾਵਾ ਕਰੀਬ 40 ਯਾਤਰੀ ਸਵਾਰ ਸਨ। ਅੱਜ ਤੜਕੇ ਕਰੀਬ 4:30 ਵਜੇ ਜਦੋਂ ਬੱਸ ਬੰਗਾ ਦੇ ਐਲੀਵੇਟਿਡ ਰੋਡ ਨੂੰ ਪਾਰ ਕਰਕੇ ਪਿੰਡ ਮਜਾਰੀ ਨੇੜੇ ਪਹੁੰਚੀ ਤਾਂ ਐਲੀਵੇਟਿਡ ਰੋਡ ਤੋਂ ਹੇਠਾਂ ਉਤਰਦੇ ਸਮੇਂ ਅਚਾਨਕ ਬੱਸ ਦਾ ਸੰਤੁਲਨ ਵਿਗੜ ਗਿਆ। ਬੱਸ ਪੁਲ ਤੋਂ ਹੇਠਾਂ ਡਿੱਗ ਕੇ ਪਲਟ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਬੱਸ ਵਿੱਚ ਸਵਾਰ ਜਸ਼ੀਨਾ ਜੋਸ਼ਫ ਸਮੇਤ ਤਿੰਨ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਗੰਭੀਰ ਰੂਪ ਵਿੱਚ ਜ਼ਖਮੀ ਵਿਸ਼ਾਲ ਤੁੱਲੀ ਨੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਇਲਾਜ ਦੌਰਾਨ ਦਮ ਤੋੜ ਦਿੱਤਾ। ਹਾਦਸੇ ਵਿੱਚ ਜ਼ਖਮੀ ਹੋਏ ਯਾਤਰੀਆਂ ਨੂੰ ਤੁਰੰਤ ਸਿਵਲ ਹਸਪਤਾਲ ਬੰਗਾ ਅਤੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਪਹੁੰਚਾਇਆ ਗਿਆ। ਗੰਭੀਰ ਜ਼ਖਮੀਆਂ ਵਿੱਚੋਂ ਜਤਿਨ ਅਤੇ ਸੰਜੇ ਨੂੰ ਬਿਹਤਰ ਇਲਾਜ ਲਈ ਡੀਐਮਸੀ ਲੁਧਿਆਣਾ ਰੈਫਰ ਕੀਤਾ ਗਿਆ। ਸਿਵਲ ਹਸਪਤਾਲ ਬੰਗਾ ਵਿਖੇ ਅਮਰੀਸ਼ ਪੀ.ਟੀ., ਅਨਿਲ, ਨਿਖਿਲ, ਮਨਜੀਤ ਕੌਰ ਅਤੇ ਜਤਿਨ ਦੇ ਇਲਾਜ ਅਧੀਨ ਹੋਣ ਦੀ ਜਾਣਕਾਰੀ ਮਿਲੀ ਹੈ। ਇਸੇ ਤਰ੍ਹਾਂ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮਾਧਵ, ਸ਼ਰੂਤੀ, ਜਤਿਨ, ਸੰਜੇ, ਰੀਆ, ਸੁਸ਼ਮਾ, ਵਿਸ਼ਾਲ ਠਾਕ

ਅਮਰੀਕੀ ਆਵਾਜਾਈ ਮੰਤਰੀ ਸ਼ੌਨ ਡਫੀ ਦਰਸ਼ਨ ਸਿੰਘ ਧਾਲੀਵਾਲ ਦੇ ਗ੍ਰਹਿ ਪਹੁੰਚੇ

ਪੰਜਾਬੀ ਟਰੱਕਿੰਗ ਭਾਈਚਾਰੇ ਦੇ ਮਸਲਿਆਂ 'ਤੇ ਅਹਿਮ ਚਰਚਾ

ਪਟਿਆਲਾ, 5 ਅਕਤੂਬਰ (ਪ੍ਰਿੰਸ ਕੁਮਾਰ) : ਅਮਰੀਕੀ ਆਵਾਜਾਈ ਮੰਤਰੀ ਸ਼ੌਨ ਡਫੀ ਬੀਤੇ ਦਿਨੀਂ ਮਿਲਵਾਕੀ ਨੇੜੇ ਮੀਕਨ ਸਥਿਤ ਉੱਘੇ ਪੰਜਾਬੀ ਕਾਰੋਬਾਰੀ ਅਤੇ ਸਮਾਜ ਸੇਵੀ ਦਰਸ਼ਨ ਸਿੰਘ ਧਾਲੀਵਾਲ ਦੇ ਗ੍ਰਹਿ ਵਿਖੇ ਪਹੁੰਚੇ। ਇਸ ਮੌਕੇ ਦਰਸ਼ਨ ਸਿੰਘ ਧਾਲੀਵਾਲ ਅਤੇ ਉਨ੍ਹਾਂ ਦੇ ਛੋਟੇ ਭਰਾ, ਪੰਜਾਬ ਸਾਈਕਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।

ਮੁਲਾਕਾਤ ਦੌਰਾਨ ਅਮਰੀਕਾ ਵਿੱਚ ਪੰਜਾਬੀ ਟਰੱਕ ਡਰਾਈਵਰਾਂ, ਟਰਾਂਸਪੋਰਟ ਸੰਚਾਲਕਾਂ ਅਤੇ ਸੰਬੰਧਿਤ ਕਾਰੋਬਾਰੀਆਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਹੋਇਆ। ਧਾਲੀਵਾਲ ਭਰਾਵਾਂ ਨੇ ਅਮਰੀਕੀ ਆਵਾਜਾਈ ਖੇਤਰ ਵਿੱਚ ਪੰਜਾਬੀ ਭਾਈਚਾਰੇ ਦੇ ਮਹੱਤਵਪੂਰਨ ਯੋਗਦਾਨ ਨੂੰ ਉਜਾਗਰ ਕਰਦਿਆਂ ਆਵਾਜਾਈ ਨਿਯਮਾਂ, ਕਾਰੋਬਾਰੀ ਸੰਚਾਲਨ ਅਤੇ ਇਸ ਕਿੱਤੇ ਨਾਲ ਜੁੜੀਆਂ ਵਿਹਾਰਕ ਮੁਸ਼ਕਲਾਂ ਵੱਲ ਮੰਤਰੀ ਦਾ ਧਿਆਨ ਦਿਵਾਇਆ। ਉਨ੍ਹਾਂ ਜ਼ੋਰ ਦਿੱਤਾ ਕਿ ਇਨ੍ਹਾਂ ਮਸਲਿਆਂ ਦੇ ਹੱਲ ਲਈ ਨੀਤੀ ਨਿਰਧਾਰਕਾਂ ਅਤੇ ਪੰਜਾਬੀ ਭਾਈਚਾਰੇ ਵਿਚਾਲੇ ਨਿਰੰਤਰ ਤੇ ਸਾਰਥਿਕ ਸੰਵਾਦ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਅਮਰੀਕਾ ਵਿੱਚ ਵੱਸਦੇ ਵੱਡੀ ਗਿਣਤੀ ਪੰਜਾਬੀ ਪਰਿਵਾਰਾਂ ਦੀ ਰੋਜ਼ੀ-ਰੋਟੀ ਸਿੱਧੇ ਜਾਂ ਅਸਿੱਧੇ ਤੌਰ 'ਤੇ ਟਰੱਕਿੰਗ ਅਤੇ ਆਵਾਜਾਈ ਖੇਤਰ ਨਾਲ ਜੁੜੀ ਹੋਈ ਹੈ। ਪੰਜਾਬੀ ਡਰਾਈਵਰਾਂ ਅਤੇ ਉੱਦਮੀਆਂ ਨੇ ਆਪਣੀ ਮਿਹਨਤ ਤੇ ਕਾਰੋਬਾਰੀ ਉਪਰਾਲਿਆਂ ਨਾਲ ਅਮਰੀਕੀ ਅਰਥਚਾਰੇ ਵਿੱਚ ਅਹਿਮ ਯੋਗਦਾਨ ਪਾਇਆ ਹੈ। ਇਸ ਲਈ ਇਸ ਖੇਤਰ ਨਾਲ ਸੰਬੰਧਿਤ ਨੀਤੀਗਤ ਵਿਚਾਰ-ਵਟਾਂਦਰੇ ਦੌਰਾਨ ਉਨ੍ਹਾਂ ਦੀਆਂ ਚਿੰਤਾਵਾਂ ਅਤੇ ਕਾਰੋਬਾਰੀ ਲੋੜਾਂ ਨੂੰ ਬਣਦਾ ਮਹੱਤਵ ਦਿੱਤਾ ਜਾਣਾ ਚਾਹੀਦਾ ਹੈ। ਇਹ ਮੁਲਾਕਾਤ ਪੰਜਾਬ ਨਾਲ ਵੀ ਵਿਸ਼ੇਸ਼ ਸਰੋਕਾਰ ਰੱਖਦੀ ਹੈ, ਕਿਉਂਕਿ ਸੂਬੇ ਦੇ ਅਨੇਕਾਂ ਪਰਿਵਾਰਾਂ ਦੇ ਮੈਂਬਰ ਅਮਰੀਕਾ ਵਿੱਚ ਟਰੱਕਿੰਗ ਦੇ ਕਿੱਤੇ ਨਾਲ ਜੁੜੇ ਹੋਏ ਹਨ। ਅਮਰੀਕੀ ਆਵਾਜਾਈ ਮੰਤਰੀ ਨਾਲ ਸਿੱਧੀ ਗੱਲਬਾਤ ਰਾਹੀਂ ਧਾਲੀਵਾਲ ਭਰਾਵਾਂ ਨੂੰ ਇਨ੍ਹਾਂ ਪੇਸ਼ੇਵਰਾਂ ਦੀਆਂ ਮੁਸ਼ਕਲਾਂ ਅਤੇ ਉਮੀਦਾਂ ਪ੍ਰਸ਼ਾਸਨ ਦੇ ਸੀਨੀਅਰ ਪੱਧਰ ਤੱਕ ਪਹੁੰਚਾਉਣ ਦਾ ਮੌਕਾ ਮਿਲਿਆ। ਜ਼ਿਕਰਯੋਗ ਹੈ ਕਿ ਧਾਲੀਵਾਲ ਪਰਿਵਾਰ ਨੇ ਅਮਰੀਕਾ ਵਿੱਚ ਸੈਂਕੜੇ ਗੈਸ ਸਟੇਸ਼ਨਾਂ ਸਮੇਤ ਵਿਆਪਕ ਕਾਰੋਬਾਰ ਸਥਾਪਿਤ ਕੀਤਾ ਹੈ। ਕਾਰੋਬਾਰੀ ਸਫ਼ਲਤਾ ਦੇ ਨਾਲ-ਨਾਲ ਦਰਸ਼ਨ ਸਿੰਘ ਧਾਲੀਵਾਲ ਅਤੇ ਚਰਨਜੀਤ ਸਿੰਘ ਧਾਲੀਵਾਲ ਸਮਾਜ ਸੇਵਾ ਅਤੇ ਭਾਈਚਾਰਕ ਉਪਰਾਲਿਆਂ ਲਈ ਵੀ ਜਾਣੇ ਜਾਂਦੇ ਹਨ। ਕੁਦਰਤੀ ਆਫ਼ਤਾਂ ਅਤੇ ਹੋਰ ਔਖੀਆਂ ਘੜੀਆਂ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਦਿਆਂ ਉਨ੍ਹਾਂ ਨੇ ਪੰਜਾਬ ਅਤੇ ਪੰਜਾਬੀ ਭਾਈਚਾਰੇ ਨਾਲ ਆਪਣੀ ਸਾਂਝ ਲਗਾਤਾਰ ਕਾਇਮ ਰੱਖੀ ਹੈ। ਇਸੇ ਪਰਿਵਾਰ ਦੇ ਭਰਾ, ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਸਮਾਣਾ ਦੇ ਇੰਚਾਰਜ ਸੁਰਜੀਤ ਸਿੰਘ ਰੱਖੜਾ ਵੀ ਜਨਤਕ ਸੇਵਾ ਵਿੱਚ ਸਰਗਰਮ ਹਨ। ਉਹ ਆਪਣੇ ਇਲਾਕੇ ਦੇ ਲੋਕਾਂ ਦੀ ਸੇਵਾ ਅਤੇ ਉਨ੍ਹਾਂ ਦੇ ਮਸਲਿਆਂ ਦੇ ਹੱਲ ਲਈ ਕੰਮ ਕਰ ਰਹੇ ਹਨ। ਅਮਰੀਕਾ ਵਿੱਚ ਕਾਰੋਬਾਰ ਸਥਾਪਿਤ ਕਰਨ ਦੇ ਬਾਵਜੂਦ ਧਾਲੀਵਾਲ ਪਰਿਵਾਰ ਦਾ ਪੰਜਾਬ ਨਾਲ ਲਗਾਓ ਅਤੇ ਲੋਕ ਸੇਵਾ ਪ੍ਰਤੀ ਸਮਰਪਣ ਉਨ੍ਹਾਂ ਦੀ ਮਾਤਭੂਮੀ ਨਾਲ ਗੂੜ੍ਹੀ ਸਾਂਝ ਨੂੰ ਦਰਸਾਉਂਦਾ ਹੈ। ਧਾਲੀਵਾਲ ਭਰਾਵਾਂ ਦੀ ਸ਼ੌਨ ਡਫੀ ਨਾਲ ਹੋਈ ਇਹ ਮੁਲਾਕਾਤ ਪੰਜਾਬੀ ਟਰੱਕਿੰਗ ਭਾਈਚਾਰੇ ਦੇ ਮਸਲਿਆਂ ਨੂੰ ਉੱਚ ਪੱਧਰ 'ਤੇ ਉਠਾਉਣ ਲਈ ਅਹਿਮ ਸਾਬਿਤ ਹੋਵੇਗੀ।

ਸ੍ਰੀ ਸਵਾਮੀ ਸ਼ੰਕਰ ਨਾਥ ਪਰਬਤ ਮਠ ਵਿਖੇ ਫਰੀ ਮੈਡੀਕਲ ਚੈੱਕਅਪ ਕੈਂਪ 11 ਅਕਤੂਬਰ ਨੂੰ

ਫਗਵਾੜਾ, 5 ਅਕਤੂਬਰ (ਬਿਊਰੋ) : ਪਰਮ ਪੂਜਨੀਕ ਮਹਾ-ਮੰਡਲੇਸ਼ਵਰ 1008 ਸ੍ਰੀ ਸਵਾਮੀ ਗੰਗਾਨੰਦ ਪਰਬਤ ਜੀ ਮਹਾਰਾਜ ਦੀ ਯਾਦ ਵਿੱਚ ਸ੍ਰੀ ਸਵਾਮੀ ਸ਼ੰਕਰ ਨਾਥ ਪਰਬਤ ਚੈਰੀਟੇਬਲ ਅਤੇ ਵੈਲਫੇਅਰ ਟਰੱਸਟ, ਹਦਿਆਬਾਦ ਵੱਲੋਂ ਨੀਵਿਆ ਚੈਰੀਟੇਬਲ ਹਸਪਤਾਲ ਅਤੇ ਪਿਮਸ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ ਮੁਫ਼ਤ ਮੈਡੀਕਲ ਚੈੱਕਅਪ ਕੈਂਪ 11 ਅਕਤੂਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਸ੍ਰੀ ਸਵਾਮੀ ਸ਼ੰਕਰ ਨਾਥ ਪਰਬਤ ਮਠ (ਪਾਠਮਾਲਾ), ਹਦਿਆਬਾਦ ਵਿਖੇ ਲਗਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਟਰੱਸਟ ਦੇ ਸਕੱਤਰ ਰਾਕੇਸ਼ ਦੁੱਗਲ ਨੇ ਦੱਸਿਆ ਕਿ ਕੈਂਪ ਦੌਰਾਨ ਅੱਖਾਂ, ਹੱਡੀਆਂ, ਦੰਦਾਂ, ਜੋੜਾਂ ਅਤੇ ਆਮ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਦੀ ਮਾਹਿਰ ਡਾਕਟਰਾਂ ਵੱਲੋਂ ਜਾਂਚ ਕੀਤੀ ਜਾਵੇਗੀ। ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਸ਼ੂਗਰ ਟੈਸਟ ਦੀ ਸਹੂਲਤ ਵੀ ਫਰੀ ਦਿੱਤੀ ਜਾਵੇਗੀ। ਉਹਨਾਂ ਦੱਸਿਆ ਕਿ ਕੈਂਪ ਦੌਰਾਨ ਚੁਣੇ ਗਏ ਮਰੀਜਾਂ ਦੇ ਚਿੱਟੇ ਮੋਤੀਏ ਦੇ ਫਰੀ ਆਪ੍ਰੇਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਗੋਡੇ ਬਦਲਣ, ਚੂਲੇ ਬਦਲਣ, ਪਿੱਤੇ ਦੀ ਪਥਰੀ, ਹਰਨੀਆ, ਗੁਰਦੇ ਦੀ ਪੱਥਰੀ ਅਤੇ ਬੱਚੇਦਾਨੀ ਦੀ ਰਸੌਲੀ ਸਮੇਤ ਵੱਖ-ਵੱਖ ਬਿਮਾਰੀਆਂ ਨਾਲ ਸਬੰਧਤ ਸਰਜਰੀਆਂ ਆਯੁਸ਼ਮਾਨ ਕਾਰਡ ਅਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਬਿਲਕੁਲ ਫਰੀ ਕੀਤੇ ਜਾਣਗੇ। ਉਹਨਾਂ ਨੇ ਇਲਾਕੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਇਸ ਮੁਫ਼ਤ ਮੈਡੀਕਲ ਕੈਂਪ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ ਅਤੇ ਆਪਣੇ ਪਰਿਵਾਰਕ ਮੈਂਬਰਾਂ ਨੂੰ ਵੀ ਸਿਹਤ ਜਾਂਚ ਲਈ ਕੈਂਪ ਵਿੱਚ ਲਿਆਂਦਾ ਜਾਵੇ। ਇਸ ਮੌਕੇ ਹਰਸ਼ ਹਾਂਡਾ, ਬ੍ਰਿਜ ਜਲੋਟਾ, ਵਿਵੇਕ ਹਾਂਡਾ, ਵਿਨੋਦ ਦੁੱਗਲ, ਨਰੇਸ਼ ਦੁੱਗਲ, ਲੋਕੇਸ਼ ਨਾਰੰਗ, ਰਜਿੰਦਰ ਜੋਸ਼ੀ, ਵਰਿੰਦਰ ਦੁੱਗਲ, ਬਲਭੱਦਰ ਸੈਨ ਦੁੱਗਲ, ਲਵ ਸ਼ੁਕਲਾ, ਸਤੀਸ਼ ਦੁੱਗਲ, ਰਵੀ ਮੰਗਲ, ਅਨਿਰੁੱਧ ਦੁੱਗਲ ਰਮੇਸ਼ ਸਚਦੇਵਾ ਆਦਿ ਹਾਜਰ ਸਨ।

ਅੱਖਾਂ, ਹੱਡੀਆਂ, ਦੰਦਾਂ, ਜੋੜਾਂ ਅਤੇ ਆਮ ਬਿਮਾਰੀਆਂ ਦੇ ਮਰੀਜ਼ਾਂ ਦੀ ਹੋਵੇਗੀ ਜਾਂਚ : ਰਾਕੇਸ਼ ਦੁੱਗਲ

ਹਲਕਾ ਗਿੱਲ ਵਿੱਚ ਭਾਜਪਾ ਦੀਆਂ ਮੀਟਿੰਗਾਂ ਦਾ ਦੌਰ ਸ਼ੁਰੂ

2027 ਦੀ ਜਿੱਤ ਲਈ ਵਰਕਰਾਂ ਨੇ ਕਮਰ ਕੱਸੀ : ਸੰਨੀ ਕੈਂਥ

ਲੁਧਿਆਣਾ, 5 ਅਕਤੂਬਰ (ਸੂਰਜ) : ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ. ਗਗਨਦੀਪ ਸਿੰਘ ਸੰਨੀ ਕੈਂਥ ਵੱਲੋਂ ਹਲਕਾ ਗਿੱਲ ਵਿੱਚ ਪਾਰਟੀ ਦੀਆਂ ਮੀਟਿੰਗਾਂ ਦਾ ਦੌਰ ਸ਼ੁਰੂ ਕੀਤਾ ਗਿਆ। ਇਸ ਤਹਿਤ ਹਲਕਾ ਗਿੱਲ ਦੇ ਸੀਨੀਅਰ ਆਗੂ ਅਤੇ ਟਰੇਡ ਸੈੱਲ ਦੇ ਚੇਅਰਮੈਨ ਸ੍ਰੀ ਸੁਸ਼ੀਲ ਖੁਰਾਨਾ, ਸ੍ਰੀ ਰਾਜਿੰਦਰ ਆਹੂਜਾ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਉਮੀਦਵਾਰ ਰਹੇ ਸ੍ਰੀ ਸੁਨੀਲ ਰਿਕੂ ਦੇ ਗ੍ਰਹਿ ਵਿਖੇ ਮੀਟਿੰਗਾਂ ਕੀਤੀਆਂ ਗਈਆਂ। ਇਨ੍ਹਾਂ ਮੀਟਿੰਗਾਂ ਦੌਰਾਨ ਇਲਾਕਾ ਨਿਵਾਸੀਆਂ ਅਤੇ ਪਾਰਟੀ ਵਰਕਰਾਂ ਨਾਲ ਹਲਕੇ ਦੇ ਲੋਕਲ ਮੁੱਦਿਆਂ, ਲੋਕ ਸਮੱਸਿਆਵਾਂ ਅਤੇ ਭਾਰਤੀ ਜਨਤਾ ਪਾਰਟੀ ਨੂੰ ਜ਼ਮੀਨੀ ਪੱਧਰ ਤੱਕ ਹੋਰ ਮਜ਼ਬੂਤ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਰਕਲ ਧਾਂਦਰਾ ਦੇ ਪ੍ਰਧਾਨ ਸ੍ਰੀ ਰੋਹਿਤ ਸ਼ਰਮਾ ਦੀ ਅਗਵਾਈ ਹੇਠ ਵੀ ਮੀਟਿੰਗਾਂ ਹੋਈਆਂ। ਇਸ ਦੌਰਾਨ ਜ਼ਿਲ੍ਹਾ ਸਕੱਤਰ ਸ੍ਰੀ ਰਾਜੀਵ ਖੁੱਲਰ, ਸਰਕਲ ਗਿੱਲ ਦੇ ਪ੍ਰਧਾਨ ਸ. ਪੁਸ਼ਪਿੰਦਰ ਸਿੰਘ, ਸ੍ਰੀ ਪਵਨ ਕੁਮਾਰ ਅਤੇ ਰਾਜੀਵ ਕਾਲੜਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਹੋਏ। ਸੰਨੀ ਕੈਂਥ ਨੇ ਕਿਹਾ ਕਿ ਭਾਜਪਾ ਦਾ ਹਰ ਵਰਕਰ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਹਲਕਾ ਗਿੱਲ ਵਿੱਚ ਲੋਕਾਂ ਦਾ ਭਾਜਪਾ ਪ੍ਰਤੀ ਵੱਧ ਰਿਹਾ ਵਿਸ਼ਵਾਸ ਅਤੇ ਵਰਕਰਾਂ ਦੀ ਮਿਹਨਤ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਦੀ ਜਿੱਤ ਦਾ ਆਧਾਰ ਬਣੇਗੀ। ਪਾਰਟੀ ਆਗੂਆਂ ਅਤੇ ਵਰਕਰਾਂ ਨੇ ਇਕਜੁੱਟ ਹੋ ਕੇ 2027 ਵਿੱਚ ਹਲਕਾ ਗਿੱਲ ਤੋਂ ਭਾਜਪਾ ਦੀ ਜਿੱਤ ਯਕੀਨੀ ਬਣਾਉਣ ਦਾ ਸੰਕਲਪ ਲਿਆ। ਇਸ ਮੌਕੇ ਹਰਕੇਸ਼ ਮਿੱਤਲ, ਚਰਨਜੀਤ ਗਰੇਵਰ, ਇੰਦਰਜੀਤ ਸਿੰਘ, ਸੁਭਾਸ਼ ਚੰਦਰ, ਸੰਜੀਵ ਜੈਨ, ਹਰੀਸ਼ ਚੰਦਰ, ਸ਼ਸ਼ੀ ਕਾਂਤ ਮੋਂਗਾ, ਪ੍ਰਮੋਦ ਸਿੰਘ, ਜਸਦੀਪ ਸਿੰਘ, ਰਸ਼ਪਾਲ ਸਿੰਘ, ਨਿਰਮਲ ਸਿੰਘ, ਅਨੂਪ ਸ਼ਰਮਾ, ਕੁਲਦੀਪ ਸਿੰਘ, ਮਨਿੰਦਰ ਸਿੰਘ ਸੋਢੀ, ਬਲਵਿੰਦਰ ਸਿੰਘ, ਰਮੇਸ਼ ਭਾਰਦਵਾਜ, ਗੁਰਪ੍ਰੀਤ ਸਿੰਘ ਅਤੇ ਹੋਰ ਸਾਥੀ ਹਾਜ਼ਿਰ ਸਨ।

ਸ਼ਰਧਾਂਜਲੀ

ਸਵ. ਸ੍ਰੀ ਰਾਮ ਲੁਭਾਇਆ ਜੀ
ਜਨਮ : 1 ਜੁਲਾਈ 1940
ਅਕਾਲ ਚਲਾਣਾ : 4 ਅਕਤੂਬਰ 2025

ਪਰਮਾਤਮਾ ਦੇ ਚਰਨਾਂ ਵਿੱਚ ਨਿਵਾਸ ਬਖਸ਼ੇ।

ਪਰਿਵਾਰ ਵੱਲੋਂ ਸਮੂਹ ਸੰਗਤ ਨੂੰ ਨਿਮਰ ਬੇਨਤੀ ਹੈ ਕਿ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਗੁਰੂ ਚਰਨਾਂ ਵਿੱਚ ਨਿਵਾਸ ਬਖਸ਼ਣ ਦੀ ਅਰਦਾਸ ਕਰਨ ਦੀ ਕਿਰਪਾਲਤਾ ਕਰਨੀ ਜੀ।

ਭੋਗ ਅਤੇ ਅੰਤਿਮ ਅਰਦਾਸ : 7 ਅਕਤੂਬਰ 2026, ਬੁੱਧਵਾਰ
ਸਮਾਂ : ਦੁਪਹਿਰ 12 ਤੋਂ 1 ਵਜੇ ਤੱਕ
ਸਥਾਨ : ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਸੈਕਟਰ 15, ਪੰਚਕੂਲਾ

ਸ਼ੋਕ ਸਹਿਤ :
ਪਰਿਵਾਰ ਵੱਲੋਂ ਸਮੂਹ ਸੰਗਤ

ਸੜਾ ਇੱਕ ਦੀਆਂ ਬਾਕੀ...

ਪੰਜਾਬ ਕੈਬਨਿਟ ਦੇ ਵੱਡੇ.....

ਸਰਕਾਰ ਦਾ ਕਹਿਣਾ ਹੈ ਕਿ ਇਸ ਨਾਲ ਲੰਬੇ ਸਮੇਂ ਤੋਂ ਕੰਮ ਕਰ ਰਹੇ ਕਰਮਚਾਰੀਆਂ ਨੂੰ ਨੌਕਰੀ ਦੀ ਵਧੇਰੇ ਸਥਿਰਤਾ ਮਿਲੇਗੀ। ਵਿੱਤ ਮੰਤਰੀ ਚੀਮਾ ਮੁਤਾਬਕ ਕੰਪਿਊਟਰ ਅਧਿਆਪਕਾਂ ਨੂੰ ਪਹਿਲਾਂ ਹੀ ਸੋਸਾਇਟੀ ਦੇ ਦਾਇਰੇ ਵਿੱਚ ਲਿਆਂਦਾ ਜਾ ਚੁੱਕਾ ਹੈ ਅਤੇ ਹੁਣ ਬਾਕੀ ਨਾਨ-ਟੀਚਿੰਗ ਕਰਮਚਾਰੀਆਂ ਸਬੰਧੀ ਵੀ ਕਦਮ ਚੁੱਕਿਆ ਗਿਆ ਹੈ। ਕੈਬਨਿਟ ਨੇ ਪਠਾਨਕੋਟ ਅਤੇ ਇਸਦੇ ਆਸ-ਪਾਸ ਦੇ ਖੇਤਰਾਂ ਵਿੱਚ ਸੈਰ-ਸਪਾਟੇ ਦੀਆਂ ਸੰਭਾਵਨਾਵਾਂ ਨੂੰ ਵਿਕਸਤ ਕਰਨ 'ਤੇ ਵੀ ਧਿਆਨ ਦਿੱਤਾ। ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੇ ਨੇੜੇ ਹੋਣ ਕਾਰਨ ਪਠਾਨਕੋਟ ਇੱਕ ਮਹੱਤਵਪੂਰਨ ਯਾਤਰਾ ਕੇਂਦਰ ਹੈ। ਸਰਕਾਰ ਦਾ ਮੰਨਣਾ ਹੈ ਕਿ ਖੇਤਰ ਦੇ ਕੁਦਰਤੀ ਅਤੇ ਇਤਿਹਾਸਕ ਸਥਾਨਾਂ ਨੂੰ ਟੂਰਿਜ਼ਮ ਮੈਪ 'ਤੇ ਉਭਾਰਨ ਨਾਲ ਰੁਜ਼ਗਾਰ ਦੇ ਮੌਕੇ ਵਧ ਸਕਦੇ ਹਨ ਅਤੇ ਸਥਾਨਕ ਅਰਥਵਿਵਸਥਾ ਨੂੰ ਹੁਲਾਰਾ ਮਿਲ ਸਕਦਾ ਹੈ। ਕੈਬਨਿਟ ਦੇ ਇਨ੍ਹਾਂ ਫੈਸਲਿਆਂ ਤੋਂ ਸਪਸ਼ਟ ਹੈ ਕਿ ਪੰਜਾਬ ਸਰਕਾਰ ਨੇ ਇੱਕ ਪਾਸੇ ਪ੍ਰਸ਼ਾਸਨਿਕ ਅਤੇ ਚੋਣੀ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਧਿਆਨ ਦਿੱਤਾ ਹੈ, ਜਦਕਿ ਦੂਜੇ ਪਾਸੇ ਕਰਮਚਾਰੀਆਂ ਨਾਲ ਜੁੜੇ ਲੰਬੇ ਸਮੇਂ ਤੋਂ ਚੱਲ ਰਹੇ ਮੁੱਦਿਆਂ ਨੂੰ ਹੱਲ ਕਰਨ ਦੀ ਕੋਸ਼ਿਸ਼ ਕੀਤੀ ਹੈ। ਨਰਸਿੰਗ ਰੂਲਾਂ ਵਿੱਚ ਸੋਧ ਅਤੇ ਨਾਨ-ਟੀਚਿੰਗ ਕਰਮਚਾਰੀਆਂ ਸਬੰਧੀ ਫੈਸਲੇ ਦਾ ਸਿੱਧਾ ਪ੍ਰਭਾਵ ਸਰਕਾਰੀ ਸੇਵਾਵਾਂ ਨਾਲ ਜੁੜੇ ਹਜ਼ਾਰਾਂ ਕਰਮਚਾਰੀਆਂ 'ਤੇ ਪੈਣ ਦੀ ਸੰਭਾਵਨਾ ਹੈ। ਇਸ ਦੇ ਨਾਲ ਹੀ ਰੰਜੀਤਗੜ੍ਹ ਅਤੇ ਪਠਾਨਕੋਟ ਖੇਤਰ ਨੂੰ ਟੂਰਿਜ਼ਮ ਹੱਬ ਵਜੋਂ ਵਿਕਸਤ ਕਰਨ ਦੀ ਦਿਸ਼ਾ ਵਿੱਚ ਲਿਆ ਗਿਆ ਫੈਸਲਾ ਸੂਬੇ ਦੇ ਉੱਤਰੀ ਖੇਤਰ ਵਿੱਚ ਆਰਥਿਕ ਗਤੀਵਿਧੀਆਂ ਅਤੇ ਰੁਜ਼ਗਾਰ ਨੂੰ ਉਤਸ਼ਾਹਿਤ ਕਰਨ ਲਈ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ। ਕੁੱਲ ਮਿਲਾ ਕੇ, ਸੋਮਵਾਰ ਦੀ ਕੈਬਨਿਟ ਮੀਟਿੰਗ ਵਿੱਚ ਲਏ ਗਏ ਫੈਸਲੇ ਪ੍ਰਸ਼ਾਸਨਿਕ ਕੁਸ਼ਲਤਾ, ਕਰਮਚਾਰੀ ਮਾਮਲਿਆਂ ਅਤੇ ਖੇਤਰੀ ਵਿਕਾਸ ਨੂੰ ਕੇਂਦਰ ਵਿੱਚ ਰੱਖਦੇ ਹਨ।

ਸਿੰਗਾਪੁਰ ਦੇ ਐਸਆਈਐਨਜੀ ਫੋਰਮ.....

ਰੀਸਾਈਕਲ ਕੀਤੇ ਪਾਣੀ ਦੀ ਵਰਤੋਂ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਜ਼ਮੀਨ ਨਾਲ ਸਬੰਧਤ ਮਾਮਲਿਆਂ ਵਿੱਚ ਹਰਿਆਣਾ ਵੱਲੋਂ ਤਿਆਰ ਕੀਤੇ ਗਏ ਨਵੇਂ ਇਨਵੈਸਟਮੈਂਟ ਇੰਜਣ ਦਾ ਵੀ ਮੁੱਖ ਮੰਤਰੀ ਨੇ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਨਿਵੇਸ਼ਕ ਹਰਿਆਣਾ ਦੇ ਕਿਸੇ ਖਾਸ ਲੈਂਡ ਪਾਰਸਲ ਦੀ ਚੋਣ ਕਰਦਾ ਹੈ ਤਾਂ ਉਸਨੂੰ ਉਸ ਜ਼ਮੀਨ ਨਾਲ ਸਬੰਧਤ ਨਿਵੇਸ਼ ਦੀ ਲੋੜੀਂਦੀ ਜਾਣਕਾਰੀ ਇੱਕ ਹੀ ਥਾਂ 'ਤੇ ਮਿਲ ਸਕਦੀ ਹੈ। ਸੈਣੀ ਨੇ ਨਿਵੇਸ਼ਕਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਹਰਿਆਣਾ ਕੋਲ ਸਹੀ ਲੋਕੇਸ਼ਨ, ਮਜ਼ਬੂਤ ਉਦਯੋਗਿਕ ਈਕੋਸਿਸਟਮ ਅਤੇ ਵਿਕਾਸ ਦੇ ਮੌਕਿਆਂ ਨੂੰ ਵੱਡੇ ਪੱਧਰ 'ਤੇ ਲਿਜਾਣ ਦੀ ਸਮਰੱਥਾ ਮੌਜੂਦ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਕੰਪਨੀਆਂ ਭਾਰਤ ਵਿੱਚ ਆਪਣੇ ਵਿਕਾਸ ਦਾ ਅਗਲਾ ਅਧਿਆਇ ਲਿਖਣਾ ਚਾਹੁੰਦੀਆਂ ਹਨ, ਉਨ੍ਹਾ

ਪੰਜਾਬ ਪੱਧਰੀ ਐਥਲੈਟਿਕਸ ਲਈ ਰਵਨੀਤ ਕੌਰ ਦੀ ਚੋਣ, ਜ਼ਿਲ੍ਹਾ ਮੁਕਾਬਲਿਆਂ ਵਿੱਚ ਦੋ ਮੈਡਲ ਜਿੱਤੇ

ਰਾਮਪੁਰਾ ਫੂਲ, 5 ਅਕਤੂਬਰ (ਗੁਰਪ੍ਰੀਤ ਖੋਖਰ): ਦਿ ਪੋਲਰ ਸਟਾਰ ਸਕੂਲ, ਢੱਡੇ ਦੀ ਹੋਣਹਾਰ ਵਿਦਿਆਰਥਣ ਰਵਨੀਤ ਕੌਰ ਨੇ ਜ਼ਿਲ੍ਹਾ ਪੱਧਰੀ ਅੰਡਰ-14 ਐਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੰਜਾਬ ਪੱਧਰੀ ਮੁਕਾਬਲਿਆਂ ਲਈ ਆਪਣੀ ਜਗ ਹਾ ਪੱਕੀ ਕਰ ਲਈ ਹੈ। ਰਵਨੀਤ ਨੇ 400 ਮੀਟਰ ਦੌੜ ਵਿੱਚ ਗੋਲਡ ਮੈਡਲ ਅਤੇ 100 ਮੀਟਰ ਦੌੜ ਵਿੱਚ ਬਰਾਂਜ਼ ਮੈਡਲ ਹਾਸਲ ਕਰਕੇ ਇਹ ਮਾਣਮੱਤੀ ਉਪਲਬਧੀ ਆਪਣੇ ਨਾਮ ਕੀਤੀ। ਪੰਜਾਬ ਪੱਧਰ ਲਈ ਚੋਣ ਹੋਣਾ ਰਵਨੀਤ ਕੌਰ ਦੀ ਖੇਡ ਪ੍ਰਤਿਭਾ ਅਤੇ ਸਕੂਲ ਦੀ ਖੇਡ ਪ੍ਰਤੀ ਵਚਨਬੱਧਤਾ ਦਾ ਪ੍ਰਮੁੱਖ ਪ੍ਰਮਾਣ ਹੈ। ਇਸ ਸਫਲਤਾ ਨਾਲ ਦਿ ਪੋਲਰ ਸਟਾਰ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ, ਮਾਪਿਆਂ ਅਤੇ ਸਮੂਹ ਇਲਾਕਾ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਸਕੂਲ ਪ੍ਰਬੰਧਨ ਨੇ ਰਵਨੀਤ ਦੀ ਇਸ ਪ੍ਰਾਪਤੀ ਨੂੰ ਸੰਸਥਾ ਲਈ ਮਾਣ ਦਾ ਵਿਸ਼ਾ ਦੱਸਿਆ। ਚੇਅਰਮੈਨ ਸ. ਕੁਲਵੰਤ ਸਿੰਘ ਸਿੱਧੂ ਨੇ ਰਵਨੀਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ ਵਿੱਚ ਅੱਗੇ ਵਧਣ ਲਈ ਉਚਿਤ ਮੌਕੇ ਅਤੇ ਉਤਸ਼ਾਹ ਦੇਣਾ ਸੰਸਥਾ ਦੀ ਤਰਜੀਹ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਰਵਨੀਤ ਪੰਜਾਬ ਪੱਧਰ 'ਤੇ ਵੀ ਸਕੂਲ ਦਾ ਨਾਮ ਰੌਸ਼ਨ ਕਰੇਗੀ। ਇਸ ਮੌਕੇ ਕਾਲਜ ਪ੍ਰਿੰਸੀਪਲ ਸ. ਰਾਜ ਸਿੰਘ ਬਾਘਾ, ਐਮ.ਡੀ. ਮੈਡਮ ਸ਼ਿਬਲਜੀਤ ਕੌਰ ਅਤੇ ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ, ਅਤੇ ਕੋਆਰਡੀਨੇਟਰ ਹਰਦੀਪ ਸਿੰਘ ਹਾਜ਼ਰ ਰਹੇ। ਸਕੂਲ ਮੈਨੇਜਮੈਂਟ ਅਤੇ ਸਮੂਹ ਸਟਾਫ ਵੱਲੋਂ ਰਵਨੀਤ ਕੌਰ, ਉਸਦੇ ਮਾਪਿਆਂ ਅਤੇ ਕੋਚ ਨੂੰ ਵਧਾਈ ਦਿੱਤੀ ਗਈ।

ਮਸਤੂਆਣਾ ਸਾਹਿਬ ਵਿਖੇ ਅੰਡਰ-14 ਕਬੱਡੀ ਚੈਂਪੀਅਨਸ਼ਿਪ ਸ਼ੁਰੂ: ਨੌਜਵਾਨ ਖਿਡਾਰੀਆਂ ਨੇ ਮੈਦਾਨ 'ਚ ਦਿਖਾਇਆ ਦਮਖਮ

ਸੰਗਰੂਰ, 5 ਅਕਤੂਬਰ (ਜਸਪਾਲ ਸਰਾਓ): 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਗੁਰ ਸਾਗਰ ਮਸਤੂਆਣਾ ਸਾਹਿਬ ਦੇ ਇਨਡੋਰ ਸਟੇਡੀਅਮ ਵਿਖੇ ਅੰਡਰ-14 ਲੜਕਿਆਂ ਦੀ ਜ਼ਿਲ੍ਹਾ ਪੱਧਰੀ ਕਬੱਡੀ ਚੈਂਪੀਅਨਸ਼ਿਪ ਦਾ ਸ਼ਾਨਦਾਰ ਆਗਾਜ਼ ਹੋਇਆ। ਇਸ ਖੇਡ ਕੁੰਭ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੀਆਂ ਲਗਭਗ 10 ਟੀਮਾਂ ਦੇ ਨੰਨ੍ਹੇ ਖਿਡਾਰੀਆਂ ਨੇ ਆਪਣੀ ਖੇਡ ਪ੍ਰਤਿਭਾ, ਸ਼ਾਨਦਾਰ ਤਕਨੀਕ ਅਤੇ ਜੋਸ਼ ਦਾ ਮੁਜ਼ਾਹਰਾ ਕੀਤਾ। ਟੂਰਨਾਮੈਂਟ ਦੌਰਾਨ ਅਕਾਲ ਕਾਲਜ ਕੌਂਸਲ ਦੇ ਸਕੱਤਰ ਸ. ਜਸਵੰਤ ਸਿੰਘ ਖਹਿਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਖਿਡਾਰੀਆਂ ਨਾਲ ਜਾਣ-ਪਛਾਣ ਕਰਦਿਆਂ ਮੈਚ ਸ਼ੁਰੂ ਕਰਵਾਏ ਅਤੇ ਖਿਡਾਰੀਆਂ ਨੂੰ ਖੇਡ ਭਾਵਨਾ, ਅਨੁਸ਼ਾਸਨ ਅਤੇ ਲਗਨ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਖਿਡਾਰੀਆਂ ਅਤੇ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਸ. ਜਸਵੰਤ ਸਿੰਘ ਖਹਿਰਾ ਨੇ ਕਿਹਾ ਕਿ ਖੇਡਾਂ ਪੰਜਾਬ ਦੇ ਸਮਾਜਿਕ ਅਤੇ ਸੱਭਿਆਚਾਰਕ ਤਾਣੇ-ਬਾਣੇ ਦਾ ਅਟੁੱਟ ਅੰਗ ਹਨ। ਛੋਟੀ ਉਮਰ ਵਿੱਚ ਬੱਚਿਆਂ ਦਾ ਖੇਡਾਂ ਪ੍ਰਤੀ ਅਜਿਹਾ ਉਤਸ਼ਾਹ ਪੰਜਾਬ ਦੇ ਸੁਨਹਿਰੀ ਭਵਿੱਖ ਦਾ ਸੰਕੇਤ ਹੈ। ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨ ਸ਼ਕਤੀ ਨੂੰ ਖੇਡਾਂ ਨਾਲ ਜੋੜ ਕੇ ਹੀ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਿਆ ਜਾ ਸਕਦਾ ਹੈ। ਪੰਜਾਬ ਦੀ ਨੌਜਵਾਨੀ ਵਿੱਚ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ, ਬੱਸ ਉਨ੍ਹਾਂ ਨੂੰ ਸਹੀ ਮੌਕੇ, ਬਿਹਤਰ ਬੁਨਿਆਦੀ ਸਹੂਲਤਾਂ ਅਤੇ ਯੋਗ ਮਾਰਗਦਰਸ਼ਨ ਦੇਣ ਦੀ ਲੋੜ ਹੈ। ਉਨ੍ਹਾਂ ਸਮੂਹ ਖਿਡਾਰੀਆਂ ਨੂੰ ਭਵਿੱਖ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸੂਬੇ ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ ਖੇਡ ਮੁਕਾਬਲਿਆਂ ਦੌਰਾਨ ਖਿਡਾਰੀਆਂ ਅਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਸਮਾਗਮ ਵਿੱਚ ਸੀਨੀਅਰ ਕੌਂਸਲ ਮੈਂਬਰ ਤੇ ਸਾਬਕਾ ਕੋਚ ਸ. ਮਨਜੀਤ ਸਿੰਘ ਬਾਲੀਆਂ, ਪ੍ਰੋ. ਜਤਿੰਦਰ ਦੇਵ, ਪ੍ਰੋ. ਨਿਰਪਜੀਤ ਸਿੰਘ, ਸ. ਸੋਹਨਦੀਪ ਸਿੰਘ ਸਮੇਤ ਹੋਰ ਖੇਡ ਪ੍ਰਬੰਧਕ ਅਤੇ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਸੀਐਮ ਮਾਨ ਨਾਲ ਸੁਰਜੀਤ ਸਿੰਘ ਰੱਖੜਾ ਦੀ ਬੈਠਕ, ਵਿਕਾਸ ਮੁੱਦਿਆਂ 'ਤੇ ਹੋਈ ਚਰਚਾ

ਸਮਾਣਾ, 5 ਅਕਤੂਬਰ (ਪ੍ਰਿੰਸ ਕੁਮਾਰ): ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਸਮਾਣਾ ਤੋਂ ਇੰਚਾਰਜ ਸੁਰਜੀਤ ਸਿੰਘ ਰੱਖੜਾ ਨੇ ਅੱਜ ਚੰਡੀਗੜ੍ਹ ਵਿਖੇ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨਾਲ ਰਸਮੀ ਮੁਲਾਕਾਤ ਕੀਤੀ। ਇਸ ਅਹਿਮ ਬੈਠਕ ਦੌਰਾਨ ਦੋਵਾਂ ਆਗੂਆਂ ਵਿਚਕਾਰ ਸੂਬੇ ਅਤੇ ਖ਼ਾਸਕਰ ਹਲਕਾ ਸਮਾਣਾ ਦੇ ਸਰਬਪੱਖੀ ਵਿਕਾਸ ਅਤੇ ਲੋਕ ਹਿੱਤ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਸਾਰਥਿਕ ਚਰਚਾ ਹੋਈ। ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਸ. ਰੱਖੜਾ ਨੂੰ ਵਿਧਾਨ ਸਭਾ ਹਲਕਾ ਸਮਾਣਾ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਤੋਂ ਬਾਅਦ ਇਹ ਉਨ੍ਹਾਂ ਦੀ ਮੁੱਖ ਮੰਤਰੀ ਨਾਲ ਪਹਿਲੀ ਮੁਲਾਕਾਤ ਸੀ। ਇਸ ਮੌਕੇ ਉਨ੍ਹਾਂ ਨੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣ ਦਾ ਭਰੋਸਾ ਦਿਵਾਇਆ। ਮੁਲਾਕਾਤ ਦੌਰਾਨ ਸ. ਰੱਖੜਾ ਨੇ ਸਮਾਣਾ ਹਲਕੇ ਦੇ ਲੋਕਾਂ ਨੂੰ ਦਰਪੇਸ਼ ਮੁੱਢਲੀਆਂ ਸਮੱਸਿਆਵਾਂ, ਵਿਕਾਸ ਕਾਰਜਾਂ ਦੀ ਮੌਜੂਦਾ ਸਥਿਤੀ ਅਤੇ ਆਮ ਜਨਤਾ ਦੀਆਂ ਲੋੜਾਂ ਬਾਰੇ ਮੁੱਖ ਮੰਤਰੀ ਨੂੰ ਜਾਣੂ ਕਰਵਾਇਆ। ਇਸ ਮੌਕੇ ਉਨ੍ਹਾਂ ਨਾਲ ਪ੍ਰੀਤ ਗਰੁੱਪ ਆਫ਼ ਕੰਪਨੀਜ਼ ਦੇ ਡਾਇਰੈਕਟਰ ਹਰੀ ਸਿੰਘ, ਗੁਰਪ੍ਰੀਤ ਸਿੰਘ ਨਾਭਾ, ਸਾਬਕਾ ਚੇਅਰਮੈਨ ਜਸਪਾਲ ਸਿੰਘ ਕਲਿਆਣ, ਜਗਜੀਤ ਸਿੰਘ ਸੋਨੀ ਅਤੇ ਸੋਹਨ ਲਾਲ ਸ਼ਰਮਾ ਮੌਜੂਦ ਸਨ।

ਨਿੱਕੇ ਘੁੰਮਣ ਵਿਖੇ ਚੌਥਾ ਗੋਲਡ ਕਬੱਡੀ ਕੱਪ ਸ਼ਾਨੋ-ਸ਼ੌਕਤ ਨਾਲ ਸੰਪੰਨ : ਪਰਮਜੀਤ ਸਿੰਘ ਗਿੱਲ

ਬਟਾਲਾ, 5 ਅਕਤੂਬਰ (ਸੰਜੀਵ ਨਈਅਰ): ਬ੍ਰਹਮਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਦੀ ਮਿੱਠੀ ਅਤੇ ਨਿੱਘੀ ਯਾਦ ਵਿੱਚ ਨਿੱਕੇ ਘੁੰਮਣ ਸੰਪਰਦਾਇ ਦੇ ਮੁੱਖੀ ਬਾਬਾ ਬੁੱਧ ਸਿੰਘ ਅਤੇ ਉਹਨਾਂ ਦੇ ਹੋਣਹਾਰ ਸਪੁੱਤਰ ਐਡਵੋਕੇਟ ਲੋਕਦੀਪ ਸਿੰਘ ਘੁੰਮਣ ਦੀ ਸੁਚੱਜੀ ਅਗਵਾਈ ਹੇਠ 'ਚੌਥਾ ਗੋਲਡ ਕਬੱਡੀ ਕੱਪ' ਵੱਡੀ ਧੂਮਧਾਮ ਅਤੇ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਇਆ। ਇਸ ਖੇਡ ਮੇਲੇ ਵਿੱਚ 'ਹਿਮਾਲਿਆ ਪਰਿਵਾਰ ਸੰਗਠਨ' ਦੇ ਕੌਮੀ ਕਾਰਜਕਾਰੀ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਗਿੱਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਵਿੱਚ ਪਹੁੰਚਣ 'ਤੇ ਮੁੱਖ ਮਹਿਮਾਨ ਸਰਦਾਰ ਪਰਮਜੀਤ ਸਿੰਘ ਗਿੱਲ ਦਾ ਪ੍ਰਬੰਧਕਾਂ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ ਅਤੇ ਉਹਨਾਂ ਨੂੰ ਫੁੱਲਾਂ ਦੇ ਹਾਰ ਪਹਿਨਾ ਕੇ ਵਿਸ਼ੇਸ਼ ਤੌਰ 'ਤੇ ਜੀ ਆਇਆਂ ਨੂੰ ਆਖਿਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਸਰਦਾਰ ਪਰਮਜੀਤ ਸਿੰਘ ਗਿੱਲ ਨੇ ਕਿਹਾ ਕਿ ਅਜਿਹੇ ਖੇਡ ਮੇਲੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਅਤੇ ਸਮਾਜ ਵਿੱਚੋਂ ਨਸ਼ਿਆਂ ਦੀ ਬੁਰਾਈ ਨੂੰ ਜੜ੍ਹੋਂ ਖ਼ਤਮ ਕਰਨ ਲਈ ਇੱਕ ਵੱਡਾ ਤੇ ਸ਼ਲਾਘਾਯੋਗ ਉਪਰਾਲਾ ਹਨ। ਉਹਨਾਂ ਨੇ ਇਸ ਸਫ਼ਲ ਆਯੋਜਨ ਲਈ ਬਾਬਾ ਬੁੱਧ ਸਿੰਘ ਅਤੇ ਐਡਵੋਕੇਟ ਲੋਕਦੀਪ ਸਿੰਘ ਘੁੰਮਣ ਦੀ ਦੂਰਅੰਦੇਸ਼ੀ ਸੋਚ ਅਤੇ ਯਤਨਾਂ ਦੀ ਭਰਪੂਰ ਪ੍ਰਸੰਸਾ ਕੀਤੀ। ਖੇਡਾਂ ਦੇ ਸਫ਼ਲ ਆਯੋਜਨ ਤੋਂ ਬਾਅਦ ਪ੍ਰਬੰਧਕੀ ਟੀਮ ਵੱਲੋਂ ਆਏ ਹੋਏ ਮੁੱਖ ਮਹਿਮਾਨ, ਪ੍ਰਮੁੱਖ ਸ਼ਖ਼ਸੀਅਤਾਂ, ਖਿਡਾਰੀਆਂ ਅਤੇ ਦਰਸ਼ਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

ਖੇਡਾਂ ਵਤਨ ਪੰਜਾਬ ਦੀਆਂ 2026, ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ 'ਚ ਹੋਏ ਮੁਕਾਬਲੇ

ਲੁਧਿਆਣਾ, 5 ਅਕਤੂਬਰ (ਝੱਜ ਉਮੈਦਪੁਰ): ਪੰਜਾਬ ਸਰਕਾਰ ਦੁਆਰਾ ਖੇਡ ਵਿਭਾਗ ਪੰਜਾਬ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਬਲਾਕ ਪੱਧਰੀ ਟੂਰਨਾਮੈਂਟ ਸਫਲਤਾਪੂਰਵਕ ਮੁਕੰਮਲ ਹੋਣ ਉਪਰੰਤ ਜ਼ਿਲ੍ਹਾ ਪੱਧਰ ਖੇਡ ਮੁਕਾਬਲਿਆਂ ਦੀ 29 ਖੇਡਾਂ (ਆਰਚਰੀ, ਐਥਲੈਟਿਕਸ, ਬੈਡਮਿੰਟਨ, ਬਾਸਕਟਬਾਲ, ਬਾਕਸਿੰਗ, ਚੈੱਸ, ਫੈਨਸਿੰਗ, ਫੁੱਟਬਾਲ, ਗੱਤਕਾ, ਹੈਂਡਬਾਲ, ਹਾਕੀ, ਜੂਡੋ, ਕਬੱਡੀ ਨੈਸ਼ਨਲ, ਕਬੱਡੀ ਸਰਕਲ, ਖੋ-ਖੋ, ਕਿੱਕ ਬਾਕਸਿੰਗ, ਲਾਅਨ ਟੈਨਿਸ, ਨੈੱਟਬਾਲ, ਪਾਵਰ ਲਿਫਟਿੰਗ, ਰੋਲਰ ਸਕੇਟਿੰਗ, ਸ਼ੂਟਿੰਗ, ਸਾਫਟਬਾਲ,ਤੈਰਾਕੀ, ਟੇਬਲ ਟੈਨਿਸ, ਟੈਨਿਸ ਬਾਲ ਕ੍ਰਿਕਟ, ਵਾਲੀਬਾਲ ਸ਼ੂਟਿੰਗ, ਵਾਲੀਬਾਲ ਸਮੈਸ਼ਿੰਗ, ਵੇਟਲਿਫਟਿੰਗ ਅਤੇ ਕੁਸ਼ਤੀ) ਵਿੱਚ ਸ਼ੁਰੂਆਤ ਕਰਦੇ ਹੋਏ ਜ਼ਿਲ੍ਹਾ ਪੱਧਰੀ ਖੇਡਾਂ ਦੇ ਤੈਅਸ਼ੁਦਾ ਸ਼ਡਿਊਲ ਅਨੁਸਾਰ ਵੱਖ ਵੱਖ ਖੇਡਾਂ ਐਥਲੈਟਿਕਸ, ਬੈਡਮਿੰਟਨ ਬਾਕਸਿੰਗ, ਫੈਨਸਿੰਗ, ਟੈਨਿਸ ਬਾਲ ਕ੍ਰਿਕਟ ਹੈਂਡਬਾਲ, ਜੂਡੋ,ਲਾਅਨ ਟੈਨਿਸ, ਸ਼ੂਟਿੰਗ, ਟੇਬਲ ਟੈਨਿਸ ,ਵੇਟਲਿਫਟਿੰਗ , ਆਰਚਰੀ, ਚੈੱਸ, ਹਾਕੀ , ਕਬੱਡੀ ਨੈਸ਼ਨਲ, ਕਬੱਡੀ ਸਰਕਲ, ਖੋ-ਖੋ ,ਨੈੱਟਬਾਲ, ਪਾਵਰ ਲਿਫਟਿੰਗ, ਤੈਰਾਕੀ, ਵਾਲੀਬਾਲ ਸ਼ੂਟਿੰਗ ਤੇ ਵਾਲੀਬਾਲ ਸਮੈਸ਼ਿੰਗ , ਕਿੱਕ ਬਾਕਸਿੰਗ, ਫੈਨਸਿੰਗ, ਰੋਲਰ ਸਕੇਟਿੰਗ, ਸਾਫਟਬਾਲ , ਗੱਤਕਾ,ਕੁਸ਼ਤੀ ਅਤੇ ਫੁੱਟਬਾਲ ਦਾ ਟੂਰਨਾਮੈਂਟ ਸ਼ੁਰੂ ਹੋ ਚੁੱਕਾ ਹੈ। ਐਸ ਸੀ ਡੀ ਸਰਕਾਰੀ ਕਾਲਜ ਲੜਕਿਆਂ ਵਿਖੇ ਸਾਫਟਬਾਲ ਦੇ ਅੰ14 ਲੜਕਿਆਂ ਦੇ ਫਾਈਨਲ ਮੁਕਾਬਲਿਆਂ ਵਿੱਚ - ਪੀ ਐਮ ਸ਼ ?ਰੀ ਕਾਸਾਬਾਦ ਦੀ ਟੀਮ ਨੇ ਪਹਿਲਾ, ਗੁਰੂ ਨਾਨਕ ਮਾਡਲ ਸਕੂਲ ਢੋਲੇਵਾਲ ਦੀ ਟੀਮ ਨੇ ਦੂਜਾ ਸਥਾਨ ਅਤੇ ਬੀ ਸੀ ਐਮ ਸਕੂਲ ਫੋਕਲ ਪੁਆਇੰਟ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰ17 ਲੜਕਿਆਂ ਦੇ ਤੀਜੇ ਨਾਕ ਆਊਟ ਮੈਚਾਂ ਵਿੱਚ - ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਦੀ ਟੀਮ ਨੇ ਤੇਜਾ ਸਿੰਘ ਸੁੰਤਤਰ ਮੈਮੋਰੀਅਲ ਸਕੂਲ ਦੀ ਟੀਮ ਨੂੰ 10-0 ਦੇ ਫਰਕ ਨਾਲ , ਡੀ ਜੀ ਐਸ ਜੀ ਸਕੂਲ ਦੀ ਟੀਮ ਨੇ ਸਰਕਾਰੀ ਸੀਨੀ ਸੈਕੰਡਰੀ ਸਕੂਲ ਸੰਗੋਵਾਲ ਦੀ ਟੀਮ ਨੂੰ 2-0 ਦੇ ਫਰਕ ਨਾਲ; ਆਰ ਐਸ ਮਾਡਲ ਸੀਨੀਅਰ ਸੈਕੰਡਰੀ ਸਕੂਨ ਦੀ ਟੀਮ ਨੇ ਬੀ ਸੀ ਐਮ ਸਕੂਲ ਫੋਕਲ ਪੁਆਇੰਟ ਦੀ ਟੀਮ ਨੂੰ 10-0 ਦੇ ਫਰਕ ਨਾਲ , ਪੀ ਐਮ ਸ਼੍ਰੀ ਕਾਸਾਬਾਦ ਦੀ ਟੀਮ ਨੇ ਗੁਰੂ ਨਾਨਕ ਮਾਡਲ ਸਕੂਲ ਢੋਲੇਵਾਲ ਦੀ ਟੀਮ ਨੂੰ 8-1 ਦੇ ਫਰਕ ਨਾਲ ਹਰਾਇਆ।

ਸਾਇੰਸ ਫੈਸਟ ਵਿੱਚ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਦੀ ਸ਼ਾਨਦਾਰ ਜਿੱਤ

ਪਾਤੜਾਂ, 5 ਅਕਤੂਬਰ (ਗਗਨ ਗਰਗ): ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ, ਘੱਗਾ ਲਈ ਇਹ ਬੇਹੱਦ ਮਾਣ ਅਤੇ ਖੁਸ਼ੀ ਦਾ ਪਲ ਰਿਹਾ, ਜਦੋਂ ਸਕੂਲ ਦੇ ਵਿਦਿਆਰਥੀਆਂ ਨੇ ਪਬਲਿਕ ਕਾਲਜ, ਸਮਾਣਾ ਵਿਖੇ ਆਯੋਜਿਤ ਸਾਇੰਸ ਫੈਸਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜਿਨ੍ਹਾਂ ਵੀ ਮੁਕਾਬਲਿਆਂ ਵਿੱਚ ਭਾਗ ਲਿਆ, ਉਨ੍ਹਾਂ ਸਾਰਿਆਂ ਵਿੱਚ ਇਨਾਮ ਜਿੱਤ ਕੇ ਸਕੂਲ ਲਈ ਓਵਰਆਲ ਵਿਨਰਜ਼ ਟਰਾਫ਼ੀ ਹਾਸਲ ਕੀਤੀ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਨੇ ਵਿਗਿਆਨਕ ਸੋਚ, ਅਕਾਦਮਿਕ ਯੋਗਤਾ, ਰਚਨਾਤਮਕਤਾ ਅਤੇ ਹੁਨਰ ਦਾ ਬੇਮਿਸਾਲ ਪ੍ਰਦਰਸ਼ਨ ਕੀਤਾ। ਸਟੈਟਿਕ ਮਾਡਲ, ਸਾਇੰਟਿਫਿਕ ਪੋਸਟਰ, ਸਾਇੰਸ ਕੁਇਜ਼, ਜਨਰਲ ਕੁਇਜ਼, ਜਨਰਲ ਪੋਸਟਰ ਪ੍ਰੈਜ਼ੈਂਟੇਸ਼ਨ, ਟ ?ੈਜ਼ਰ ਹੰਟ, ਐਡ ਮੈਡ ਸ਼ੋਅ ਅਤੇ ਰੰਗੋਲੀ ਵਰਗੇ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਸਥਾਨ ਪ੍ਰਾਪਤ ਕਰਕੇ ਆਪਣੀ ਪ੍ਰਤਿਭਾ, ਆਤਮ-ਵਿਸ਼ਵਾਸ, ਟੀਮ ਵਰਕ ਅਤੇ ਗਿਆਨ ਦਾ ਲੋਹਾ ਮਨਵਾਇਆ। ਸਟੈਟਿਕ ਮਾਡਲ ਮੁਕਾਬਲੇ ਵਿੱਚ ਬਾਰ੍ਹਵੀਂ ਜਮਾਤ (ਸਾਇੰਸ) ਦੀਆਂ ਵਿਦਿਆਰਥਣਾਂ ਕੁਦਰਤਪ੍ਰੀਤ ਕੌਰ ਅਤੇ ਅਰਸ਼ਪ੍ਰੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਲੇਕਾ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੀ ਮਿਹਨਤ ਅਤੇ ਲਗਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਤਿਆਰ ਕਰਨ ਅਤੇ ਸਹੀ ਮਾਰਗਦਰਸ਼ਨ ਦੇਣ ਵਾਲੇ ਅਧਿਆਪਕਾਂ ਅਤੇ ਮਾਰਗਦਰਸ਼ਕਾਂ ਦੇ ਸਮਰਪਿਤ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ। ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਵੀ ਵਿਦਿਆਰਥੀਆਂ ਦੀ ਸ਼ਾਨਦਾਰ ਕਾਰਗੁਜ਼ਾਰੀ, ਅਨੁਸ਼ਾਸਨ, ਟੀਮ ਭਾਵਨਾ ਅਤੇ ਆਤਮ-ਵਿਸ਼ਵਾਸ ਦੀ ਭਰਪੂਰ ਸ਼ਲਾਘਾ ਕੀਤੀ।

ਰਾਜਵੰਤ ਨੇ 600 ਮੀਟਰ ਦੌੜ ਜਗਰਾਉਂ ਜ਼ੋਨ 'ਚ ਪਹਿਲਾ, ਜ਼ਿਲ੍ਹਾ ਪੱਧਰੀ 'ਚ ਤੀਜਾ ਸਥਾਨ ਪ੍ਰਾਪਤ ਕੀਤਾ

ਜਗਰਾਉਂ, 5 ਅਕਤੂਬਰ (ਜਗਦੀਪ ਸਿੰਘ): ਸਰਕਾਰੀ ਮਿਡਲ

ਪ੍ਰਗਟ ਸਿੰਘ ਦੇ ਪੰਜਾਬ ਕਾਂਗਰਸ ਪ੍ਰਧਾਨ ਬਣਨ ਨਾਲ ਵਰਕਰਾਂ ਚ ਠਾਠਾਂ ਮਾਰਦਾ ਜੋਸ਼, ਵਿਰੋਧੀਆਂ ਦੀ ਉੱਡੀ ਨੀਂਦ: ਸੁੱਖਬਿੰਦਰ ਸਿੰਘ ਸਰਕਾਰੀਆ

ਅੰਮ੍ਰਿਤਸਰ, 5 ਅਕਤੂਬਰ (ਰਾਜੇਸ਼ ਡੈਨੀ) ਸ੍ਰ. ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਨਵਾਂ ਸੂਬਾ ਪ੍ਰਧਾਨ ਨਿਯੁਕਤ ਕੀਤੇ ਜਾਣ ਤੋਂ ਬਾਅਦ ਸੂਬੇ ਭਰ ਦੇ ਕਾਂਗਰਸੀ ਵਰਕਰਾਂ ਅਤੇ ਆਗੂਆਂ ਵਿੱਚ ਭਾਰੀ ਉਤਸ਼ਾਹ ਅਤੇ ਇੱਕ ਨਵਾਂ ਜੋਸ਼ ਦੇਖਣ ਨੂੰ ਮਿਲ ਰਿਹਾ ਹੈ। ਇਸੇ ਲੜੀ ਤਹਿਤ ਅੱਜ ਅੰਮ੍ਰਿਤਸਰ ਵਿਖੇ ਵਰਕਰਾਂ ਨਾਲ ਇੱਕ ਅਹਿਮ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਸਾਬਕਾ ਮੰਤਰੀ ਅਤੇ ਹਲਕਾ ਰਾਜਾਸਾਂਸੀ ਤੋਂ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਨੇ ਨਵ-ਨਿਯੁਕਤ ਪ੍ਰਧਾਨ ਨੂੰ ਮੁਬਾਰਕਬਾਦ ਦਿੱਤੀ ਅਤੇ ਕਾਂਗਰਸ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ। ਪ੍ਰਗਟ ਸਿੰਘ ਇੱਕ ਤਜਰਬੇਕਾਰ ਤੇ ਸੀਨੀਅਰ ਆਗੂ ਸੁੱਖਬਿੰਦਰ ਸਿੰਘ ਸਰਕਾਰੀਆ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਕਾਂਗਰਸੀ ਵਿਧਾਇਕ ਪ੍ਰਗਟ ਸਿੰਘ ਇੱਕ ਅਤਿ ਤਜਰਬੇਕਾਰ, ਇਮਾਨਦਾਰ ਅਤੇ ਸੀਨੀਅਰ ਕਾਂਗਰਸੀ ਆਗੂ ਹਨ। ਉਹਨਾਂ ਨੇ ਹਮੇਸ਼ਾ ਵੱਖ-ਵੱਖ ਜ਼ਿੰਮੇਵਾਰੀਆਂ ਨੂੰ ਬਖੂਬੀ ਨਿਭਾਉਂਦਿਆਂ ਪਾਰਟੀ ਦੀ ਚੜ੍ਹਦੀ ਕਲਾ ਅਤੇ ਪੰਜਾਬ ਦੇ ਅਹਿਮ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਚੁੱਕਿਆ ਹੈ। ਸਰਕਾਰੀਆ ਜੀ ਨੇ ਉਮੀਦ ਜਤਾਈ ਕਿ ਉਹਨਾਂ ਦੀ ਸੁਚੱਜੀ ਅਗਵਾਈ ਹੇਠ ਪੰਜਾਬ ਕਾਂਗਰਸ ਸੰਗਠਨਾਤਮਿਕ ਪੱਧਰ ਤੇ ਹੋਰ ਵੀ ਜ਼ਿਆਦਾ ਮਜ਼ਬੂਤ ਹੋਵੇਗੀ। ਉਹਨਾਂ ਸਪੱਸ਼ਟ ਕੀਤਾ ਕਿ ਪੰਜਾਬ ਦੇ ਸਮੁੱਚੇ ਕਾਂਗਰਸੀ ਆਗੂ ਅਤੇ ਵਰਕਰ ਨਵੇਂ ਸੂਬਾ ਪ੍ਰਧਾਨ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣਗੇ ਅਤੇ ਪਾਰਟੀ ਨੂੰ ਬੁਲੰਦੀਆਂ ਤੇ ਪਹੁੰਚਾਉਣ ਲਈ ਆਪਣੀ ਪੂਰੀ ਜ਼ਿੰਮੇਵਾਰੀ ਨਿਭਾਉਣਗੇ। ਕਾਂਗਰਸ ਪੂਰੀ ਤਰ੍ਹਾਂ ਇੱਕਜੁੱਟ, ਵਿਰੋਧੀ ਪਾਰਟੀਆਂ ਦੇ ਛੁੱਟੇ ਪਸੀਨੇ ਇਸ ਮੌਕੇ ਵਿਧਾਇਕ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਮਨਦੀਪ ਸਿੰਘ ਕੱਕੜ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਾਂਗਰਸ ਹਾਈਕਮਾਂਡ ਦਾ ਧੰਨਵਾਦ ਕੀਤਾ। ਉਹਨਾਂ ਦਾਅਵਾ ਕੀਤਾ ਕਿ ਪ੍ਰਗਟ ਸਿੰਘ ਦੇ ਕਮਾਨ ਸੰਭਾਲਦਿਆਂ ਹੀ ਵਿਰੋਧੀ ਪਾਰਟੀਆਂ ਦੀ ਨੀਂਦ ਉੱਡ ਗਈ ਹੈ। ਕੱਕੜ ਨੇ ਆਖਿਆ ਕਿ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੈ ਅਤੇ ਵਰਕਰ ਹੁਣ ਦੁੱਗਣੇ ਉਤਸ਼ਾਹ ਅਤੇ ਮਜ਼ਬੂਤੀ ਨਾਲ ਚੋਣ ਮੈਦਾਨ ਵਿੱਚ ਉੱਤਰਨਗੇ ਅਤੇ ਸਿਆਸੀ ਵਿਰੋਧੀਆਂ ਦੇ ਛੱਕੇ ਛੁਡਾਉਣਗੇ। ਮੀਟਿੰਗ ਵਿੱਚ ਇਹ ਅਹਿਮ ਆਗੂ ਰਹੇ ਹਾਜ਼ਰ ਇਸ ਪ੍ਰਭਾਵਸ਼ਾਲੀ ਮੀਟਿੰਗ ਦੌਰਾਨ ਸ੍ਰੀ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਨਾਲ ਕਾਂਗਰਸ ਪਾਰਟੀ ਦੇ ਕਈ ਸਥਾਨਕ ਆਗੂ ਅਤੇ ਅਹੁਦੇਦਾਰ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ, ਜਿਨ੍ਹਾਂ ਵਿੱਚ: ਅਮਨਦੀਪ ਸਿੰਘ ਕੱਕੜ (ਮੀਡੀਆ ਸਲਾਹਕਾਰ) ਸਰਪੰਚ ਸੋਨਾ ਸਿੱਧੂ (ਬਲੱਗਣ) ਹਰਕੰਵਲਜੀਤ ਸਿੰਘ ਹੈਪੀ (ਅਦਲੀਵਾਲ) ਜਸਪਾਲ ਸਿੰਘ ਭੱਟੀ ਜਸਕਰਨ ਸਿੰਘ ਕੋਹਾਰੀ ਹਰਭੇਜ ਸਿੰਘ ਵਣੀਏਕੇ (ਬਲਾਕ ਪ੍ਰਧਾਨ, ਚੋਗਾਵਾਂ) ਲਖਵਿੰਦਰ ਸਿੰਘ ਝੰਜੋਟੀ (ਬਲਾਕ ਪ੍ਰਧਾਨ, ਹਰਸਾ ਛੀਨਾ) ਲਖਵਿੰਦਰ ਸਿੰਘ ਭਿੰਟੇਵੱਡ ਗੁਰਮੀਤ ਸਿੰਘ ਡਾਲਾ ਦਿਲਬਾਗ ਸਿੰਘ ਖਿਆਲਾ ਗੁਰਮੇਜ ਸਿੰਘ ਬਬਲਾ (ਕੋਟਲਾ) ਸਾਹਬੀ ਚੈਨਪੁਰ ਗਿੰਦਰ ਲੋਪੋਕੇ ਡਾਕਟਰ ਪ੍ਰਗਟ ਸਿੰਘ ਭੁੱਲਰ ਕੁਲਦੀਪ ਸਿੰਘ ਔਲਖ (ਚੋਗਾਵਾਂ) ਰਿੰਕੂ ਚੋਗਾਵਾਂ ਰਵੀ ਸ਼ੇਰ ਸਿੰਘ ਬਲਜੀਤ ਸਿੰਘ ਪੰਡੋਰੀ ਗੁਰਜੰਟ ਸਿੰਘ ਮੁੱਧ ਬਲਦੇਵ ਸਿੰਘ ਮੰਜ ਅਮਰਜੀਤ ਸਿੰਘ ਨੇਪਾਲ ਲਖਬੀਰ ਸਿੰਘ ਕੋਹਾਲੀ, ਬਲਵਿੰਦਰ ਸਿੰਘ ਕੋਹਾਲੀ, ਅਤੇ ਰਿੰਕੂ ਕੋਹਾਲੀ ਸ਼ਾਮਲ ਸਨ।

ਡਿਪਟੀ ਕਮਿਸ਼ਨਰ ਤੇ ਪੁਲਿਸ ਕਮਿਸ਼ਨਰ ਨੇ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਸਮਾਗਮਾਂ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

ਜਲੰਧਰ, 5 ਅਕਤੂਬਰ (ਪਰਮਜੀਤ ਸਿੰਘ) ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਸਮਾਗਮਾਂ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣਗੇ ਤਾਂ ਜੋ ਸਮਾਗਮਾਂ ਦੌਰਾਨ ਸ਼ਾਮਲ ਹੋਣ ਵਾਲੇ ਸ਼ਰਧਾਲੂਆਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਅਤੇ ਪੁਲਿਸ ਕਮਿਸ਼ਨਰ ਨੇ ਭਰੋਸਾ ਦਿੱਤਾ ਕਿ 26 ਅਕਤੂਬਰ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਅਤੇ ਇਸ ਤੋਂ ਪਹਿਲਾਂ 18 ਅਕਤੂਬਰ ਨੂੰ ਤੀਰਥ ਯਾਤਰਾ ਅਤੇ 24 ਅਕਤੂਬਰ ਨੂੰ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਦੇ ਮੱਦੇਨਜ਼ਰ ਵਿਆਪਕ ਪ੍ਰਬੰਧ ਕੀਤੇ ਜਾਣਗੇ, ਜਿਸ ਦੇ ਲਈ ਅਧਿਕਾਰੀਆਂ/ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਭਰੋਸਾ ਦਿਵਾਇਆ ਕਿ ਸਮਾਗਮਾਂ ਨੂੰ ਪੂਰੀ ਧਾਰਮਿਕ ਮਰਿਆਦਾ ਅਤੇ ਸੁਚੱਜੇ ਢੰਗ ਨਾਲ ਕਰਵਾਉਣ ਲਈ ਪ੍ਰਸ਼ਾਸਨ ਵੱਲੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸ਼ਰਧਾਲੂਆਂ ਦੀ ਸੁਵਿਧਾ ਦੇ ਮੱਦੇਨਜ਼ਰ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼ੋਭਾ ਯਾਤਰਾ ਦੌਰਾਨ ਟ੍ਰੈਫਿਕ ਦੇ ਬਦਲਵੇਂ ਰੂਟ, ਸ਼ੋਭਾ ਯਾਤਰਾ ਦੇ ਰੂਟ 'ਤੇ ਸਾਫ-ਸਫਾਈ, ਸਜਾਵਟ, ਢੁੱਕਵੀਆਂ ਮੈਡੀਕਲ ਟੀਮਾਂ ਦੀ ਤਾਇਨਾਤੀ ਸਮੇਤ ਹੋਰ ਲੋੜੀਂਦੇ ਇੰਤਜ਼ਾਮ ਕੀਤੇ ਜਾਣਗੇ, ਤਾਂ ਜੋ ਸ਼ਰਧਾਲੂਆਂ ਨੂੰ ਕੋਈ ਅਸੁਵਿਧਾ ਨਾ ਹੋਵੇ। ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਕਿਹਾ ਕਿ ਸਮਾਗਮਾਂ ਦੌਰਾਨ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਤੀਰਥ ਯਾਤਰਾ ਅਤੇ ਸ਼ੋਭਾ ਯਾਤਰਾ ਦੌਰਾਨ ਆਵਾਜਾਈ ਸੁਚਾਰੂ ਢੰਗ ਨਾਲ ਜਾਰੀ ਰੱਖਣ ਲਈ ਲੋੜੀਂਦੇ ਬੰਦੋਬਸਤ ਵੀ ਯਕੀਨੀ ਬਣਾਏ ਜਾਣਗੇ। ਇਸ ਦੌਰਾਨ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵੀ ਆਪਣੇ ਵੱਡਮੁੱਲੇ ਸੁਝਾਅ ਦਿੱਤੇ। ਮੀਟਿੰਗ ਵਿੱਚ ਕਮਿਸ਼ਨਰ ਨਗਰ ਨਿਗਮ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ, ਡੀ.ਸੀ.ਪੀ. ਪਰਮਿੰਦਰ ਸਿੰਘ, ਐਸ.ਡੀ.ਐਮ. ਸ਼ੁਭੀ ਆਂਗਰਾ ਅਤੇ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦੇ ਵੀ ਮੌਜੂਦ ਸਨ।

ਸ੍ਰੀ ਬਾਵਾ ਲਾਲ ਜੀ ਚੈਰੀਟੇਬਲ ਹਸਪਤਾਲ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ

ਬਟਾਲਾ, 5 ਅਕਤੂਬਰ (ਸੰਜੀਵ ਨਈਅਰ) ਸ੍ਰੀ ਧਿਆਨਪੁਰ ਧਾਮ ਦੇ ਸ੍ਰੀ ਸ੍ਰੀ 1008 ਸ੍ਰੀ ਰਾਮ ਸੁੰਦਰ ਦਾਸ ਜੀ ਮਹਾਰਾਜ ਅਤੇ ਛੋਟੇ ਮਹਾਰਾਜ ਸ੍ਰੀ ਗੋਪਾਲ ਦਾਸ ਜੀ ਮਹਾਰਾਜ ਦੀ ਦੇਖ-ਰੇਖ ਹੇਠ ਚੱਲ ਰਹੇ ਸ੍ਰੀ ਬਾਵਾ ਲਾਲ ਜੀ ਚੈਰੀਟੇਬਲ ਹਸਪਤਾਲ, ਨਹਿਰੂ ਗੇਟ ਬਟਾਲਾ ਵਿਖੇ ਸਰਬੱਤ ਦੇ ਭਲੇ, ਸੁਖ-ਸ਼ਾਂਤੀ ਅਤੇ ਲੋਕਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਹਸਪਤਾਲ ਦੇ ਸੇਵਾਦਾਰਾਂ, ਸਟਾਫ਼ ਮੈਂਬਰਾਂ, ਪ੍ਰਬੰਧਕਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਸੰਗਤ ਨੇ ਸ਼ਮੂਲੀਅਤ ਕਰਕੇ ਗੁਰਬਾਣੀ ਦਾ ਆਨੰਦ ਮਾਣਿਆ। ਧਾਰਮਿਕ ਸਮਾਗਮ ਦੌਰਾਨ ਹਸਪਤਾਲ ਦਾ ਸਮੁੱਚਾ ਮਾਹੌਲ ਗੁਰਬਾਣੀ ਦੀਆਂ ਰੂਹਾਨੀ ਧੁਨਾਂ ਨਾਲ ਗੂੰਜ ਉੱਠਿਆ। ਸੰਗਤ ਵੱਲੋਂ ਬੜੀ ਇਕਾਗਰਤਾ ਨਾਲ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਸਰਵਣ ਕੀਤਾ ਗਿਆ। ਪਾਠ ਦੇ ਭੋਗ ਉਪਰੰਤ ਗੁਰਦੁਆਰਾ ਸ੍ਰੀ ਸਤਿਕਰਤਾਰੀਆਂ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਤਲਵਿੰਦਰ ਸਿੰਘ ਤੋਂ ਇਲਾਵਾ ਭਾਈ ਹਰਜੀਤ ਸਿੰਘ, ਭਾਈ ਵਰਿੰਦਰ ਸਿੰਘ ਅਤੇ ਭਾਈ ਜਸਵਿੰਦਰ ਸਿੰਘ ਵੱਲੋਂ ਮਨੋਹਰ ਗੁਰਬਾਣੀ ਕੀਰਤਨ ਕੀਤਾ ਗਿਆ। ਰਾਗੀ ਸਿੰਘਾਂ ਵੱਲੋਂ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਨਾਲ ਜੋੜਿਆ ਗਿਆ। ਇਸ ਮੌਕੇ ਸਰਬੱਤ ਦੇ ਭਲੇ ਲਈ ਵਿਸ਼ੇਸ਼ ਅਰਦਾਸ ਕੀਤੀ ਗਈ, ਜਿਸ ਵਿੱਚ ਸਮੁੱਚੀ ਮਨੁੱਖਤਾ ਦੀ ਸੁੱਖ-ਸ਼ਾਂਤੀ, ਤੰਦਰੁਸਤੀ, ਖੁਸ਼ਹਾਲੀ ਅਤੇ ਚੜ੍ਹਦੀ ਕਲਾ ਦੀ ਕਾਮਨਾ ਕੀਤੀ ਗਈ। ਇਸ ਮੌਕੇ ਹਸਪਤਾਲ ਦੇ ਸੇਵਾਦਾਰ ਦਿਨੇਸ਼ ਕੋਹਲੀ, ਪ੍ਰਮੋਦ ਗਰਗ ਅਤੇ ਨਰਿੰਦਰ ਬੁਧੀਰਾਜਾ ਨੇ ਦੱਸਿਆ ਕਿ ਸ੍ਰੀ ਬਾਵਾ ਲਾਲ ਜੀ ਚੈਰੀਟੇਬਲ ਹਸਪਤਾਲ ਵਿਖੇ ਸਮੇਂ-ਸਮੇਂ 'ਤੇ ਧਾਰਮਿਕ ਅਤੇ ਸਮਾਜ ਸੇਵਾ ਨਾਲ ਸੰਬੰਧਤ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰਬਾਣੀ ਮਨੁੱਖ ਨੂੰ ਨਿਮਰਤਾ, ਸੇਵਾ, ਸਿਮਰਨ, ਸੱਚਾਈ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੰਦੀ ਹੈ। ਅਜਿਹੇ ਧਾਰਮਿਕ ਸਮਾਗਮ ਮਨੁੱਖ ਨੂੰ ਆਪਣੇ ਅੰਦਰ ਝਾਤੀ ਮਾਰਨ ਦੇ ਨਾਲ-ਨਾਲ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਵੀ ਪ੍ਰੇਰਿਤ ਕਰਦੇ ਹਨ। ਉਨ੍ਹਾਂ ਦੱਸਿਆ ਕਿ ਹਸਪਤਾਲ ਵੱਲੋਂ ਲੰਮੇ ਸਮੇਂ ਤੋਂ ਬਟਾਲਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨ ਕੀਤੇ ਜਾ ਰਹੇ ਹਨ। ਹਸਪਤਾਲ ਵਿੱਚ ਲੋੜਵੰਦ ਮਰੀਜ਼ਾਂ ਦੇ ਇਲਾਜ ਦੇ ਨਾਲ-ਨਾਲ ਵੱਖ-ਵੱਖ ਮੈਡੀਕਲ ਟੈਸਟ ਵੀ ਘੱਟ ਖਰਚ 'ਤੇ ਕਰਨ ਦੀ ਸਹੂਲਤ ਦਿੱਤੀ ਜਾ ਰਹੀ ਹੈ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਲੋਕਾਂ ਨੂੰ ਮੁਸ਼ਕਲ ਨਾ ਆਵੇ। ਇਸ ਤੋਂ ਇਲਾਵਾ ਸਮੇਂ-ਸਮੇਂ 'ਤੇ ਮੁਫ਼ਤ ਮੈਡੀਕਲ ਕੈਂਪ ਵੀ ਲਗਾਏ ਜਾਂਦੇ ਹਨ, ਜਿੱਥੇ ਮੁਫ਼ਤ ਡਾਕਟਰੀ ਸਲਾਹ ਅਤੇ ਸਿਹਤ ਜਾਂਚ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਬਾਵਾ ਲਾਲ ਜੀ ਦੀਆਂ ਸਿੱਖਿਆਵਾਂ ਅਨੁਸਾਰ ਮਾਨਵਤਾ ਦੀ ਸੇਵਾ ਦੇ ਇਹ ਕਾਰਜ ਅੱਗੇ ਵੀ ਜਾਰੀ ਰੱਖੇ ਜਾਣਗੇ। ਧਾਰਮਿਕ ਸਮਾਗਮ ਦੇ ਅੰਤ ਵਿੱਚ ਹਸਪਤਾਲ ਪ੍ਰਬੰਧਕਾਂ ਵੱਲੋਂ ਸਮੂਹ ਰਾਗੀ ਸਿੰਘਾਂ ਅਤੇ ਸੰਗਤ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਸਮੁੱਚੇ ਹਸਪਤਾਲ ਸਟਾਫ਼, ਸੇਵਾਦਾਰਾਂ ਅਤੇ ਸ਼ਰਧਾਲੂਆਂ ਨੇ ਧਾਰਮਿਕ ਸਮਾਗਮ ਵਿੱਚ ਸ਼ਰਧਾ ਨਾਲ ਹਾਜ਼ਰੀ ਭਰੀ ਅਤੇ ਗੁਰਬਾਣੀ ਕੀਰਤਨ ਸਰਵਣ ਕਰਕੇ ਆਤਮਿਕ ਆਨੰਦ ਪ੍ਰਾਪਤ ਕੀਤਾ।

ਜਾਂਚ ਰਿਪੋਰਟ ਤੋਂ ਪਹਿਲਾਂ ਇਕਪਾਸੜ ਬਿਆਨਬਾਜ਼ੀ ਕਰਨਾ ਉਚਿਤ ਨਹੀਂ: ਸ਼੍ਰੋਮਣੀ ਕਮੇਟੀ ਅਹੁਦੇਦਾਰ

ਅੰਮ੍ਰਿਤਸਰ, 5 ਅਕਤੂਬਰ (ਮੋਹਕਮ ਸਿੰਘ) ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਬਾਰੇ ਗਠਿਤ ਜਾਂਚ ਕਮੇਟੀ ਦੀ ਰਿਪੋਰਟ ਆਉਣ ਤੋਂ ਪਹਿਲਾਂ ਹੀ ਕਿਸੇ ਵੱਲੋਂ ਲਗਾਏ ਗਏ ਦੋਸ਼ਾਂ ਨੂੰ ਅੰਤਿਮ ਸੱਚ ਮੰਨ ਲੈਣਾ ਅਤੇ ਉਸ ਦੇ ਆਧਾਰ 'ਤੇ ਇਕਪਾਸੜ ਧਾਰਨਾ ਬਣਾਉਣਾ ਨਿਆਂਸੰਗਤ ਨਹੀਂ ਹੈ। ਇਸ ਤਰ੍ਹਾਂ ਦੀ ਇਕਪਾਸੜ ਬਿਆਨਬਾਜ਼ੀ ਨਾ ਸਿਰਫ਼ ਮਾਮਲੇ ਦੀ ਨਿਰਪੱਖਤਾ ਨੂੰ ਪ੍ਰਭਾਵਿਤ ਕਰਦੀ ਹੈ, ਸਗੋਂ ਜਾਂਚ ਦੀ ਦਿਸ਼ਾ ਬਾਰੇ ਵੀ ਗਲਤ ਧਾਰਨਾ ਪੈਦਾ ਕਰ ਸਕਦੀ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਸੁਰਜੀਤ ਸਿੰਘ ਭਿੰਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਬਾਵਾ ਸਿੰਘ ਗੁਮਾਨਪੁਰਾ ਤੇ ਸ. ਅਮਰਜੀਤ ਸਿੰਘ ਬੰਡਾਲਾ ਨੇ ਸੋਸ਼ਲ ਮੀਡੀਆ 'ਤੇ ਸਿੱਖ ਸ਼ਖ਼ਸੀਅਤਾਂ ਅਤੇ ਸ਼੍ਰੋਮਣੀ ਕਮੇਟੀ ਖਿਲਾਫ਼ ਕੀਤੇ ਜਾ ਰਹੇ ਗਲਤ ਪ੍ਰਚਾਰ 'ਤੇ ਪ੍ਰਤੀਕਰਮ ਦਿੰਦਿਆਂ ਕੀਤਾ। ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰਾਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਇਸ ਮਾਮਲੇ ਦੀ ਗੰਭੀਰਤਾ ਨੂੰ ਧਿਆਨ ਵਿਚ ਰੱਖਦਿਆਂ ਜਾਂਚ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਸ ਦੇ ਨਾਲ ਹੀ ਪੁਲਿਸ ਵੱਲੋਂ ਵੀ ਦਰਜ ਹੋਈ ਐਫਆਈਆਰ ਦੇ ਮਾਮਲੇ ਵਿਚ ਪੜਤਾਲ ਕੀਤੀ ਜਾ ਰਹੀ ਹੈ। ਅਜਿਹੀ ਸਥਿਤੀ ਵਿਚ ਜਾਂਚ ਦੇ ਨਤੀਜੇ ਤੋਂ ਪਹਿਲਾਂ ਹੀ ਕਿਸੇ ਇੱਕ ਪੱਖ ਦੇ ਬਿਆਨ ਨੂੰ ਪੂਰਾ ਸੱਚ ਮੰਨ ਲੈਣਾ ਅਤੇ ਕਿਸੇ ਵਿਅਕਤੀ, ਸੰਸਥਾ ਜਾਂ ਅਹੁਦੇਦਾਰ ਬਾਰੇ ਨਿਰਣਾ ਸੁਣਾ ਦੇਣਾ ਨਿਰਪੱਖ ਜਾਂਚ ਦੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਵਾਲਾ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਵੀ ਜ਼ਰੂਰੀ ਹੈ ਕਿ ਇਸ ਤਰ੍ਹਾਂ ਦੇ ਸੰਵੇਦਨਸ਼ੀਲ ਮਾਮਲਿਆਂ ਨੂੰ ਸੋਸ਼ਲ ਮੀਡੀਆ ਦੀਆਂ ਧਾਰਨਾਵਾਂ ਜਾਂ ਇਕਪਾਸੜ ਬਿਆਨਬਾਜ਼ੀ ਦੇ ਆਧਾਰ 'ਤੇ ਨਹੀਂ, ਸਗੋਂ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਦੇਖਿਆ ਜਾਵੇ। ਜੇਕਰ ਕਿਸੇ ਵਿਅਕਤੀ ਵੱਲੋਂ ਕੋਈ ਦੋਸ਼ ਲਗਾਇਆ ਗਿਆ ਹੈ ਤਾਂ ਉਸ ਦੀ ਸੱਚਾਈ ਜਾਂਚ ਦਾ ਵਿਸ਼ਾ ਹੈ। ਅਹੁਦੇਦਾਰਾਂ

ਐਸ ਡੀ ਓ ਵਾਟਰ ਸਪਲਾਈ ਐਂਡ ਸੈਨੀਟੇਸ਼ਨ ਦੇ ਦਫਤਰ ਮੂਹਰੇ ਦਿੱਤਾ ਗਿਆ ਰੋਸ ਧਰਨਾ- ਭੋਲਾ ਭੱਠਲ, ਸੁਖਪਾਲ ਪਾਲੀ

ਮੂਨਕ 5 ਅਕਤੂਬਰ (ਸਾਹਿਬ ਸਿੰਘ ਖੁਰਾਣਾ) ਪੀ.ਡਬਲਯੂ ਡੀ ਫੀਲਡ ਤੇ ਵਰਕਸ਼ਾਪ ਵਰਕਰਜ ਯੂਨੀਅਨ ਪੰਜਾਬ ਬ੍ਰਾਂਚ ਮੂਨਕ/ਲਹਿਰਾ ਵੱਲੋਂ ਅੱਜ 5 ਅਕਤੂਬਰ ਨੂੰ ਐੱਸ.ਡੀ. ਓ.ਵਾਟਰ ਸਪਲਾਈ ਤੇ ਸ਼ੈਨੀਟੇਸ਼ਨ ਦੇ ਦਫਤਰ ਮੂਨਕ ਵਿਖੇ ਧਰਨਾ ਦਿੱਤਾ ਗਿਆ । ਧਰਨੇ ਨੂੰ ਸੰਬੋਧਨ ਕਰਦਿਆਂ ਬਾਂਚ ਪ੍ਰਧਾਨ ਭੋਲਾ ਸਿੰਘ ਭੱਠਲ ਤੇ ਜਨਰਲ ਸਕੱਤਰ ਸੁਖਪਾਲ ਸਿੰਘ ਪਾਲੀ ਨੇ ਕਿਹਾ ਕਿ ਵਰਕਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹਨ । ਇਸ ਸਬੰਧੀ ਬਹੁਤ ਵਾਰ ਲਿਖਤੀ ਤੇ ਜ਼ੁਬਾਨੀ ਇਸ ਦਫ਼ਤਰ ਨੂੰ ਬੇਨਤੀ ਕੀਤੀ ਪਰ ਅੱਸ. ਡੀ. ਓ ਦੇ ਕੰਨ ਤੇ ਜੂੰ ਨਹੀਂ ਸਰਕੀ ।ਮਿੱਟੂ ਗੁਰਨੇ ਤੇ ਅਵਤਾਰ ਸਿੰਘ ਕਰੈਂਹਾ ਨੇ ਕਿਹਾ ਕਿ ਚੌਥੇ ਦਰਜੇ ਤੋਂ ਜੂਨੀਅਰ ਟੈਕਨੀਸ਼ੀਅਨ ਪਰਮੋਟ ਹੋਏ ਸਾਥੀਆਂ ਨੂੰ ਅਜੇ ਤੱਕ ਵਾਟਰ ਸਪਲਾਈ ਸਕੀਮਾਂ ਤੇ ਨਹੀਂ ਲਗਾਇਆ ਗਿਆ ਤੇ ਨਾ ਉਹਨਾਂ ਦੀਆਂ ਬਣਦੀਆਂ ਪੋਸਟਾਂ ਮੁਤਾਬਿਕ ਡਿਊਟੀ ਤੇ ਲਗਾਇਆ ਜਾ ਰਿਹਾ ਹੈ ਅਤੇ ਕਿਸੇ ਵੀ ਸਕੀਮ ਤੇ ਲੋੜੀਂਦਾ ਸਮਾਨ ਨਹੀਂ ਹੈ ਇੱਥੋਂ ਤੱਕ ਨਿਗਾਰ ਆ ਗਿਆ ਕਿ ਵਾਟਰ ਸਪਲਾਈ ਸਕੀਮਾਂ ਤੇ ਪੇਚਕਸ ਪਲਾਸ ਤੇ ਕਸੀਆਂ ਖੁਰਪੇ ਵੀ ਉਪਲੱਬਧ ਨਹੀਂ ।ਉਹਨਾਂ ਅੱਸ. ਡੀ. ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੰਗਾਂ ਦਾ ਹੱਲ ਨਾ ਕੀਤਾ ਤਾਂ ਕਦੇ ਵੀ ਅਚਨਚੇਤ ਐਕਸ਼ਨ ਕੀਤਾ ਜਾ ਸਕਦਾ ਹੈ । ਰੋਸ ਧਰਨੇ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਜਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਚੰਗਾਲੀਵਾਲਾ ਤੇ ਪੈਨਸ਼ਨਰ ਆਗੂ ਛੱਜੂਰਾਮ ਸ਼ਰਮਾ ਮਨਿਆਣਾ ਨੇ ਸਾਂਝੇ ਤੌਰ ਤੇ ਕਿਹਾ ਕਿ ਉੱਪ ਮੰਡਲ ਇੰਜੀਨੀਅਰ ਵਲੋਂ ਦਫ਼ਤਰ ਤੇ ਕਰਵਾਇਆ ਜਾ ਰਿਹਾ ਨਾਜਾਇਜ਼ ਕਬਜਾ ਤੇ ਪੁੱਤਰਾਂ ਵਾਂਗ ਪਾਲੇ ਦਰਖਤਾਂ ਨੂੰ ਮਿਲੀਭੁਗਤ ਨਾਲ ਵਢਾਉਣ ਦੀ ਜਥੇਬੰਦੀਆਂ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਤੱਕ ਚੁੱਪ ਨਹੀਂ ਬੈਠਣਗੀਆਂ । ਉਨ੍ਹਾਂ ਮੁਲਾਜ਼ਮਾਂ ਨੂੰ ਯਕੀਨ ਦਿਵਾਉਂਦਿਆਂ ਕਿਹਾ ਕਿ ਉਹ ਅੱਧੀ ਰਾਤ ਵੀ ਤੁਹਾਡੇ ਸੁਨੇਹੇ ਤੇ ਨੰਗੇ ਪੈਰੀਂ ਹਾਜ਼ਰ ਹੋਣਗੇ ।ਇੰਨਾਂ ਤੋਂ ਇਲਾਵਾ ਬਾਵਾ ਸਿੰਘ ਗਾਗਾ,ਬਾਵਾ ਸਿੰਘ ਲਹਿਰਾ,ਮੇਜਰ ਭੁਟਾਲ,ਕਾਕਾ ਸਿੰਘ ਮੂਨਕ,ਸੋਮਦੱਤ ,ਤਰਸੇਮ ਛਾਜਲੀ,ਸੁਖਵਿੰਦਰ ਮਨਿਆਣਾ,ਗੁਰਸ਼ੇਰ ਖੋਖਰ,ਭੋਲਾ ਲਹਿਰਾ ਹਰਦੇਵ ਹਰਿਆਊ ਆਦਿ ਸਾਥੀਆਂ ਨੇ ਧਰਨੇ ਨੂੰ ਸੰਬੋਧਨ ਕੀਤਾ ।

ਹਾਈਕਮਾਨ ਵੱਲੋਂ ਸ.ਪਰਗਟ ਸਿੰਘ ਨੂੰ ਪ੍ਰਧਾਨ ਨਿਯੁਕਤ ਕਰਨ ਨਾਲ ਕਾਂਗਰਸ ਹੋਰ ਮਜ਼ਬੂਤੀ ਨਾਲ ਬਣੇਗੀ ਲੋਕਾਂ ਦੀ ਆਵਾਜ਼: ਕਰਨਵੀਰ ਢਿੱਲੋਂ

ਸਮਰਾਲਾ, 5 ਅਕਤੂਬਰ(ਬ੍ਰਹਮਜੋਤ ਭੰਗਲਾਂ) ਹਲਕਾ ਸਮਰਾਲਾ ਤੋਂ ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ ਦੇ ਪੋਤੇ ਅਤੇ ਪੰਜਾਬ ਕਾਂਗਰਸ ਦੇ ਯੂਥ ਵਿੰਗ ਦੇ ਸੀਨੀਅਰ ਵਾਈਸ ਪ੍ਰਧਾਨ ਕਰਨਵੀਰ ਸਿੰਘ ਢਿੱਲੋਂ ਨੇ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਵੱਲੋਂ ਪਾਰਟੀ ਦੇ ਸੀਨੀਅਰ ਆਗੂ ਤੇ ਵਿਧਾਇਕ ਪਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਉਹਨਾਂ ਦੀ ਅਗਵਾਈ ਵਿੱਚ ਕਾਂਗਰਸ ਹੋਰ ਮਜ਼ਬੂਤੀ ਨਾਲ ਪੰਜਾਬ ਦੇ ਲੋਕਾਂ ਦੀ ਆਵਾਜ਼ ਬਣੇਗੀ ਅਤੇ ਲੋਕਾਂ ਦੇ ਮੁੱਦਿਆਂ ਦੀ ਪੂਰੀ ਸ਼ਿਦਤਾ ਦੇ ਨਾਲ ਰਾਖੀ ਕਰੇਗੀ। ਕਰਨਵੀਰ ਢਿੱਲੋਂ ਨੇ ਕਿਹਾ ਕਿ ਸ. ਪਰਗਟ ਸਿੰਘ ਬਹੁਤ ਹੀ ਦੂਰਅੰਦੇਸ਼ੀ ਸੋਚ ਦੇ ਮਾਲਕ ਹਨ ਜੋ ਆਪਣੇ ਡੂੰਘੇ ਤਜ਼ਰਬੇ ਅਤੇ ਵੱਡੀ ਲਿਆਕਤ ਨਾਲ ਕਾਂਗਰਸ ਪਾਰਟੀ ਦੀ ਸਾਖ ਨੂੰ ਹੋਰ ਮਜਬੂਤ ਕਰਨ ਵਿੱਚ ਪੂਰਨ ਤੌਰ ਤੇ ਸਮਰੱਥ ਹਨ। ਜਿਸ ਕਰਕੇ ਸਮੁੱਚੇ ਪੰਜਾਬ ਵਿੱਚ ਕਾਂਗਰਸ ਪਾਰਟੀ ਦੇ ਸਾਰੇ ਆਗੂ ਅਤੇ ਵਰਕਰ ਉਨ੍ਹਾਂ ਨੂੰ ਆਪਣਾ ਪੂਰਾ ਭੱਟਵਾਂ ਸਾਥ ਦੇਣ ਲਈ ਤਿਆਰ ਬਰ ਤਿਆਰ ਹਨ। ਪਾਰਟੀ ਵਰਕਰਾਂ ਅਤੇ ਆਗੂਆਂ ਦੀ ਇੱਕਜੁੱਟਤਾ ਨਾਲ ਅਤੇ ਉਹਨਾਂ ਦੀ ਸੇਧ ਵਿੱਚ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਆਪਣੀ ਸ਼ਾਨਦਾਰ ਕਾਰਗੁਜ਼ਾਰੀ ਦਿਖਾਏਗੀ। ਇਸ ਮੌਕੇ ਉਹਨਾਂ ਨਾਲ ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ, ਸੀਨੀਅਰ ਆਗੂ ਕਮਲਜੀਤ ਸਿੰਘ ਢਿੱਲੋਂ, ਹਰਦੀਪ ਸਿੰਘ ਢਿੱਲੋਂ, ਪੀਏ ਲੱਬੀ ਢਿੱਲੋਂ ਅਤੇ ਸੁਖਵੀਰ ਸਿੰਘ ਮਾਂਗਟ ਵੀ ਹਾਜ਼ਰ ਸਨ

ਨਾਨਕਸਰ ਕਲੇਰਾਂ ਵਿਖੇ ਸੰਤ ਬਾਬਾ ਈਸ਼ਰ ਸਿੰਘ ਜੀ ਦੀ ਬਰਸੀ ਸਬੰਧੀ ਧਾਰਮਿਕ ਸਮਾਗਮ ਜਾਰੀ

ਜਗਰਾਉਂ, 5 ਅਕਤੂਬਰ (ਜਗਦੀਪ ਸਿੰਘ): ਗੁਰਦੁਆਰਾ ਨਾਨਕਸਰ ਕਲੇਰਾਂ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਬਰਸੀ ਸਬੰਧੀ ਪੰਜ ਰੋਜ਼ਾ ਧਾਰਮਿਕ ਸਮਾਗਮ ਸ਼ਰਧਾ ਅਤੇ ਉਤਸ਼ਾਹ ਨਾਲ ਚੱਲ ਰਹੇ ਹਨ। ਇਹ ਧਾਰਮਿਕ ਸਮਾਗਮ 3 ਅਕਤੂਬਰ ਤੋਂ ਆਰੰਭ ਹੋਏ ਹਨ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਾਮਲ ਹੋ ਕੇ ਗੁਰੂ ਘਰ ਵਿਖੇ ਨਤਮਸਤਕ ਹੋ ਰਹੀਆਂ ਹਨ। ਸਮਾਗਮਾਂ ਦੇ ਤੀਸਰੇ ਦਿਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠਾਂ ਦੀ ਪਹਿਲੀ ਲੜੀ ਦੇ ਸ਼ਾਮ ਸਮੇਂ ਭੋਗ ਪਾਏ ਗਏ। ਇਸ ਉਪਰੰਤ ਪਾਠਾਂ ਦੀ ਦੂਸਰੀ ਲੜੀ ਆਰੰਭ ਕੀਤੀ ਗਈ। ਸਮੁੱਚੇ ਸਮਾਗਮ ਦੌਰਾਨ ਨਾਮ ਸਿਮਰਨ ਦੀ ਵਰਖਾ ਹੋਈ ਅਤੇ ਗੁਰਬਾਣੀ ਕੀਰਤਨ ਨਾਲ ਗੁਰੂ ਘਰ ਦਾ ਵਾਤਾਵਰਨ ਅਧਿਆਤਮਿਕ ਰੰਗ ਵਿੱਚ ਰੰਗਿਆ ਰਿਹਾ। ਇਸ ਮੌਕੇ ਵੱਖ-ਵੱਖ ਕੀਰਤਨੀ ਜਥਿਆਂ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਦਿਆਂ ਸੰਗਤਾਂ ਨੂੰ ਗੁਰੂ ਦੀ ਮਹਿਮਾ ਨਾਲ ਜੋੜਿਆ ਗਿਆ। ਸੰਗਤਾਂ ਨੇ ਇਕਾਗਰਚਿੱਤ ਹੋ ਕੇ ਗੁਰਬਾਣੀ ਕੀਰਤਨ ਅਤੇ ਨਾਮ ਸਿਮਰਨ ਦਾ ਆਨੰਦ ਮਾਣਿਆ। ਚੱਲ ਰਹੇ ਧਾਰਮਿਕ ਸਮਾਗਮਾਂ ਦੌਰਾਨ ਨਾਨਕਸਰ ਸੰਪਰਦਾਇ ਦੇ ਸੰਤਾਂ ਵੱਲੋਂ ਪਾਠੀ ਸਿੰਘਾਂ ਨੂੰ ਪ੍ਰਸ਼ਾਦਾ ਛਕਾਇਆ ਗਿਆ। ਇਸ ਮੌਕੇ ਨਾਨਕਸਰ ਸੰਪਰਦਾਇ ਦੇ ਸੰਤ ਬਾਬਾ ਘਾਲਾ ਸਿੰਘ ਜੀ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਸੰਤ ਬਾਬਾ ਈਸ਼ਰ ਸਿੰਘ ਜੀ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਕੀਤੇ ਮਹਾਨ ਧਾਰਮਿਕ ਕਾਰਜਾਂ ਤੋਂ ਜਾਣੂ ਕਰਵਾਇਆ। ਸੰਤ ਬਾਬਾ ਘਾਲਾ ਸਿੰਘ ਜੀ ਨੇ ਕਿਹਾ ਕਿ ਸੰਤ ਬਾਬਾ ਈਸ਼ਰ ਸਿੰਘ ਜੀ ਨੇ ਆਪਣਾ ਸਮੁੱਚਾ ਜੀਵਨ ਨਾਮ ਸਿਮਰਨ ਅਤੇ ਗੁਰਮਤਿ ਦੇ ਪ੍ਰਚਾਰ-ਪ੍ਰਸਾਰ ਨੂੰ ਸਮਰਪਿਤ ਕੀਤਾ। ਉਨ੍ਹਾਂ ਨੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਨਾਲ ਜੋੜਿਆ ਅਤੇ ਅੰਮ੍ਰਿਤ ਦੀ ਦਾਤ ਬਖ਼ਸ਼ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦਾ ਜੀਵਨ ਸੰਗਤਾਂ ਲਈ ਨਾਮ ਸਿਮਰਨ, ਸੇਵਾ ਅਤੇ ਗੁਰਬਾਣੀ ਨਾਲ ਜੁੜਨ ਦੀ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਸੰਗਤਾਂ ਨੂੰ ਸੰਤ ਬਾਬਾ ਈਸ਼ਰ ਸਿੰਘ ਜੀ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਵੱਧ ਤੋਂ ਵੱਧ ਨਾਮ ਸਿਮਰਨ ਕਰਨ, ਗੁਰਬਾਣੀ ਨਾਲ ਜੁੜਨ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨ ਦੀ ਪ੍ਰੇਰਣਾ ਦਿੱਤੀ। ਧਾਰਮਿਕ ਸਮਾਗਮਾਂ ਦੌਰਾਨ ਗੁਰਦੁਆਰਾ ਨਾਨਕਸਰ ਕਲੇਰਾਂ ਵਿਖੇ ਸੰਗਤਾਂ ਦੀ ਵੱਡੀ ਆਮਦ ਰਹੀ ਅਤੇ ਪੂਰਾ ਨਾਨਕਸਰ ਕਲੇਰਾਂ ਇਲਾਕਾ ਗੁਰਬਾਣੀ ਅਤੇ ਨਾਮ ਸਿਮਰਨ ਦੀਆਂ ਧੁਨਾਂ ਨਾਲ ਗੂੰਜਦਾ ਰਿਹਾ।

ਪ੍ਰਧਾਨ ਬਦਲਣ ਨਾਲ ਪੰਜਾਬ ਦੇ ਲੋਕਾਂ ਦਾ ਮਨ ਨਹੀਂ ਬਦਲਣਾ : ਕਮਲਜੀਤ ਕੌਰ

ਭੁੱਚੋ ਮੰਡੀ, 5 ਅਕਤੂਬਰ (ਚਰਨਜੀਤ ਖੁਰਮੀ) ਵਿਧਾਨ ਸਭਾ ਹਲਕਾ ਭੁੱਚੋ ਮੰਡੀ ਤੋਂ ਆਮ ਆਦਮੀ ਪਾਰਟੀ ਦੀ ਬਲਾਕ ਪ੍ਰਧਾਨ ਕਮਲਜੀਤ ਕੌਰ ਨੇ ਪੰਜਾਬ ਕਾਂਗਰਸ ਦੇ ਨਵੇਂ ਪ੍ਰਧਾਨ ਦੀ ਨਿਯੁਕਤੀ ਨੂੰ ਲੈ ਕੇ ਕਾਂਗਰਸ 'ਤੇ ਸਿਆਸੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਸਿਰਫ਼ ਪੰਜਾਬ ਕਾਂਗਰਸ ਦਾ ਪ੍ਰਧਾਨ ਬਦਲਣ ਨਾਲ ਪੰਜਾਬ ਦੇ ਲੋਕਾਂ ਦੀ ਸੋਚ ਅਤੇ ਮਨ ਨਹੀਂ ਬਦਲੇ ਜਾ ਸਕਦੇ। ਉਨ੍ਹਾਂ ਕਿਹਾ ਕਿ ਲੋਕ ਸਰਕਾਰ ਦੇ ਕੰਮਾਂ ਨੂੰ ਦੇਖ ਕੇ ਆਪਣਾ ਫ਼ੈਸਲਾ ਕਰਦੇ ਹਨ ਅਤੇ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਸੰਤੁਸ਼ਟ ਹਨ। ਕਮਲਜੀਤ ਕੌਰ ਨੇ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਮੁੜ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਅਤੇ ਭਲਾਈ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਬਜ਼ੁਰਗਾਂ ਲਈ ਤੀਰਥ ਯਾਤਰਾ ਦੀ ਸਹੂਲਤ, ਬਿਜਲੀ ਦੇ ਬਿੱਲਾਂ ਵਿੱਚ ਰਾਹਤ, ਔਰਤਾਂ ਲਈ ਮੁਫ਼ਤ ਬੱਸ ਸਫ਼ਰ ਅਤੇ ਸਿਹਤ ਸਹੂਲਤਾਂ ਸਮੇਤ ਕਈ ਲੋਕ ਭਲਾਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਇਨ੍ਹਾਂ ਯੋਜਨਾਵਾਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ।

ਬਿਨਾਂ ਸਿਫ਼ਾਰਸ਼ ਨੌਜਵਾਨਾਂ ਨੂੰ ਮਿਲੀਆਂ ਸਰਕਾਰੀ ਨੌਕਰੀਆਂ

ਕਮਲਜੀਤ ਕੌਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦੇਣ ਲਈ ਕੰਮ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਬਿਨਾਂ ਸਿਫ਼ਾਰਸ਼ ਅਤੇ ਪੈਸੇ ਤੋਂ ਨੌਕਰੀਆਂ ਮਿਲਣ ਨਾਲ ਉਨ੍ਹਾਂ ਵਿੱਚ ਸਰਕਾਰ ਪ੍ਰਤੀ ਭਰੋਸਾ ਵਧਿਆ ਹੈ।

2027 'ਚ ਮੁੜ 'ਆਪ' ਦੀ ਸਰਕਾਰ ਬਣਨ ਦਾ ਦਾਅਵਾ

'ਆਪ' ਆਗੂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕ ਆਮ ਆਦਮੀ ਪਾਰਟੀ ਨੂੰ ਮੁੜ ਮੌਕਾ ਦੇਣਗੇ ਅਤੇ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਮੁੜ 'ਆਪ' ਦੀ ਸਰਕਾਰ ਬਣੇਗੀ।

ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦਾ ਕੰਮ 100 ਫੀਸਦੀ ਮੁਕੰਮਲ- ਹਰਪ੍ਰੀਤ ਸਿੰਘ

ਬਰਨਾਲਾ, 5 ਅਕਤੂਬਰ ? (ਅਵਤਾਰ ਸਿੰਘ ਫਰਵਾਹੀ)ਪੰਜਾਬ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਸਪੈਸ਼ਲ ਇੰਟੈਂਸਿਵ ਰਵੀਜ਼ਨ) ਦੀ ਪ੍ਰਕਿਰਿਆ 100 ਫ਼ੀਸਦੀ ਮੁਕੰਮਲ ਹੋ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀ ਹਰਪ੍ਰੀਤ ਸਿੰਘ (ਆਈ.ਏ.ਐਸ.) ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਦੇ ਤਿੰਨ ਵਿਧਾਨ ਸਭਾ ਚੋਣ ਹਲਕਿਆਂ 102-ਭਦੌੜ (ਅ.ਜ.), 103-ਬਰਨਾਲਾ ਅਤੇ 104-ਮਹਿਲ ਕਲਾਂ (ਅ.ਜ.) ਵਿੱਚ ਵਿਸ਼ੇਸ਼ ਗਹਿਰੀ ਸੁਧਾਈ 2026 ਦੀ ਪ੍ਰਕਿਰਿਆ 100 ਫੀਸਦੀ ਪੂਰੀ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਸਮੁੱਚੀ ਚੋਣ ਮਸ਼ੀਨਰੀ ਦੇ ਸਹਿਯੋਗ ਨਾਲ ਇਹ ਪ੍ਰਕਿਰਿਆ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਮੁਕੰਮਲ ਕੀਤੀ ਗਈ ਹੈ। ਇਸ ਸਫ਼ਲਤਾ ਲਈ ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (EROs) ਅਤੇ ਚੋਣ ਅਮਲੇ ਨੂੰ ਵਧਾਈ ਦਿੱਤੀ ਅਤੇ ਇਲਾਕੇ ਦੇ ਸਮੂਹ ਵੋਟਰਾਂ ਦਾ ਉਹਨਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ।ਉਹਨਾਂ ਅੱਗੇ ਦੱਸਿਆ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਨਾਲ ਸਬੰਧਤ ਕਿਸੇ ਵੀ ਕਿਸਮ ਦੀ ਜਾਣਕਾਰੀ ਜਾਂ ਸ਼ਿਕਾਇਤ ਨਿਵਾਰਨ ਲਈ ਜ਼ਿਲ੍ਹਾ ਚੋਣ ਦਫ਼ਤਰ, ਬਰਨਾਲਾ ਵਿਖੇ ਵਿਸ਼ੇਸ਼ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਵੋਟਰ ਹੈਲਪਲਾਈਨ ਨੰਬਰ 1950 ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਨਿਰੰਤਰ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ।

ਭਾਕਿਯੂ ਏਕਤਾ ਉਗਰਾਹਾਂ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਪਟਿਆਲਾ ਦਾ ਮੁਕੰਮਲ ਘਿਰਾਓ

ਪਟਿਆਲਾ 5 ਅਕਤੂਬਰ (ਰਾਜਿੰਦਰ ਸਿੰਘ ਥਿੰਦ), ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਸੂਬਾ ਕਮੇਟੀ ਦੇ ਸੱਦੇ ਦੇ ਪੰਜਾਬ ਵਿੱਚ ਸਾਰੇ ਜ਼ਿਲ੍ਹਾ ਕੇਂਦਰਾਂ ਤੇ ਡਿਪਟੀ ਕਮਿਸ਼ਨਰ ਦਫ਼ਤਰਾਂ ਦਾ ਮੁਕੰਮਲ ਘਿਰਾਓ ਕੀਤਾ ਗਿਆ। ਇਸੇ ਲੜੀ ਵਿੱਚ ਪਟਿਆਲਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਦਫ਼ਤਰ ਦਾ ਵੀ ਘਿਰਾਓ ਕੀਤਾ ਗਿਆ। ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਗਦੀਪ ਸਿੰਘ ਛੰਨਾ ਨੇ ਦੱਸਿਆ ਕਿ ਸਰਕਾਰ ਪਿਛਲੇ ਲੰਬੇ ਸਮੇਂ ਤੋਂ ਕਿਸਾਨਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕਰ ਰਹੀ ਹੈ, ਵਾਰ-ਵਾਰ ਮੀਟਿੰਗਾਂ ਵਿੱਚ ਸਹਿਮਤੀਆਂ ਬਣਨ ਦੇ ਬਾਵਜੂਦ ਵੀ ਜ਼ਮੀਨੀ ਪੱਧਰ ਤੇ ਲਾਗੂ ਕਰਨ ਤੋਂ ਪੈਰ ਪਿਛਾਂਹ ਖਿੱਚ ਰਹੀ ਹੈ। ਜ਼ਿਲ੍ਹਾ ਜ

ਪੰਜਾਬ ਦਾ ਕਾਂਗਰਸ ਪ੍ਰਧਾਨ ਬਦਲਣ 'ਤੇ ਪਟਿਆਲਾ 'ਚ ਸਿਆਸੀ ਸਮੀਕਰਨ ਬਦਲਣੇ ਸ਼ੁਰੂ

ਪਟਿਆਲਾ 5 ਅਕਤੂਬਰ (ਰਾਜਿੰਦਰ ਸਿੰਘ ਥਿੰਦ) : ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਕਮਾਨ ਪ੍ਰਗਟ ਸਿੰਘ ਨੂੰ ਸੌਂਪਣ ਦੇ ਫੈਸਲੇ ਨਾਲ ਪਟਿਆਲਾ ਸਮੇਤ ਪੂਰੇ ਮਾਲਵਾ ਖੇਤਰ ਵਿਚ ਜ਼ਮੀਨੀ ਪੱਧਰ @ਤੇ ਸਿਆਸੀ ਹਲਚਲ ਤੇਜ ਹੋ ਗਈ ਹੈ। ਸਾਬਕਾ ਸੂਬਾ ਪ੍ਰਧਾਨ ਦੀ ਵਿੱਚ ਇਸ ਬਦਲਾਅ ਤੋਂ ਬਾਅਦ ਤਾਰੀ ਖੁਸੀ ਤੇ ਨਵਾ ਦੇਸ਼ ਦੇਖਣ ਨੂੰ ਮਿਲ ਰਿਹਾ ਹੈ। ਪਾਰਟੀ ਦੀ ਅਗਵਾਈ ਬਦਲਣ ਦੀ ਮੰਗ ਨੂੰ ਲੈਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸਮੇਤ ਕਈ ਸੀਨੀਅਰ ਆਗੂਆਂ ਨੇ ਦੂਰੀ ਬਣਾ ਰੱਖੀ ਸੀ, ਪਰ ਹੁਣ ਹਾਈਕਮਾਡ ਦੇ ਤਾਜਾ ਦਮ ਨਾਲ਼ ਇਹ ਆਗੂ ਮੁੜ ਸਰਗਰਮ ਹੋ ਗਏ ਹਨ। ਪਟਿਆਲਾ ਜਿਲ੍ਹੇ ਦੇ ਸੀਨੀਅਰ ਆਗੂਆਂ-ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ, ਹਲਕਾ ਪਟਿਆਲਾ ਦਿਹਾਤੀ ਤੋਂ ਸੀਨੀਅਰ ਆਗੂ ਸੰਜੀਵ ਸ਼ਰਮਾ ਕਾਲੂ ਅਤੇ ਨੇ ਇਸ ਫੈਸਲੇ ਦਾ ਖੁੱਲ੍ਹ ਕੇ ਸਵਾਗਤ ਕੀਤਾ ਹੈ। ਇਸੇ ਦੌਰਾਨ ਸਾਬਕਾ ਵਿਧਾਇਕ ਮਦਨ ?? ???? ?? ??? ?? ??? ?? ਜਲਾਲਪੁਰ ਨੇ ਕਿਹਾ ਕਿ ਹੁਣ ਸਾਡੀ ਟੀਮ ਬਹੁਤ ਵਧੀਆ ਬਣ ਗਈ ਹੈ। ਪਾਰਟੀ ਵਲੋਂ ਪੰਜਾਬ ਮਾਮਲਿਆ ਦੇ ਇੰਚਾਰਜ ਸਚਿੰਨ ਪਾਇਲਟ ਤੇਰਾਟ ਸਿੰਘ ਨੂੰ ਸੂਬੇ ਦਾ ਇੰਚਾਰਜ ਲਗਾ ਕੇ ਅਹਿਮ ਫ਼ੈਸਲਾ ਕੀਤਾ ਹੈ। ਪਰਗਟ ਸਿੰਘ ਦੇ ਪ੍ਰਧਾਨ ਬਣਨ ਤੋਂ ਬਾਅਦ ਪੂਰੀ ਉਮੀਦ ਹੈ ਕਿ ਸਚਿਨ ਪਾਇਲਟ ਤੇ ਪਰਗਟ ਸਿੰਘ ਦੀ ਨਵੀ ਟੀਮ ਪੰਜਾਬ ਵਿਚ 2027 ਸਰਕਾਰ ਬਣਾਉਣ ਵਿਚ ਕਾਮਯਾਬ ਹੋਵੇਗੀ। ਆਪਣੇ ਮੁਅੱਤਲੀ ਨੋਟਿਸ ਬਾਰੇ ਬੋਲਦਿਆ ਮਦਨ ਜਲਾਲ ਪੁਰ ਨੇ ਕਿਹਾਕਿ ਕਿਸੇ ਕੋਲ ਅਜਿਹਾ ਅਧਿਕਾਰ ਹੀ ਨਹੀਂ ਸੀ ਅਤੇ ਉਹ ਹਮੇਸ਼ਾ ਕਾਂਗਰਸੀ ਸਨ ਤੇ ਹਮੇਸ਼ਾਂ ਰਹਿਣਗੇ । ਮਦਨ ਲਾਲ ਜਲਾਲਪੁਰ ਨੇ ਕਿਹਾ ਕਿ ਸਾਰੇ ਆਗੂ ਹੀ ਪ੍ਰਧਾਨ ਬਦਲਣਾ ਚਾਹੁੰਦੇ ਸੀ ਪਰ ਕੁਝ ਅਖੌਤੀ ਲੀਡਰ ਆਪਣੀਆਂ ਉਪਰ ਆਉਂਣ ਦੀ ਕੋਸ਼ਿਸ਼ ਕਰ ਰਹੇ ਸੀ। ਪਾਰਟੀ ਹਾਈਕਮਾਂਡ ਨੇ ਲੋਕਾਂ ਦੀ ਸੁਣੀ ਹੈ ਤੇ ਕਾਂਗਰਸ ਹਰ ਵਰਕਰ ਉਤਸ਼ਾਹ ਚ ਪਾਇਆ ਜਾ ਰਿਹਾ ਹੈ! ਉਨਾਂ ਕਿਹਾ ਕਿ ਪੰਜਾਬ ਮਾਮਲਿਆ ਦੇ ਇੰਚਾਰਜ ਪਰਗਟ ਸਿੰਘ ਦੀ ਅਗਵਾਈ ਹੇਠ ਪਾਰਟੀ ਇੱਕ ਮਰਬੂਤ ਟੀਮ ਵਜੇ ਉੱਭਰੀ ਹੈ। ਪਰਗਟ ਸਿੰਘ ਇਕ ਬੇਦਾਗ ਅਤੇ ਸੂਝਵਾਨ ਲੀਡਰ ਹਨ।

ਵਰਕਰਾਂ ਅੰਦਰ ਨਵੀਂ ਊਰਜਾ ਦਾ ਸੰਚਾਰ ਹੋਇਆ : ਕਾਲੂ

ਹਲਕਾ ਪਟਿਆਲਾ ਦਿਹਾਤੀ ਤੋਂ ਸੀਨੀਅਰ ਕਾਂਗਰਸੀ ਆਗੂ ਸੰਜੀਵ ਸ਼ਰਮਾ ਕਾਲੂ ਨੇ ਹਾਈਕਮਾਂਡ ਦੇ ਫੈਸਲੇ ਨੂੰ ਇਤਿਹਾਸਕ ਤੇ ਸਮੇਂ ਦੀ ਮੁੱਖ ਲੀਡ ਦੱਸਿਆ। ਉਨ੍ਹਾਂ ਕਿਹਾ ਕਿ ਪਿਛਲੀ ਲੀਡਰਸ਼ਿੱਪ ਦੀ ਇੱਕਤਰਤਾ ਪਹੁੰਚ ਕਾਰਨ ਪਾਰਟੀ ਦੀ ਗੀਡ ਦੀ ਹੱਡੀ ਮੰਨੇ ਜਾਣ ਵਾਲੇ ਟਕਸਾਲੀ ਵਰਕਰ ਤੇ ਕਈ ਸੀਨੀਅਰ ਆਗੂ ਔਰ ਨਿਰਾਸ ਹੋ ਕੇ ਆਪਣੇ ਘਰਾਂ ਵਿਚ ਬੈਠ ਗਏ ਸਨ। ਕਾਲੂ ਨੇ ਕਿਹਾ ਹਾਈਕਮਾਂਡ ਨੇ ਜ਼ਮੀਨੀ ਹਕੀਕਤਾਂ ਨੂੰ ਸਮਝਦਿਆਂ ਸੂਬਾ ਪੱਧਰ @ਤੇ ਤਬਦੀਲੀ ਕੀਤੀ ਹੈ ਤਾਂ ਵਰਕਰਾਂ ਅੰਦਰ ਨਵੀਂ ਊਰਜਾ ਦਾ ਸੰਚਾਰ ਹੋਇਆ ਹੈ। ਅਸੀਂ ਸਾਰੇ ਮਿਲ ਕੇ ਬੂਥ ਪੱਧਰ @ਤੇ ਜਾਵਾਗੀ ਨਾਰਾਜ਼ ਸਾਥੀਆਂ ਨੂੰ ਗਲ ਨਾਲ ਲਗਾਦਾਗੀ ਅਤੇ ਉਨ੍ਹਾਂ ਸਾਰੇ ਦਰਕਰਾਂ ਨੂੰ ਮੁੜ ਮੈਦਾਨ ਵਿਚ ਉਤਾਰਾ ਜੇ ਪਾਸੇ ਬੈਠ ਗਏ ਸਨ। ਕਾਂਗਰਸ ਪਾਰਟੀ ਇਕ ਪਰਿਵਾਦ ਹੈ ਅਤੇ ਨਵੀਂ ਅਗਵਾਈ ਹੇਠ ਹੁਣ ਕਿਸੇ ਦੀ ਵਫ਼ਾਦਾਰ ਵਰਕਰ ਦੀ ਅਣਦੇਖੀ ਨਹੀਂ ਹੋਣ ਦਿੱਤੀ ਜਾਵੇਗੀ

ਸਿਆਸੀ ਮਾਹਰਾਂ ਦਾ ਮੰਨਣਾ ਹੈ ਕਿ

ਪਟਿਆਲਾ ਹਮੇਸ਼ਾ ਤੋਂ ਪੰਜਾਬ ਦੀ ਸਿਆਸਤ ਦਾ ਧੁਰਾ ਰਿਹਾ ਹੈ। ਪਿਛਲੇ ਕੁਝ ਸਮੇ ਤੋਂ ਜਿਲ੍ਹੇ ਅੰਦਰ ਧੜੇਬੰਦੀ ਰਚਨ ਕਾਂਗਰਸ ਲਗਾਤਾਰ ਪਛੜ ਰਹੀ ਸੀ। ਸਿਆਸੀ ਮਾਹਰਾਂ ਅਨੁਸਾਰ ਜੇਕਰ ਨਵੀਂ ਲੀਡਰਸ਼ਿਪ ਸੰਜੀਵ ਸ਼ਰਮਾ ਕਾਲੂ ਅਤੇ ਅਤੇ ਮਦਨ ਲਾਲ ਜਲਾਲਪੁਰ ਵਰਗੇ ਜ਼ਮੀਨੀ ਆਗੂਆਂ ਦੇ ਸਹਾਰੇ ਸਾਰਿਆਂ ਨੂੰ ਇੱਕ ਮੰਚ @ਤੇ ਇਕੱਠਾ ਕਰਨ ਵਿਚ ਕਾਮਯਾਬ ਰਹਿੰਦੀ ਹੈ, ਤਾਂ ਮਾਲਵਾ ਖੇਤਰ ਵਿੱਚ ਕਾਗਰਸ ਇਕ ਵਾਰ ਫਿਰ ਵਿਰੋਧੀ ਧਿਰਾ ਨੂੰ ਵੱਡੀ ਟੱਕਰ ਦੇਣ ਦੀ ਸਥਿਤੀ ਵਿਚ ਆ ਜਾਵੇਗੀ।

ਫ਼ਾਜ਼ਿਲਕਾ ਦੀਆਂ ਮੰਡੀਆਂ 'ਚ ਬਾਹਰਲੇ ਝੋਨੇ ਦੀ ਐਂਟਰੀ 'ਤੇ ਸਖ਼ਤੀ ਜਲਾਲਾਬਾਦ 'ਚ ਪੰਜਾਬ ਤੋਂ ਬਾਹਰ ਦੀ ਝੋਨੇ ਨਾਲ ਭਰੀ ਟਰਾਲੀ ਕਾਬੂ

ਜਲਾਲਾਬਾਦ, 5 ਅਕਤੂਬਰ(ਸੁਭਾਸ਼ ਸਿੰਘ) ਫ਼ਾਜ਼ਿਲਕਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਪੰਜਾਬ ਤੋਂ ਬਾਹਰੋਂ ਆਉਣ ਵਾਲੇ ਝੋਨੇ ਦੀ ਆਮਦ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਖ਼ਤ ਨਿਗਰਾਨੀ ਕੀਤੀ ਜਾ ਰਹੀ ਹੈ। ਇਸੇ ਤਹਿਤ ਮਾਰਕੀਟ ਕਮੇਟੀ ਜਲਾਲਾਬਾਦ ਵੱਲੋਂ ਪੰਜਾਬ ਤੋਂ ਬਾਹਰ ਦਾ ਝੋਨਾ ਲੈ ਕੇ ਆ ਰਹੀ ਇੱਕ ਟਰਾਲੀ ਕਾਬੂ ਕੀਤੀ ਗਈ ਹੈ।ਮਾਰਕੀਟ ਕਮੇਟੀ ਦੇ ਅਧਿਕਾਰੀਆਂ ਵੱਲੋਂ ਟਰਾਲੀ ਨੂੰ ਆਪਣੀ ਕਸਟਡੀ ਵਿੱਚ ਲੈ ਕੇ ਮਾਰਕੀਟ ਕਮੇਟੀ ਦਫ਼ਤਰ ਵਿਖੇ ਖੜ੍ਹਾ ਕਰਵਾਇਆ ਗਿਆ ਹੈ ਅਤੇ ਮਾਮਲੇ ਸਬੰਧੀ ਪੁਲਿਸ ਨੂੰ ਅਗਲੀ ਲੋੜੀਂਦੀ ਕਾਰਵਾਈ ਲਈ ਲਿਖਿਆ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਸਪੱਸ਼ਟ ਕੀਤਾ ਹੈ ਕਿ ਫ਼ਾਜ਼ਿਲਕਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਪੰਜਾਬ ਤੋਂ ਬਾਹਰ ਦਾ ਝੋਨਾ ਕਿਸੇ ਵੀ ਕੀਮਤ 'ਤੇ ਨਹੀਂ ਆਉਣ ਦਿੱਤਾ ਜਾਵੇਗਾ, ਜਦਕਿ ਜ਼ਿਲ੍ਹੇ ਵਿੱਚ ਕਿਸਾਨਾਂ ਦਾ ਇੱਕ-ਇੱਕ ਦਾਣਾ ਖਰੀਦਣ ਲਈ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਝੋਨੇ ਦੀ ਆਮਦ, ਵਿਕਰੀ ਅਤੇ ਖਰੀਦ ਪ੍ਰਕਿਰਿਆ 'ਤੇ ਨਜ਼ਰ ਰੱਖਣ ਲਈ ਸਰਕਾਰੀ ਖਰੀਦ ਏਜੰਸੀਆਂ ਅਤੇ ਸਬੰਧਤ ਵਿਭਾਗ ਉਨ੍ਹਾਂ ਦੀ ਸਿੱਧੀ ਨਿਗਰਾਨੀ ਹੇਠ ਪੂਰੀ ਤਰ੍ਹਾਂ ਸਰਗਰਮ ਹਨ। ਮੰਡੀਆਂ ਵਿੱਚ ਆਉਣ ਵਾਲੇ ਝੋਨੇ ਦੀ ਨਿਰੰਤਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਬਾਹਰਲੇ ਝੋਨੇ ਦੀ ਆਮਦ ਨੂੰ ਰੋਕਣ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਦਾ ਮੁੱਖ ਉਦੇਸ਼ ਸਥਾਨਕ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦੇਣਾ ਹੈ। ਇਸ ਦੇ ਨਾਲ ਹੀ ਮੰਡੀਆਂ ਵਿੱਚ ਖਰੀਦ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਸਬੰਧਤ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ।

ਮਿਹਨਤ ਕਰਨ ਵਾਲੇ ਬੱਚਿਆਂ ਲਈ ਕੋਈ ਵੀ ਮੰਜ਼ਿਲ ਔਖੀ ਨਹੀਂ : ਰਣਜੀਤ ਕੌਰ ਸੰਧ

ਕੋਟ ਈਸੇ ਖਾਂ 05 ਅਕਤੂਬਰ (ਸੰਜੀਵ ਸੂਦ) ਪੜ੍ਹਾਈ ਦੇ ਖੇਤਰ ਵਿੱਚ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਅੱਗੇ ਵਧਣ ਵਾਲੇ ਬੱਚੇ ਜ਼ਿੰਦਗੀ ਵਿੱਚ ਵੱਡੀਆਂ ਪ੍ਰਾਪਤੀਆਂ ਕਰ ਸਕਦੇ ਹਨ। ਹਰ ਬੱਚੇ ਵਿੱਚ ਅੱਗੇ ਵਧਣ ਦੀ ਸਮਰੱਥਾ ਹੁੰਦੀ ਹੈ, ਲੋੜ ਸਿਰਫ਼ ਉਸ ਦੀ ਪ੍ਰਤਿਭਾ ਨੂੰ ਪਛਾਣ ਕੇ ਸਹੀ ਦਿਸ਼ਾ ਦੇਣ ਦੀ ਹੈ। ਪ੍ਰੈੱਸ ਨਾਲ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦਿਆਂ ਹੋਮਕੁੰਟ ਸੰਸਥਾਵਾਂ ਦੇ ਮੈਨੇਜਿੰਗ ਡਾਇਰੈਕਟਰ ਮੈਡਮ ਰਣਜੀਤ ਕੌਰ ਸੰਧੂ ਨੇ ਕਿਹਾ ਕਿ ਪੜ੍ਹਾਈ ਵਿੱਚ ਮਿਹਨਤ ਕਰਨ ਵਾਲੇ ਬੱਚਿਆਂ ਲਈ ਜ਼ਿੰਦਗੀ ਵਿੱਚ ਕੋਈ ਵੀ ਮੰਜ਼ਿਲ ਔਖੀ ਨਹੀਂ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀ ਆਪਣੇ ਜੀਵਨ ਦਾ ਟੀਚਾ ਨਿਰਧਾਰਤ ਕਰਕੇ ਉਸ ਨੂੰ ਹਾਸਲ ਕਰਨ ਲਈ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਯਤਨ ਕਰਨ। ਮਿਹਨਤ ਕਦੇ ਵੀ ਵਿਅਰਥ ਨਹੀਂ ਜਾਂਦੀ ਅਤੇ ਮਿਹਨਤ ਕਰਨ ਵਾਲਾ ਵਿਅਕਤੀ ਕਿਸੇ ਨਾ ਕਿਸੇ ਰੂਪ ਵਿੱਚ ਆਪਣੀ ਮੰਜ਼ਿਲ ਤੱਕ ਜ਼ਰੂਰ ਪਹੁੰਚਦਾ ਹੈ। ਉਨਾ ਕਿਹਾ ਕਿ ਬੱਚਿਆਂ ਦੇ ਜੀਵਨ ਵਿੱਚ ਸਿੱਖਿਆ ਦਾ ਬਹੁਤ ਵੱਡਾ ਮਹੱਤਵ ਹੈ। ਸਿੱਖਿਆ ਮਨੁੱਖ ਨੂੰ ਸਿਰਫ਼ ਗਿਆਨ ਹੀ ਨਹੀਂ ਦਿੰਦੀ, ਸਗੋਂ ਉਸ ਦੇ ਸੋਚਣ ਅਤੇ ਸਮਝਣ ਦੇ ਢੰਗ ਨੂੰ ਵੀ ਵਿਕਸਤ ਕਰਦੀ ਹੈ। ਇਸ ਲਈ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਪ੍ਰਤੀ ਗੰਭੀਰ ਰਹਿੰਦੇ ਹੋਏ ਹਰ ਰੋਜ਼ ਕੁਝ ਨਵਾਂ ਸਿੱਖਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੇ ਸਮੇਂ ਦੀ ਸਹੀ ਵਰਤੋਂ ਕਰਨੀ ਚਾਹੀਦੀ ਹੈ। ਸਮੇਂ ਦੀ ਕਦਰ ਕਰਨ ਵਾਲਾ ਵਿਦਿਆਰਥੀ ਆਪਣੀ ਜ਼ਿੰਦਗੀ ਵਿੱਚ ਅਨੁਸ਼ਾਸਨ ਪੈਦਾ ਕਰ ਸਕਦਾ ਹੈ ਅਤੇ ਆਪਣੇ ਟੀਚਿਆਂ ਨੂੰ ਆਸਾਨੀ ਨਾਲ ਹਾਸਲ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਸਫਲਤਾ ਲਈ ਕਿਸੇ ਛੋਟੇ ਰਸਤੇ ਦੀ ਬਜਾਏ ਮਿਹਨਤ ਅਤੇ ਲਗਾਤਾਰ ਯਤਨ ਨੂੰ ਆਪਣਾ ਸਾਥੀ ਬਣਾਉਣਾ ਚਾਹੀਦਾ ਹੈ। ਉਨਾ ਕਿਹਾ ਕਿ ਮਾਪਿਆਂ ਅਤੇ ਅਧਿਆਪਕਾਂ ਦੀ ਵੀ ਬੱਚਿਆਂ ਦੀ ਸਫਲਤਾ ਵਿੱਚ ਅਹਿਮ ਭੂਮਿਕਾ ਹੁੰਦੀ ਹੈ। ਬੱਚਿਆਂ ਦੀਆਂ ਕਾਬਲੀਅਤਾਂ ਨੂੰ ਸਮਝ ਕੇ ਉਨ੍ਹਾਂ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਦਾ ਹੌਸਲਾ ਵਧਾਉਣਾ ਬਹੁਤ ਜ਼ਰੂਰੀ ਹੈ। ਬੱਚਿਆਂ ਦੀ ਦੂਜਿਆਂ ਨਾਲ ਤੁਲਨਾ ਕਰਨ ਦੀ ਬਜਾਏ ਉਨ੍ਹਾਂ ਦੀ ਮਿਹਨਤ ਅਤੇ ਪ੍ਰਤਿਭਾ ਦੀ ਕਦਰ ਕਰਨੀ ਚਾਹੀਦੀ ਹੈ। ਕੈਪਸ਼ਨ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦੇ ਹੋਏ ਡਾਇਰੈਕਟਰ ਮੈਡਮ ਰਣਜੀਤ ਕੌਰ ਸੰਧੂ।

ਸਰਕਾਰੀ ਰਿਪਦੁਮਨ ਕਾਲਜ ਨਾਭਾ 'ਚ ਕਰਵਾਏ ਗਏ ਵੱਖ ਵੱਖ ਮੁਕਾਬਲੇ

ਨਾਭਾ 5 ਅਕਤੂਬਰ (ਰਾਕੇਸ਼ ਜਿੰਦਲ ਸ਼ੁਭਮ ਜਿੰਦਲ) ਸਰਕਾਰੀ ਰਿਪੁਦਮਨ ਕਾਲਜ ਨਾਭਾ ਦੇ ਵਿੱਚ ਸਵੀਪ ਨੋਡਲ ਅਫ਼ਸਰ ਹਲਕਾ ਨਾਭਾ -109 ਪ੍ਰੋਫੈਸਰ ਗੁਰਭਜਨ ਸਿੰਘ ਨੇ ਸਵੀਪ ਦੇ ਅਧੀਨ ਗਤੀਵਿਧੀਆਂ ਕਰਵਾਈਆਂ ਜਿਵੇਂ ਮਹਿੰਦੀ ਮੁਕਾਬਲਾ, ਪੋਸਟਰ ਮੇਕਿੰਗ ਮੁਕਾਬਲਾ, ਰੰਗੋਲੀ ਮੁਕਾਬਲਾ, ਸਲੋਗਨ ਮੁਕਾਬਲਾ ਇਸ ਮੁਕਾਬਲੇ ਦੇ ਵਿਚ ਸਰਕਾਰੀ ਰਿਪੁਦਮਨ ਕਾਲਜ ਨਾਭਾ ਦੇ ਵਿਦਿਆਰਥੀਆਂ ਨੇ ਪ੍ਰੋਫੈਸਰ ਗੁਰਭਜਨ ਸਿੰਘ ਅਤੇ ਪ੍ਰੋਫੈਸਰ ਲਖਵੀਰ ਸਿੰਘ ਦੀ ਅਗਵਾਈ ਦੇ ਵਿੱਚ ਇਸ ਮੁਕਾਬਲੇ ਦੇ ਵਿੱਚ ਹਿੱਸਾ ਲਿਆ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੌਜਾ ਦੇ ਵਿਦਿਆਰਥੀਆਂ ਨੇ ਮੈਡਮ ਮਨਪ੍ਰੀਤ ਕੌਰ ਦੀ ਅਗਵਾਈ ਦੇ ਵਿੱਚ ਹਿੱਸਾ ਲਿਆ,ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਟੌਹੜਾ ਦੇ ਵਿਦਿਆਰਥੀਆਂ ਨੇ ਮੈਡਮ ਕੁਲਵਿੰਦਰ ਕੌਰ ਦੀ ਅਗਵਾਈ ਦੇ ਵਿੱਚ ਹਿੱਸਾ ਲਿਆ,ਸਰਕਾਰੀ ਹਾਈ ਸਕੂਲ ਰਾਮਗੜ੍ਹ ਦੇ ਵਿਦਿਆਰਥੀਆਂ ਨੇ ਮੈਡਮ ਰਮਾ ਰਾਣੀ ਦੀ ਅਗਵਾਈ ਦੇ ਵਿੱਚ ਹਿੱਸਾ ਲਿਆ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢੀਗੀ ਦੇ ਵਿਦਿਆਰਥੀਆਂ ਨੇ ਮੈਡਮ ਮੋਨਿਕਾ ਮਿੱਤਲ ਦੀ ਅਗਵਾਈ ਦੇ ਵਿੱਚ ਹਿੱਸਾ ਲਿਆ ਇਹ ਮੁਕਾਬਲਾ ਬਹੁਤ ਹੀ ਵਧੀਆ ਤਰੀਕੇ ਦੇ ਨਾਲ ਸੰਪੂਰਨ ਹੋਇਆ ਇਸ ਮੁਕਾਬਲੇ ਦੇ ਵਿਚ ਮਹਿੰਦੀ ਦੇ ਮੁਕਾਬਲੇ ਦੇ ਵਿਚ ਸਰਕਾਰੀ ਰਿਪੁਦਮਨ ਕਾਲਜ ਨਾਭਾ ਦੀ ਵਿਦਿਆਰਥਣ ਜਸਵੀਰ ਕੌਰ ਨੂੰ ਚੁਣਿਆ ਗਿਆ ਜੋ ਕਿ ਬੀ.ਏ.-3 ਦੀ ਵਿਦਿਆਰਥਣ ਹੈ, ਰੰਗੋਲੀ ਮੁਕਾਬਲੇ ਦੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਕਰਨਦੀਪ ਸ਼ਰਮਾ ਨੂੰ ਚੁਣਿਆ ਗਿਆ ਜੋ ਕਿ ਬਾਰਵੀਂ ਜਮਾਤ ਦੀ ਵਿਦਿਆਰਥਣ ਹੈ, ਪੋਸਟਰ ਮੇਕਿੰਗ ਮੁਕਾਬਲੇ ਦੇ ਵਿਚ ਸਰਕਾਰੀ ਹਾਈ ਸਕੂਲ ਰਾਮਗੜ੍ਹ ਦੀ ਵਿਦਿਆਰਥਣ ਸਰਬਜੀਤ ਕੌਰ ਨੂੰ ਚੁਣਿਆ ਗਿਆ ਜੋ ਕਿ ਦਸਵੀਂ ਜਮਾਤ ਦੀ ਵਿਦਿਆਰਥਣ ਹੈ ਇਹਨਾਂ ਤਿੰਨ ਵਿਦਿਆਰਥੀਆਂ ਦੇ ਨਾਮ ਅੱਗੇ ਹੋਣ ਵਾਲੇ ਮੁਕਾਬਲਿਆਂ ਲਈ ਭੇਜ ਦਿੱਤੇ ਗਏ ਹਨ ਇਸ ਤਰ੍ਹਾਂ ਮੁਕਾਬਲੇ ਕਰਵਾਉਣ ਦਾ ਮਕਸਦ ਇਹ ਹੈ ਕਿ ਇਸ ਨਾਲ ਵਿਦਿਆਰਥੀਆਂ ਨੂੰ ਲੋਕਤੰਤਰ ਦੀ ਤਾਕਤ ਦਾ ਪਤਾ ਲੱਗਦਾ ਹੈ, ਵੋਟ ਦੀ ਤਾਕਤ ਦਾ ਪਤਾ ਲੱਗਦਾ ਹੈ ,ਵੋਟ ਪਾਉਣ ਦਾ ਪਤਾ ਲੱਗਦਾ ਹੈ ਇਸ ਨਾਲ ਵਿਦਿਆਰਥੀ ਜਾਗਰੂਕ ਹੁੰਦੇ ਹਨ ਸਾਡਾ ਸਮਾਜ ਜਾਗਰੂਕ ਹੁੰਦਾ ਹੈ ਸਾਡਾ ਸਮਾਜ ਮਜ਼ਬੂਤ ਹੁੰਦਾ ਹੈ ਸੋ ਸਰਕਾਰੀ ਰਿਪੁਦਮਨ ਕਾਲਜ ਨਾਭਾ ਦੇ ਵਿੱਚ ਕਰਵਾਇਆ ਗਿਆ ਸਵੀਪ ਗਤੀਵਿਧੀਆਂ ਦੇ ਸੰਬੰਧ ਵਿੱਚ ਇਹ ਮੁਕਾਬਲਾ ਬਹੁਤ ਹੀ ਵਧੀਆ ਤਰੀਕੇ ਨਾਲ ਸੰਪੂਰਨ ਹੋਇਆ

ਦੋ ਦਿਨੀ ਵਿਰਾਸਤੀ ਅਤੇ ਕੋਮਲ ਕਲਾਵਾਂ ਦੀਆਂ ਵੰਨਗੀਆਂ ਦੀ ਵਰਕਸ਼ਾਪ ਦਾ ਆਯੋਜਨ

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਅੰਤਰ-ਕਾਲਜ ਯੁਵਕ ਮੇਲੇ ਦੀ ਵਿਰਾਸਤੀ ਅਤੇ ਕੋਮਲ ਕਲਾਵਾਂ ਦੀਆਂ ਵੰਨਗੀਆਂ ਵਿੱਚ ਹਿੱਸਾ ਲੈਣ ਵਾਲੇ ਯੂਨੀਵਰਸਿਟੀ ਵਿਦਿਆਰਥੀਆਂ ਦੇ ਹੁਨਰ ਨੂੰ ਹੋਰ ਨਿਖਾਰਨ ਲਈ ਨਿਰਦੇਸ਼ਕ ਵਿਦਿਆਰਥੀ ਭਲਾਈ, ਪੀ ਏ ਯੂ, ਲੁਧਿਆਣਾ ਵੱਲੋਂ ਦੋ ਦਿਨੀ ਵਿਰਾਸਤੀ ਅਤੇ ਕੋਮਲ ਕਲਾਵਾਂ ਦੀ ਵਰਕਸ਼ਾਪ ਦਾ ਆਯੋਜਨ ਮਿਤੀ 29 ਅਤੇ 30 ਸਤੰਬਰ, 2026 ਨੂੰ ਵਿਦਿਆਰਥੀ ਭਵਨ ਵਿਖੇ ਕੀਤਾ ਗਿਆ। ਇਸ ਵਰਕਸ਼ਾਪ ਦਾ ਉਦਘਾਟਨ ਕਰਦਿਆਂ ਨਿਰਦੇਸ਼ਕ ਵਿਦਿਆਰਥੀ ਭਲਾਈ, ਡਾ ਕਮਲਜੀਤ ਸਿੰਘ ਸੂਰੀ ਨੇ ਵਿਦਿਆਰਥੀਆਂ ਨੂੰ ਸ਼ੁਭ ਇਛਾਵਾਂ ਦਿੱਤੀਆਂ ਅਤੇ ਲਗਨ ਨਾਲ ਇਸ ਵਰਕਸ਼ਾਪ ਦੇ ਮਾਹਿਰਾਂ ਤੋਂ ਨੁਕਤੇ ਸਿੱਖਣ ਲਈ ਪ੍ਰੇਰਿਤ ਕੀਤਾ। ਡਾ ਕਮਲਜੀਤ ਸਿੰਘ ਸੂਰੀ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣ

ਪ੍ਰਗਟ ਸਿੰਘ ਦੇ ਪੰਜਾਬ ਕਾਂਗਰਸ ਦੇ ਪ੍ਰਧਾਨ ਬਣਾਏ ਜਾਣ ਤੇ ਜੀਤ ਮਹਿੰਦਰ ਸਿੰਘ ਸਿੱਧੂ ਦੀ ਅਗਵਾਈ 'ਚ ਵਰਕਰਾਂ ਨੇ ਲੱਡੂ ਵੰਡੇ

ਮੌੜ ਮੰਡੀ, 5 ਅਕਤੂਬਰ (ਸੰਦੀਪ ਕੁਮਾਰ): ਜਲੰਧਰ ਕੈਂਟ ਤੋਂ ਵਿਧਾਇਕ ਅਤੇ ਸਾਬਕਾ ਮੰਤਰੀ ਪ੍ਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਏ ਜਾਣ ਤੇ ਕਾਂਗਰਸ ਪਾਰਟੀ ਅੰਦਰ ਖੁਸ਼ੀ ਦੀ ਲਹਿਰ ਹੈ। ਹਲਕਾ ਮੌੜ ਅੰਦਰ ਅੱਜ ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ ਦੇ ਦਫਤਰ ਵਿਖੇ ਵੱਡੀ ਗਿਣਤੀ ਵਿਚ ਵਰਕਰਾਂ ਨੇ ਇਕੱਠੇ ਹੋ ਕੇ ਲੱਡੂ ਵੰਡੇ, ਇਕ ਦੂਜੇ ਦਾ ਮੂੰਹ ਮਿੱਠਾ ਕਰਵਾਇਆ ਅਤੇ ਪ੍ਰਗਟ ਸਿੰਘ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਜੀਤ ਮਹਿੰਦਰ ਸਿੰਘ ਸਿੱਧੂ ਨੇ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਾਂਗਰਸ ਦੇ ਪ੍ਰਧਾਨ ਸ਼ ?ਰੀ ਮਲਿਕਾਅਰਜੁਨ ਖੜਗੇ, ਸ਼ ?ਰੀਮਤੀ ਸੋਨੀਆਂ ਗਾਂਧੀ ਅਤੇ ਸ਼ ?ਰੀ ਰਾਹੁਲ ਗਾਂਧੀ ਨੇ ਪ੍ਰਗਟ ਸਿੰਘ ਉਪਰ ਆਪਣਾ ਵਿਸ਼ਵਾਸ਼ ਜਤਾਉਦੇ ਹੋਏ ਉਹਨਾਂ ਨੂੰ ਪੰਜਾਬ ਕਾਂਗਰਸ ਦੀ ਵਾਗਡੋਰ ਸੌਂਪੀ ਹੈ। ਉਹਨਾਂ ਕਿਹਾ ਕਿ ਸਮੁੱਚੇ ਪੰਜਾਬ ਦੀ ਕਾਂਗਰਸ ਪਾਰਟੀ ਵਿਚ ਇਸ ਨਿਯੁਕਤੀ ਨੂੰ ਲੈ ਕੇ ਬਹੁਤ ਜਿਆਦਾ ਉਤਸ਼ਾਹ ਹੈ। ਉਹਨਾਂ ਕਿਹਾ ਕਿ ਪ੍ਰਗਟ ਸਿੰਘ ਇਕ ਸੁਲਝੇ ਹੋਏ ਅਤੇ ਤਜ਼ਰਬੇਕਾਰ ਨੇਤਾ ਹਨ ਜੋ ਹਰ ਇਕ ਨੂੰ ਨਾਲ ਲੈ ਕੇ ਚੱਲਣ ਵਾਲੇ ਹਨ । ਉਹਨਾਂ ਵਰਕਰਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ 2027 ਦੀਆਂ ਚੋਣਾਂ ਬਿਲਕੁਲ ਨਜ਼ਦੀਕ ਹਨ ਇਸ ਲਈ ਹੁਣੇ ਤੋਂ ਤਿਆਰੀਆਂ ਆਰੰਭ ਕਰ ਦਿਓ ਤਾਂ ਜੋ ਮੌੜ ਮੰਡੀ ਦੀ ਸੀਟ ਜਿੱਤ ਕੇ ਕਾਂਗਰਸ ਦੀ ਝੋਲੀ ਪਾਈ ਜਾ ਸਕੇ। ਇਸ ਮੌਕੇ ਗੁਰਬਾਜ਼ ਸਿੰਘ ਸਿੱਧੂ,ਕਰਮਜੀਤ ਸਿੰਘ ਰਾਣਾ ਐੱਮ ਸੀ, ਸੁਖਮੰਦਰ ਸਿੰਘ ਜੋਧਪੁਰ, ਰਜਿੰਦਰ ਸਿੰਘ ਜੋਧਪੁਰ, ਡਾ. ਧੰਨਾ ਸਿੰਘ ਜੋਧਪੁਰ, ਰਾਜੇਸ਼ ਜੈਨ, ਕੁਲਵੰਤ ਸਿੰਘ ਸ਼ਹਿਰੀ ਪ੍ਰਧਾਨ, ਜਗਦੀਸ਼ ਸਿੰਘ ਦੀਸਾ, ਬੱਗਾ ਸਿੰਘ, ਦਰਸ਼ਨ ਸਿੰਘ ਕਮਾਲੂ, ਮੰਦਰ ਸਿੰਘ, ਬਘੇਰਾ ਸਿੰਘ, ਬਿੰਦਰ ਬਿੱਲਾ, ਅੰਗਰੇਜ ਸਿੰਘ ਮੌੜ ਚੜਤ, ਗੁਰਮੇਲ ਸਿੰਘ ਭੈਣੀ, ਜਗਦੀਪ ਸਿੰਘ ਲੱਖਾ, ਸੁੱਖਵਿੰਦਰ ਸਿੰਘ ਕੁੱਤੀਵਾਲ, ਲਾਭ ਸਿੰਘ ਮੌੜ ਕਲਾਂ, ਬਲਕਾਰ ਸਿੰਘ ਮੌੜ ਕਲਾਂ, ਗਮਦੂਰ ਸਿੰਘ ਚਾਉਕੇ, ਕੁਲਵਿੰਦਰ ਸਿੰਘ ਕਿੰਦੀ, ਸ਼ਮਸ਼ੇਰ ਸਿੰਘ ਲੋਵਾ, ਭੁਪਿੰਦਰ ਸ਼ਰਮਾ ਮਾਈਸਰਖਾਨਾ, ਲਾਭ ਸਿੰਘ ਮੌੜ ਕਲਾਂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਵਰਕਰ ਹਾਜ਼ਰ ਸਨ

ਪ੍ਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ : ਮਸਤੇਵਾਲਾ

ਕੋਟ ਈਸੇ ਖਾਂ, 5 ਅਕਤੂਬਰ (ਸੰਜੀਵ ਸੂਦ): ਕਾਂਗਰਸ ਪਾਰਟੀ ਵੱਲੋਂ ਪ੍ਰਗਟ ਸਿੰਘ ਨੂੰ ਪਾਰਟੀ ਦਾ ਪ੍ਰਧਾਨ ਬਣਾਏ ਜਾਣ 'ਤੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਫੈਸਲੇ ਨਾਲ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ ਅਤੇ ਆਗੂਆਂ ਨੇ ਹਾਈਕਮਾਂਡ ਦੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਇਸ ਨੂੰ ਪਾਰਟੀ ਦੀ ਮਜ਼ਬੂਤੀ ਵੱਲ ਇੱਕ ਅਹਿਮ ਕਦਮ ਕਰਾਰ ਦਿੱਤਾ ਹੈ। ਕਾਂਗਰਸੀ ਆਗੂਆਂ ਦਾ ਕਹਿਣਾ ਹੈ ਕਿ ਨਵੇਂ ਪ੍ਰਧਾਨ ਦੀ ਅਗਵਾਈ ਹੇਠ ਪਾਰਟੀ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਹੋਵੇਗੀ। ਪ੍ਰੈਸ ਨਾਲ ਸਾਂਝੇ ਬਿਆਨ ਰਾਹੀਂ ਗੱਲਬਾਤ ਕਰਦਿਆਂ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਅਤੇ ਸੀਨੀਅਰ ਕਾਂਗਰਸੀ ਆਗੂ ਸ਼ਵਾਜ ਸਿੰਘ ਭੋਲਾ ਮਸਤੇਵਾਲਾ ਨੇ ਕਿਹਾ ਕਿ ਪ੍ਰਗਟ ਸਿੰਘ ਦੇ ਪਾਰਟੀ ਪ੍ਰਧਾਨ ਬਣਨ ਨਾਲ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਪ੍ਰਗਟ ਸਿੰਘ ਇੱਕ ਤਜਰਬੇਕਾਰ ਅਤੇ ਕਾਬਲ ਆਗੂ ਹਨ, ਜੋ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਨਾਲ ਲੈ ਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਅਹਿਮ ਭੂਮਿਕਾ ਨਿਭਾਉਣਗੇ। ਸ਼ਵਾਜ ਸਿੰਘ ਭੋਲਾ ਮਸਤੇਵਾਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਅਤੇ ਹਿੱਤਾਂ ਲਈ ਆਵਾਜ਼ ਬੁਲੰਦ ਕਰਦੀ ਆਈ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਪੰਜਾਬ ਦੇ ਲੋਕ ਕਈ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਵਿਧਾਨ ਸਭਾ ਤੋਂ ਲੈ ਕੇ ਸੜਕ ਤੱਕ ਜ਼ੋਰਦਾਰ ਢੰਗ ਨਾਲ ਉਠਾਉਣਾ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਪਾਰਟੀ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਪੰਜਾਬ ਵਿੱਚ ਮੁੜ ਸਰਕਾਰ ਬਣਾਏਗੀ।

ਪਦਮਸ਼੍ਰੀ ਪ੍ਰਗਟ ਸਿੰਘ ਦੇ ਪ੍ਰਧਾਨ ਬਣਨ ਦੀ ਖੁਸ਼ੀ ਵਿੱਚ ਕਸਬਾ ਬੀਜਾ ਵਿਖੇ ਲੱਡੂ ਵੰਡੇ ਗਏ : ਬੰਬ

ਸ੍ਰੀ ਮਾਛੀਵਾੜਾ ਸਾਹਿਬ, 5 ਅਕਤੂਬਰ (ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ): ਸਾਬਕਾ ਕੈਬਨਿਟ ਮੰਤਰੀ ਤੇ ਪਦਮਸ਼੍ਰੀ ਪ੍ਰਗਟ ਸਿੰਘ ਵਿਧਾਇਕ ਹਲਕਾ ਜਲੰਧਰ ਕੈਂਟ ਨੂੰ ਪ੍ਰਦੇਸ਼ ਕਾਂਗਰਸ ਕਮੇਟੀ ਪੰਜਾਬ ਦੇ ਪ੍ਰਧਾਨ ਬਣਨ ਦੀ ਖੁਸ਼ੀ ਵਿੱਚ ਬਲਵਿੰਦਰ ਸਿੰਘ ਬੰਬ ਚੇਅਰਮੈਨ ਐਸ ਸੀ ਡਿਪਾਰਟਮੈਂਟ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਅਤੇ ਭੀਮ ਸਿੰਘ ਚੋਪੜਾ ਕੋਟ ਪਨੈਚ ਜਰਨਲ ਸਕੱਤਰ ਜ਼ਿਲ੍ਹਾ ਕਾਂਗਰਸ ਕਮੇਟੀ ਐਸ ਸੀ ਡਿਪਾਰਟਮੈਂਟ ਖੰਨਾ ਦੀ ਅਗਵਾਈ ਹੇਠ ਐਸ ਸੀ ਡਿਪਾਰਟਮੈਂਟ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਅਹੁਦੇਦਾਰਾਂ ਅਤੇ ਬੀਜਾ ਅੱਡੇ ਦੇ ਦੁਕਾਨਦਾਰਾਂ ਵੱਲੋਂ ਲੱਡੂ ਵੰਡੇ ਗਏ ਅਤੇ ਆਲ ਇੰਡੀਆ ਕਾਂਗਰਸ ਹਾਈ ਕਮਾਂਡ ਦਾ ਧੰਨਵਾਦ ਕੀਤਾ ਗਿਆ ਤੇ ਪ੍ਰਦੇਸ਼ ਕਾਂਗਰਸ ਕਮੇਟੀ ਪੰਜਾਬ ਦੇ ਨਵ ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਮਿਲਣ ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਬੰਬ ਨੇ ਕਿਹਾ ਕਿ ਸਾਬਕਾ ਕੈਬਨਟ ਮੰਤਰੀ ਪ੍ਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਪੰਜਾਬ ਦੇ ਕਾਂਗਰਸੀ ਵਰਕਰਾਂ ਵਿੱਚ ਜਿੱਥੇ ਖੁਸ਼ੀ ਦੀ ਲਹਿਰ ਹੈ ਉੱਥੇ ਹੀ ਉਹਨਾਂ ਦੇ ਵਿੱਚ ਭਾਰੀ ਜੋਸ਼ ਦੇਖਿਆ ਜਾ ਰਿਹਾ ਹੈ। ਪ੍ਰਗਟ ਸਿੰਘ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਰਕਰਾਂ ਦੇ ਆਉਣ ਵਾਲੇ ਦਿਨਾਂ ਵਿੱਚ ਜੋਸ਼ ਅੱਗੇ ਆਮ ਆਦਮੀ ਪਾਰਟੀ ਦੀ ਸਰਕਾਰ ਟਿਕ ਨਹੀਂ ਸਕੇਗੀ ਅਤੇ ਪੰਜਾਬ ਵਿੱਚੋਂ ਬਿਸਤਰਾ ਗੋਲ ਕਰਕੇ ਦਿੱਲੀ ਵਾਪਸ ਭੇਜ ਦਿੱਤਾ ਜਾਵੇਗਾ। ਇਸ ਮੌਕੇ ਵਧਾਈ ਦੇਣ ਵਾਲਿਆਂ ਵਿੱਚ ਉਪ ਚੇਅਰਮੈਨ ਬਲਵਿੰਦਰ ਸਿੰਘ ਕੁਹਲੀ ਕਲਾ, ਗੁਰਜੀਤ ਸਿੰਘ ਭੌਰਲਾ ਬਲਾਕ ਕਾਂਗਰਸ ਐਸ ਸੀ ਡਿਪਾਰਟਮੈਂਟ ਸਮਰਾਲਾ, ਕੈਪਟਨ ਰਜਿੰਦਰ ਸਿੰਘ ਬੀਜਾ, ਸ਼ਿਵਚਰਨ ਸਿੰਘ ਬੰਬ , ਜਸਵੰਤ ਸਿੰਘ ,ਅਮਰੀਕ ਸਿੰਘ ਟੇਲਰ ਮਾਸਟਰ, ਦਲਵੀਰ ਸਿੰਘ ਸਾਬਕਾ ਸਰਪੰਚ ਕੋਟ ਪਨੈਚ, ਕਸਤੂਰੀ ਲਾਲ ਬੀਜਾ, ਮੁਲਖਰਾਜ ਬੱਬਰ , ਸੁਖਵਿੰਦਰ ਕੁਮਾਰ, ਅਮਰਜੀਤ ਸਿੰਘ ਅਭੀ ,ਰਾਮ ਪਿਆਰਾ ,ਰਾਮਪਾਲ ਸਿੰਘ ਕਾਲਾ ਬਗਲੀ ਕਲਾਂ ਤੋਂ ਇਲਾਵਾ ਕਾਂਗਰਸ ਅਦੇਦਾਰਾਂ ਤੇ ਵਰਕਰ ਹਾਜ਼ਰ ਸਨ।

ਗੁਰਦੁਆਰਾ ਟਿੱਬੀ ਸਾਹਿਬ ਵਿਖੇ ਕਰਵਾਏ ਚੌਥੇ ਵਿਸ਼ਾਲ ਨਗਰ ਕੀਰਤਨ ਚ ਬਲਜਿੰਦਰ ਸਿੰਘ ਢਿੱਲੋਂ ਨੇ ਕੀਤੀ ਸ਼ਮੂਲੀਅਤ

ਸਨੌਰ, 5 ਸਤੰਬਰ (ਰਾਜਿੰਦਰ ਸਿੰਘ ਥਿੰਦ): ਬਾਬਾ ਬਲਬੀਰ ਸਿੰਘ ਜੀ ਦੀ ਅਗਵਾਈ ਵਿੱਚ ਸਮੂਹ ਸਾਧ ਸੰਗਤ ਗੁਰਦੁਆਰਾ ਟਿੱਬੀ ਸਾਹਿਬ (ਰਜਿ:) ਸਨੌਰ ਅਤੇ ਪ੍ਰਬੰਧਕ ਕਮੇਟੀਆਂ ਵੱਲੋਂ ਹਲਕਾ ਸਨੌਰ ਦੇ ਪਵਿੱਤਰ ਅਸਥਾਨ ਗੁਰਦੁਆਰਾ ਟਿੱਬੀ ਸਾਹਿਬ ਵਿਖੇ ਕਰਵਾਏ ਗਏ ਚੌਥੇ ਵਿਸ਼ਾਲ ਨਗਰ ਕੀਰਤਨ ਵਿੱਚ ਲੋਕ ਸਭਾ ਪਟਿਆਲਾ ਦੇ ਇੰਚਾਰਜ ਅਤੇ ਪੰਜਾਬ ਐਗਰੋ ਫੂਡਗ੍ਰੇਨ ਕਾਰਪੋਰੇਸ਼ਨ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਸ਼ਰਧਾ ਅਤੇ ਸਤਿਕਾਰ ਸਹਿਤ ਸ਼ਮੂਲੀਅਤ ਕੀਤੀ। ਇਸ ਮੌਕੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਸਮੂਹ ਸੰਗਤ ਨਾਲ ਮਿਲ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਰਬੱਤ ਦੇ ਭਲੇ, ਸੁੱਖ-ਸ਼ਾਂਤੀ, ਚੜ੍ਹਦੀ ਕਲਾ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਦਰਸਾਇਆ ਗਿਆ ਸੇਵਾ, ਸਿਮਰਨ, ਨਿਮਰਤਾ ਅਤੇ ਭਾਈਚਾਰੇ ਦਾ ਮਾਰਗ ਸਾਡੇ ਸਾਰਿਆਂ ਲਈ ਪ੍ਰੇਰਣਾ ਦਾ ਸਰੋਤ ਹੈ। ਚੇਅਰਮੈਨ ਢਿੱਲੋਂ ਨੇ ਗੁਰਦੁਆਰਾ ਟਿੱਬੀ ਸਾਹਿਬ ਵਿਖੇ ਨਤਮਸਤਕ ਹੁੰਦਿਆਂ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਸਭ 'ਤੇ ਆਪਣੀ ਮਿਹਰ ਭਰੀ ਨਜ਼ਰ ਬਣਾਈ ਰੱਖਣ, ਹਰ ਘਰ ਵਿੱਚ ਸੁੱਖ-ਸ਼ਾਂਤੀ, ਤੰਦਰੁਸਤੀ ਅਤੇ ਖੁਸ਼ਹਾਲੀ ਬਖ਼ਸ਼ਣ ਹਲਕਾ ਸਨੌਰ ਅਤੇ ਸਮੁੱਚੇ ਪੰਜਾਬ ਨੂੰ ਚੜ੍ਹਦੀ ਕਲਾ ਵਿੱਚ ਰੱਖਣ। ਇਸ ਮੌਕੇ ਉਨ੍ਹਾਂ ਨੇ ਮਹਾਨ ਨਗਰ ਕੀਰਤਨ ਦੇ ਪ੍ਰਬੰਧਕਾਂ, ਸੇਵਾਦਾਰਾਂ ਅਤੇ ਸਮੂਹ ਸੰਗਤ ਨੂੰ ਧਾਰਮਿਕ ਸਮਾਗਮ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਅਪੀਲ ਕੀਤੀ। ਇਸ ਮੌਕੇ: ਲਖਵਿੰਦਰ ਸਿੰਘ ਲੋਕ ਸਭਾ ਆਫਿਸ ਇੰਚਾਰਜ ਪਟਿਆਲਾ ,ਗੱਜਣ ਸਿੰਘ ਜਿਲਾ ਮੀਡੀਆ ਸੈਕਟਰੀ,ਅਵਤਾਰ ਸਿੰਘ ਹਲਕਾ ਕੋਆਰਡੀਨੇਟਰ ਐਸ ਸੀ ਵਿੰਗ,ਜਸਪਾਲ ਸਿੰਘ ਬਲਾਕ ਪ੍ਰਧਾਨ,ਹਰਜੀਤ ਸਿੰਘ,ਸੁਰਜੀਤ ਸਿੰਘ ਪਹਾੜੀਪੁਰ ਸ਼ਰਨਜੀਤ ਸਿੰਘ ਢਿੱਲੋਂ,ਗੁਰਪਿੰਦਰ ਸਿੰਘ ਛੀਨਾ ਅਤੇ ਰਾਜ ਕੁਮਾਰ ਮਿਠਾਰੀਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਹਾਜਰ ਸੀ

ਗੁਰੂ ਤੇਗ ਬਹਾਦਰ ਸਾਹਿਬ ਦੇ ਆਗਮਨ ਦੇ 351 ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਸਜਾਇਆ ਵਿਸ਼ਾਲ ਨਗਰ ਕੀਰਤਨ



ਪਟਿਆਲਾ, 5 ਅਕਤੂਬਰ (ਰਾਜਿੰਦਰ ਸਿੰਘ ਥਿੰਦ): ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਆਗਮਨ ਦੇ 351 ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਅੱਜ ਗੁਰਦੁਆਰਾ ਸ਼ ?ਰੀ ਤੇਗ ਬਹਾਦਰ ਥੜਾ ਸਾਹਿਬ ਤੋਂ ਗੁਰਦਵਾਰਾ ਪਾਤਸ਼ਾਹੀ ਨੌਵੀਂ ਗ ?ੜੀਸਾਹਿਬ ਨਜ਼ੀਰ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਵਿਧਾਨ ਸਭਾ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਆਪਣੇ ਸਾਥੀਆਂ ਸਮੇਤ ਨਮਸਤਕ ਹੋ ਕੇ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ! ਉਹਨਾਂ ਵਲੋਂ ਗੁਰੂ ਦਾ ਅਸ਼ੀਰਵਾਦ ਲਿਆ ਅਤੇ ਸੰਗਤਾਂ ਨੂੰ ਲੰਗਰ ਛਕਾਇਆ ਗਿਆ ਇਸ ਮੌਕੇ ਰਾਜਿੰਦਰ ਸਿੰਘ ਨੇ ਵਿਸ਼ਾਲ ਨਗਰ ਕੀਰਤਨ ਦਾ ਸਵਾਗਤ ਕੀਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਨਾਲ ਜੁੜੇ ਇਤਿਹਾਸਕ ਅਸਥਾਨਾਂ ਦੀ ਯਾਦ ਨੂੰ ਸਮਰਪਿਤ ਅਜਿਹੇ ਧਾਰਮਿਕ ਸਮਾਗਮ ਸੰਗਤਾਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੋੜਨ ਦਾ ਕਾਰਜ ਕਰਦੇ ਹਨ। ਨਗਰ ਕੀਰਤਨ ਦੀ ਸਮਾਪਤੀ ਮੌਕੇ ਗੁਰਦੁਆਰਾ ਸ਼ ?ਰੀ ਤੇਗ ਬਹਾਦੁਰ ਗੜੀਸਾਹਿਬ ਵਿਖੇ ਸੰਗਤਾਂ ਵੱਲੋਂ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਗਿਆ। ਇਸ ਮੌਕੇ ਡਾ ਪ੍ਰੇਮ ਪਾਲ, ਧਰਮ ਪਾਲ ਪਸਿਆਣਾ, ਕ੍ਰਿਨ ਸੰਧੂ, ਭੁਪਿੰਦਰ ਸੰਧੂ ਨੰਬਰਦਾਰ ਹਰਵਿੰਦਰ ਸਿੰਘ ਬੀਬੀ ਪੁਰ ਤੋਂ ਇਲਾਵਾ ਹੋਰ ਬਹੁਤ ਸਾਰੇ ਆਗੂ ਇਸ ਮੌਕੇ ਗੁਰੂ ਨੂੰ ਨਮਸਤਕ ਹੋਏ!

ਦੁਸਹਿਰੇ ਦੀਆਂ ਤਿਆਰੀਆਂ- ਰਾਵਣ, ਕੁੰਭਕਰਨ ਤੇ ਮੇਘਨਾਦ ਦੇ ਵਿਸ਼ਾਲ ਪੁਤਲੇ ਬਣਾਉਣ ਦਾ ਕੰਮ ਜ਼ੋਰਾਂ 'ਤੇ

ਸ਼੍ਰੀ ਮੁਕਤਸਰ ਸਾਹਿਬ, 5 ਅਕਤੂਬਰ (ਆਦੇਸ਼): ਬੁਰਾਈ 'ਤੇ ਅੱਛਾਈ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਉਹਾਰ ਨੇੜੇ ਆਉਂਦੇ ਹੀ ਸ਼ਹਿਰ ਵਿੱਚ ਰੌਣਕਾਂ ਵਧ ਗਈਆਂ ਹਨ। ਸ੍ਰੀ ਮੁਕਤਸਰ ਸਾਹਿਬ ਵਿਖੇ ਦੁਸਹਿਰੇ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਰਾਵਣ, ਕੁੰਭਕਰਨ ਅਤੇ ਮੇਘਨਾਦ ਦੇ ਵਿਸ਼ਾਲ ਪੁਤਲੇ ਤਿਆਰ ਕਰਨ ਦਾ ਕੰਮ ਬਹੁਤ ਹੀ ਉਤਸ਼ਾਹ ਨਾਲ ਸ਼ੁਰੂ ਹੋ ਚੁੱਕਾ ਹੈ। ਇਨ੍ਹਾਂ ਵਿਸ਼ਾਲ ਪੁਤਲਿਆਂ ਨੂੰ ਤਿਆਰ ਕਰਨ ਲਈ ਵਿਸ਼ੇਸ਼ ਤੌਰ 'ਤੇ ਗਵਾਲੀਅਰ ਅਤੇ ਆਗਰਾ ਤੋਂ ਕਲਾਕਾਰਾਂ ਦੀ 6 ਮੈਂਬਰੀ ਟੀਮ ਪਹੁੰਚੀ ਹੈ। ਇਨ੍ਹਾਂ ਵਿੱਚ ਮੁੱਖ ਕਲਾਕਾਰ ਸਯਾਦ, ਆਬਿਕ ਹੁਸੈਨ, ਰਾਹੁਲ, ਅਰਮਾਨ ਮਲਿਕ, ਰਮਨ ਮਲਿਕ ਅਤੇ ਜਾਵੇਦ ਸ਼ਾਮਲ ਹਨ, ਜੋ ਦਿਨ-ਰਾਤ ਮਿਹਨਤ ਕਰਕੇ ਇਨ੍ਹਾਂ ਪੁਤਲਿਆਂ ਨੂੰ ਅੰਤਿਮ ਛੋਹਾਂ ਦੇ ਰਹੇ ਹਨ। ਕਲਾਕਾਰਾਂ ਦੀ ਟੀਮ ਅਨੁਸਾਰ ਇਨ੍ਹਾਂ ਪੁਤਲਿਆਂ ਦੀ ਉਚਾਈ ਲਗਭਗ 60 ਤੋਂ 70 ਫੁੱਟ ਹੋਵੇਗੀ। ਇਨ੍ਹਾਂ ਨੂੰ ਤਿਆਰ ਕਰਨ ਵਿੱਚ ਕਰੀਬ 20 ਦਿਨਾਂ ਦਾ ਸਮਾਂ ਲੱਗਦਾ ਹੈ। ਦੁਸਹਿਰੇ ਵਾਲੇ ਦਿਨ ਸ਼ਾਮ ਵੇਲੇ ਰਾਵਣ, ਉਸ ਦੇ ਭਰਾ ਕੁੰਭਕਰਨ ਅਤੇ ਪੁੱਤਰ ਮੇਘਨਾਦ ਦੇ ਪੁਤਲਿਆਂ ਵਿੱਚ ਪਟਾਕੇ ਭਰ ਕੇ ਉਨ੍ਹਾਂ ਨੂੰ ਅਗਨ ਭੇਟ (ਦਹਿਨ) ਕੀਤਾ ਜਾਂਦਾ ਹੈ, ਜੋ ਇਸ ਗੱਲ ਦਾ ਪ੍ਰਤੀਕ ਹੈ ਕਿ ਸੱਚ ਅਤੇ ਧਰਮ ਦੀ ਹਮੇਸ਼ਾ ਜਿੱਤ ਹੁੰਦੀ ਹੈ।

ਮਾਲੇਰਕੋਟਲ

ਸਵਿਟਜ਼ਰਲੈਂਡ ਧੇ ਰਾਸ਼ਟਰਪਤੀ ਦੀ ਭਾਰਤ ਫੇਰੀ ਮੌਕੇ ਪਦਮਸ੍ਰੀ ਜਗਜੀਤ ਸਿੰਘ ਦਰਦੀ ਵੀ ਹੋਏ ਸ਼ਾਮਿਲ

ਪਟਿਆਲਾ 5 ਅਕਤੂਬਰ (ਰਾਕੇਸ਼ ਜਿੰਦਲ)-ਅੱਜ ਇੱਥੇ ਹੈਦਰਾਬਾਦ ਹਾਊਸ ਵਿਖੇ ਸਵਿਟਜ਼ਰਲੈਂਡ ਦੇ ਰਾਸ਼ਟਰਪਤੀ ਗਾਏ ਪਾਰਮੇਲਿਨ ਪੁੱਜੇ। ਜਿੱਥੇ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਵੱਲੋਂ ਉਹਨਾਂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ ਇਸ ਮੌਕੇ ਰਾਸ਼ਟਰਪਤੀ ਦੇ ਧਰਮ ਪਤਨੀ ਵੀ ਉਹਨਾਂ ਦੇ ਨਾਲ ਮੌਜੂਦ ਸਨ। ਅੱਜ ਇਸ ਸਵਾਗਤ ਸਮਾਰੋਹ ਮੌਕੇ ਦੇਸ਼ ਦੇ ਵੱਖ ਵੱਖ ਹਿੱਸਿਆਂ ਚੋਂ ਦੋ ਦਰਜਨ ਦੇ ਕਰੀਬ ਮੀਡੀਆ ਹਾਊਸ ਨਾਲ ਸੰਬੰਧਿਤ ਮਾਲਕਾਂ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਸਵਾਗਤ ਦੌਰਾਨ ਚੜ੍ਹਦੀਕਲਾ ਟਾਈਮ ਟੀਵੀ ਦੇ ਚੇਅਰਮੈਨ ਪਦਮਸ਼੍ਰੀ ਡਾ ਜਗਜੀਤ ਸਿੰਘ ਦਰਦੀ ਵੀ ਵਿਸ਼ੇਸ਼ ਤੌਰ ਤੇ ਪ੍ਰਧਾਨ ਮੰਤਰੀ ਵੱਲੋਂ ਮਿਲੇ ਸੱਦੇ ਤੇ ਸ਼ਾਮਿਲ ਹੋਏ। ਇਸ ਮੌਕੇ ਦੇਸ਼ ਦੇ ਪ੍ਰਧਾਨ ਮੰਤਰੀ ਨੇ ਡਾਕਟਰ ਜਗਜੀਤ ਸਿੰਘ ਦਰਦੀ ਬਾਰੇ ਸਿਵਟਜਾਰਲੈਂਡ ਦੇ ਰਾਸ਼ਟਰਪਤੀ ਨੂੰ ਜਾਣੂ ਕਰਵਾਇਆ ਅਤੇ ਉਨਾਂ ਨੇ ਡਾਕਟਰ ਦਰਦੀ ਦੀਆਂ ਪ੍ਰਾਪਤੀਆਂ ਸੁਣ ਕੇ ਖੁਸ਼ੀ ਮਹਿਸੂਸ ਕੀਤੀ

ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਵਿਟਜ਼ਰ ਲੈਂਡ ਦੇ ਰਾਸ਼ਟਰਪਤੀ ਦਾ ਸਵਾਗਤ ਕਰਨ ਉਪਰੰਤ ਸੰਬੋਧਨ ਕਰਦਿਆਂ ਕਿਹਾ ਕਿਸਭ ਤੋਂ ਪਹਿਲਾਂ, ਮੈਂ ਭਾਰਤ-ਸਵਿਟਜ਼ਰਲੈਂਡ ਸਬੰਧਾਂ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਦੀ ਸ਼ਲਾਘਾ ਕਰਦਾ ਹਾਂ। ਪਿਛਲੇ ਸਾਲ ਅਕਤੂਬਰ ਵਿੱਚ, ਉਨ੍ਹਾਂ ਦੇ ਨਿੱਜੀ ਸਮਰਥਨ ਨਾਲ, ਅਸੀਂ ਭਾਰਤ ਅਤੇ ਯੂਰਪੀ ਮੁਕਤ ਵਪਾਰ ਸੰਘ, ਯਾਨੀ "ਈਐੱਫਟੀਏ"ਦੇਸ਼ਾਂ ਵਿਚਕਾਰ, ਇੱਕ ਇਤਿਹਾਸਕ ਵਪਾਰ ਅਤੇ ਆਰਥਿਕ ਭਾਈਵਾਲੀ ਸਮਝੌਤਾ ਲਾਗੂ ਕੀਤਾ। ਇਹ ਯੂਰਪ ਦੇ ਕਿਸੇ ਵੀ ਆਰਥਿਕ ਸਮੂਹ ਨਾਲ ਭਾਰਤ ਦਾ ਪਹਿਲਾ ਐੱਫਟੀਏ ਹੈ।

ਇਹ ਨਿਵੇਸ਼, ਨਵੀਨਤਾ, ਰੁਜ਼ਗਾਰ ਅਤੇ ਸਾਂਝੀ ਖੁਸ਼ਹਾਲੀ ਲਈ ਇੱਕ ਅਭਿਲਾਸ਼ੀ ਖਰੜਾ ਵੀ ਹੈ। ਇਸ ਨਾਲ ਅਸੀਂ ਅਗਲੇ 15 ਸਾਲਾਂ ਵਿੱਚ ਭਾਰਤ ਵਿੱਚ 100 ਬਿਲੀਅਨ ਡਾਲਰ ਦੇ ਨਿਵੇਸ਼ ਅਤੇ 10 ਲੱਖ ਪ੍ਰਤੱਖ ਨੌਕਰੀਆਂ ਦੇ ਟੀਚਿਆਂ ਨੂੰ ਪੂਰਾ ਕਰਾਂਗੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਭਾਰਤ ਅਤੇ ਸਵਿਟਜ਼ਰਲੈਂਡ ਦੀ ਦੋਸਤੀ ਸਦੀਆਂ ਪੁਰਾਣੀ ਹੈ। 19ਵੀਂ ਸਦੀ ਵਿੱਚ ਸਵਾਮੀ ਵਿਵੇਕਾਨੰਦ ਨੇ ਸਵਿਸ ਆਲਪਸ ਵਿੱਚ ਹਿਮਾਲਿਆ ਦੀ ਝਲਕ ਦੇਖੀ ਸੀ। ਮਹਾਤਮਾ ਗਾਂਧੀ ਨੇ ਵੀ ਸਵਿਟਜ਼ਰਲੈਂਡ ਵਿੱਚ ਸਮਾਂ ਬਿਤਾਇਆ ਅਤੇ ਉੱਥੋਂ ਦੇ ਲੋਕਾਂ ਨਾਲ ਸੰਵਾਦ ਕੀਤਾ। ਇਨ੍ਹਾਂ ਇਤਿਹਾਸਕ ਯਾਤਰਾਵਾਂ ਦੀਆਂ ਯਾਦਾਂ ਅੱਜ ਵੀ ਸਾਡੀ ਦੋਸਤੀ ਵਿੱਚ ਗੂੰਜਦੀਆਂ ਹਨ।ਅੱਜ, ਨਵੀਨਤਾ, ਬੁਨਿਆਦੀ ਢਾਂਚਾ ਅਤੇ ਉੱਨਤ ਤਕਨਾਲੋਜੀ ਸਾਡੀ ਭਾਈਵਾਲੀ ਦੇ ਮਜ਼ਬੂਤ ਥੰਮ੍ਹ ਹਨ। ਅਤੇ ਅੱਜ ਦੇ ਇਸ ਸਿਖ਼ਰ ਸੰਮੇਲਨ ਤੋਂ ਅਸੀਂ ਆਪਣੀ ਭਾਈਵਾਲੀ ਨੂੰ ਇੱਕ ਨਵੀਂ ਗਤੀ ਅਤੇ ਨਵੀਂ ਉਚਾਈ ਦੇਣ ਜਾ ਰਹੇ ਹਾਂ।

ਹਲਕਾ ਦੱਖਣੀ 'ਚ ਬਾਵਾ ਵਲੋਂ ਨੁਕੜ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ, ਹਲਕਾ ਦੱਖਣੀ ਦੇ ਲੋਕ ਪਾਣੀ, ਸੜਕਾਂ, ਲਾਈਟਾਂ, ਪਾਣੀ ਦੀ ਨਿਕਾਸੀ ਅਤੇ ਲਾਅ ਐਂਡ ਆਰਡਰ ਦੀ ਬਿਗੜੀ ਹਾਲਤ ਤੋਂ ਪਰੇਸ਼ਾਨ

ਲੁਧਿਆਣਾ, 5 ਅਕਤੂਬਰ (ਸੁਰਜ)-ਹਲਕਾ ਦੱਖਣੀ ਵਿੱਚ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਏ.ਆਈ.ਸੀ.ਸੀ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਹਲਕਾ ਦੱਖਣੀ ਦੇ ਦੁਖੀ ਹਿਰਦਿਆਂ ਦੀ ਘਰ- ਘਰ ਜਾ ਕੇ ਪੁਕਾਰ ਸੁਣੀ। ਆਮ ਲੋਕਾਂ ਦੀ ਆਵਾਜ਼ ਸੀ ਕਿ ਅਸੀਂ ਤਾਂ ਪੀਣ ਵਾਲੇ ਸਾਫ ਪਾਣੀ ਨੂੰ ਵੀ ਤਰਸ ਰਹੇ ਹਾਂ। ਇੱਥੇ ਪਾਣੀ ਦੀ ਨਿਕਾਸੀ, ਸੀਵਰੇਜ, ਲਾਈਟਾਂ, ਸੜਕਾਂ ਦਾ ਮੰਦਾ ਹਾਲ ਹੈ। ਸਿਹਤ ਅਤੇ ਵਿਦਿਆ ਦੇ ਖੇਤਰ ਵਿੱਚ ਆਇਆ ਨਿਘਾਰ ਦੱਸਦਾ ਹੈ ਕਿ ਇਹ ਹਲਕਾ ਪੰਜਾਬ ਦੇ 117 ਹਲਕਿਆਂ ਵਿੱਚੋਂ 117ਵੇਂ ਨੰਬਰ 'ਤੇ ਹੈ ਜਿਸ ਨੂੰ ਮੌਜੂਦਾ ਨੇਤਾਵਾਂ ਅਤੇ ਪੰਜਾਬ ਸਰਕਾਰ ਨੇ ਜਾਣਬੁੱਝ ਕੇ ਅਣਗੌਲਿਆਂ ਕੀਤਾ ਹੋਇਆ ਹੈ। ਉਹਨਾਂ ਕਿਹਾ ਕਿ ਨੇਤਾ

ਨਾਲ ਨਰਾਜ਼ਗੀ ਹੋ ਸਕਦੀ ਹੈ ਪਰ ਪੰਜਾਬ ਸਰਕਾਰ ਦੀ ਆਮ ਲੋਕਾਂ ਨਾਲ ਕਿਸ ਗੱਲ ਦੀ ਨਰਾਜ਼ਗੀ ਹੈ ਕਿ ਲੋਕ ਵਿਕਾਸ ਪੱਖੋਂ ਸਭ ਤੋਂ ਪਿੱਛੇ ਹਨ। ਇਸ ਸਮੇਂ ਹਲਕੇ ਦੀ ਕਾਂਗਰਸੀ ਨੇਤਾ ਅਮਿਤ ਕੁਮਾਰ, ਕਪਿਲ ਸ਼ਰਮਾ, ਸ਼ਿਵ ਕੁਮਾਰ, ਰਾਮ ਚੰਦਰ ਸਾਹਨੀ, ਹਰਪਾਲ ਸਿੰਘ ਸੈਣੀ, ਕਰਨਲ ਪਰਮਜੀਤ ਸਿੰਘ, ਸੂਬੇਦਾਰ ਮੇਹਰ ਸਿੰਘ, ਗੋਪਾਲ, ਜਗਜੀਤ, ਜਗਤ ਨਰਾਇਣ ਬੱਗਾ, ਬਲਜੀਤ ਮਾਲੜਾ, ਪਵਨ ਸ਼ੁਕਲਾ ਨਾਲ ਮੁਲਾਕਾਤ ਕੀਤੀ ਅਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਤਿਆਰ ਕੀਤੀ ਇਸ ਸਮੇਂ ਸ਼੍ਰੀ ਬਾਵਾ ਨੇ ਕਿਹਾ ਕਿ ਲਾਅ ਐਂਡ ਆਰਡਰ ਦੀ ਹਾਲਾਤ ਵਿੱਚ ਆ ਰਿਹਾ ਨਿਘਾਰ ਨੇ ਹਰ ਪੰਜਾਬੀ ਚਿੰਤਿਤ ਕੀਤਾ ਹੈ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਸ਼ਾਂਤੀ, ਵਿਕਾਸ ਅਤੇ ਖੁਸ਼ਹਾਲੀ ਦੀ ਮੁੱਦਈ ਹੈ। ਇਸ ਸਮੇਂ ਵੱਖ-ਵੱਖ ਮੁਲਾਕਾਤਾਂ ਵਿੱਚ ਬਾਵਾ ਨੇ ਇਤਿਹਾਸਿਕ ਪੁਸਤਕ ÷ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ÷ ਵੀ ਹਲਕੇ ਦੇ ਲੋਕਾਂ ਨੂੰ ਸਤਿਕਾਰ ਸਹਿਤ ਭੇਂਟ ਕੀਤੀ। ਬਾਵਾ ਨੇ ਕਿਹਾ ਕਿ ਕਈ ਕਾਂਗਰਸੀ ਨੇਤਾ ਅਜਿਹੇ ਮਿਲੇ ਜੋ ਘਰਾਂ ਵਿੱਚ ਬੈਠ ਗਏ ਸਨ। ਉਹਨਾਂ ਕਿਹਾ ਕਿ ਉਹ ਹੁਣ ਕਾਂਗਰਸ ਪਾਰਟੀ ਦੀ ਜਿੱਤ ਲਈ ਦਿਨ ਰਾਤ ਮਿਹਨਤ ਕਰਨਗੇ ਤਾਂ ਕਿ ਬੱਚਿਆਂ ਨੂੰ ਰੁਜ਼ਗਾਰ ਮਿਲੇ, ਪੰਜਾਬ ਦੁਬਾਰਾ ਵਿਕਾਸ ਦੀ ਲੀਹ 'ਤੇ ਚੱਲੇ ਅਤੇ ਲੋਕਾਂ ਦਾ ਜੀਵਨ ਖੁਸ਼ਹਾਲ ਹੋਵੇ।

ਡੀਬੀਯੂ ਦੇ ਵਿਦਿਆਰਥੀਆਂ ਨੇ ਹਾਊਸਕੀਪਿੰਗ ਹਫ਼ਤੇ ਦੌਰਾਨ ਦਿਖਾਈ ਪ੍ਰਤਿਭਾ ਅਤੇ ਪੇਸ਼ੇਵਰ ਹੁਨਰ

ਫ਼ਤਹਿਗੜ੍ਹ ਸਾਹਿਬ, 5 ਅਕਤੂਬਰ (ਅਭਿਸ਼ੇਕ ਮਲਹੋਤਰਾ)- ਦੇਸ਼ ਭਗਤ ਯੂਨੀਵਰਸਿਟੀ ਦੇ ਸਕੂਲ ਆਫ਼ ਹੋਟਲ ਮੈਨੇਜਮੈਂਟ ਐਂਡ ਟੂਰਿਜ਼ਮ ਵੱਲੋਂ ਹਾਊਸਕੀਪਿੰਗ ਹਫਤਾ ਬੜੇ ਉਤਸ਼ਾਹ ਅਤੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨਾਲ ਮਨਾਇਆ ਗਿਆ। ਹਫ਼ਤਾ ਭਰ ਚੱਲੇ ਇਸ ਸਮਾਗਮ ਦਾ ਮੁੱਖ ਉਦੇਸ਼ ਭਵਿੱਖ ਦੇ ਹੋਸਪਿਟੈਲਿਟੀ ਪੇਸ਼ੇਵਰਾਂ ਵਿੱਚ ਪ੍ਰੈਕਟੀਕਲ ਹੁਨਰ, ਰਚਨਾਤਮਕਤਾ, ਟੀਮ ਵਰਕ ਅਤੇ ਪੇਸ਼ੇਵਰ ਯੋਗਤਾਵਾਂ ਦਾ ਵਿਕਾਸ ਕਰਨਾ ਸੀ। ਇਸ ਮੌਕੇ ਬੈੱਡ ਮੇਕਿੰਗ, ਬੈਸਟ ਆਊਟ ਆਫ਼ ਵੇਸਟ ਅਤੇ ਰੈਪਿਡ ਫਾਇਰ ਕਵਿਜ਼ ਸਮੇਤ ਵੱਖ-ਵੱਖ ਰੋਚਕ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਰਾਹੀਂ ਵਿਦਿਆਰਥੀਆਂ ਨੇ ਆਪਣੀ ਤਕਨੀਕੀ ਜਾਣਕਾਰੀ, ਰਚਨਾਤਮਕ ਸੋਚ ਅਤੇ ਵਿਹਾਰਕ ਹੁਨਰਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਵਿਭਾਗ ਵੱਲੋਂ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਅਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਦਾ ਵਿਦਿਆਰਥੀ-ਕੇਂਦਰਿਤ ਗਤੀਵਿਧੀਆਂ ਲਈ ਲਗਾਤਾਰ ਸਹਿਯੋਗ ਅਤੇ ਹੌਸਲਾ-ਅਫ਼ਜ਼ਾਈ ਕਰਨ 'ਤੇ ਧੰਨਵਾਦ ਕੀਤਾ ਗਿਆ।

ਹਥਣ ਵਿਚ ਅਕਾਲੀ ਦਲ ਦੀ ਹਨੇਰੀ ਚੱਲੀ, ਵੱਖ-ਵੱਖ ਪਾਰਟੀਆਂ ਵਿਚੋਂ ਟਕਸਾਲੀ ਅਕਾਲੀ ਪਰਿਵਾਰ ਵਾਪਸ ਪਰਤੇ, 2027 ਵਿਚ ਅਕਾਲੀ ਸਰਕਾਰ ਬਣੇਗੀ : ਜ਼ਾਹਿਦਾ ਸੁਲੇਮਾਨ

ਮਾਲੇਰਕੋਟਲਾ, 5 ਅਕਤੂਬਰ ((ਮੁਨਸ਼ੀ ਫ਼ਾਰੂਕ)) ਜਿਥੇ ਪੰਜਾਬ ਵਿਚ ਸ਼ ਰੋਮਣੀ ਅਕਾਲੀ ਦਲ ਦਿਨ ਪ੍ਰਤੀ ਦਿਨ ਮਜ਼ਬੂਤ ਹੁੰਦਾ ਜਾ ਰਿਹਾ ਹੈ, ਉਥੇ ਵਿਧਾਨ ਸਭਾ ਹਲਕਾ ਮਲੇਰਕੋਟਲਾ ਵਿਚ ਵੀ ਅਕਾਲੀ ਕਾਫ਼ਲਾ ਲਗਾਤਾਰ ਵੱਡਾ ਹੁੰਦਾ ਜਾ ਰਿਹਾ ਹੈ। ਨਿੱਤ ਦਿਨ ਹਰ ਵਰਗ ਦੇ ਲੋਕ ਅਕਾਲੀ ਦਲ ਨਾਲ ਜੁੜਦੇ ਜਾ ਰਹੇ ਹਨ। ਅੱਜ ਇਥੋਂ ਨੇੜਲੇ ਪਿੰਡ ਹਥਣ ਵਿਖੇ ਸ਼ ਰੋਮਣੀ ਅਕਾਲੀ ਦਲ ਦੀ ਹਨੇਰੀ ਚੱਲੀ ਅਤੇ ਲਗਭਗ ਸਾਰਾ ਪਿੰਡ ਹੀ ਤੱਕੜੀ ਦੇ ਚੋਣ ਨਿਸ਼ਾਨ ਹੇਠ ਇਕੱਠਾ ਹੋ ਗਿਆ। ਇਹ ਪਿੰਡ ਇਸ ਹਲਕੇ ਦੇ ਸਭ ਤੋਂ ਵੱਡੇ ਪਹਿਲੇ ਤਿੰਨ ਪਿੰਡਾਂ ਵਿਚ ਆਉਂਦਾ ਹੈ। ਹਥਣ ਦੇ ਸੀਨੀਅਰ ਅਕਾਲੀ ਆਗੂ ਅਤੇ ਹਲਕਾ ਕੋਰ ਕਮੇਟੀ ਮੈਂਬਰ ਜਸਪਾਲ ਸਿੰਘ ਜੱਸਾ ਅਤੇ ਹਥਣ ਦੇ ਯੂਥ ਪ੍ਰਧਾਨ ਸਿਮਰਨਜੀਤ ਸਿੰਘ ਦੀ ਅਗਵਾਈ ਹੇਠ ਰੱਖੀ ਬੀਬਾ ਜ਼ਾਹਿਦਾ ਸੁਲੇਮਾਨ ਨੇ ਕਿਹਾ ਕਿ ਸਾਨੂੰ ਚੁਟਕਲੇ ਸੁਣਾਉਣ ਵਾਲਾ ਮੁੱਖ ਮੰਤਰੀ ਨਹੀਂ ਚਾਹੀਦਾ ਸਗੋਂ ਸਾਨੂੰ ਵਿਕਾਸ ਕਰਨ ਵਾਲਾ ਮੁੱਖ ਮੰਤਰੀ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਹੁਣ ਲੋਕ ਝੂਠ ਦੇ ਬਹਿਕਾਵੇ ਵਿਚ ਨਹੀਂ ਆਉਣਗੇ ਸਗੋਂ ਸੱਚੀ-ਸੁੱਚੀ ਪਾਰਟੀ ਸ਼ ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣਗੇ। ਬੀਬਾ ਜ਼ਾਹਿਦਾ ਸੁਲੇਮਾਨ ਨੇ ਸਾਰੇ ਪਿੰਡਾਂ ਨੂੰ ਸੱਦਾ ਦਿਤਾ ਕਿ ਉਨ੍ਹਾਂ ਨੇ ਹਮੇਸ਼ਾ ਅਕਾਲੀ ਦਲ ਦਾ ਸਾਥ ਦਿਤਾ ਹੈ, ਇਸ ਲਈ 2027 ਵਿਚ ਵੀ ਪੇਂਡੂ ਖੇਤਰਾਂ ਵਿਚੋਂ ਅਕਾਲੀ ਦਲ ਨੂੰ ਰਿਕਾਰਡ ਤੋੜ ਵੋਟਾਂ ਪੈਣੀਆਂ ਚਾਹੀਦੀਆਂ ਹਨ। ਹਥਣ ਦੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਉਹ 2017 ਵਿਚ ਕਾਂਗਰਸ ਦੇ ਝਾਂਸੇ ਵਿਚ ਆ ਗਏ ਸਨ ਅਤੇ 2022 ਵਿਚ ਆਮ ਆਦਮੀ ਪਾਰਟੀ ਦੇ ਝੂਠ ਵਿਚ ਫਸ ਗਏ ਪਰ ਹੁਣ ਸਾਰਿਆਂ ਨੂੰ ਸਮਝ ਪੈ ਗਈ ਹੈ ਕਿ ਖੇਤਰੀ ਪਾਰਟੀ ਤੋਂ ਇਲਾਵਾ ਪੰਜਾਬੀਆਂ ਦੀ ਬਾਂਹ ਫੜਨ ਵਾਲਾ ਹੋਰ ਕੋਈ ਨਹੀਂ। ਹੁਣ ਹਰ ਪੰਜਾਬੀ, ਪੰਜਾਬ ਵਿਚ ਅਕਾਲੀ ਦਲ ਦੀ ਸਰਕਾਰ ਵੇਖਣਾ ਚਾਹੁੰਦਾ ਹੈ ਅਤੇ ਸ. ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਵਜੋਂ ਵੇਖ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਲਕਾ ਕੋਰ ਕਮੇਟੀ ਮੈਂਬਰ ਜਗਜੀਤ ਸਿੰਘ, ਕੋਰ ਕਮੇਟੀ ਮੈਂਬਰ ਸ. ਗੁਰਮੇਲ ਸਿੰਘ, ਸ. ਨਿਰਮਲ ਸਿੰਘ, ਸ. ਬਲਵਿੰਦਰ ਸਿੰਘ ਸਾਬਕਾ ਪੰਚਾਇਤ ਮੈਂਬਰ, ਸਾਬਕਾ ਬਲਾਕ ਸੰਮਤੀ ਮੈਂਬਰ ਖ਼ੁਸ਼ੀ ਮੁਹੰਮਦ, ਬੀਬੀ ਮਨਜੀਤ ਕੌਰ, ਸ. ਪਰਮਜੀਤ ਸਿੰਘ ਗੁਰਦੁਆਰਾ ਪ੍ਰਧਾਨ, ਸਹਿਕਾਰਤਾ ਸੋਸਾਇਟੀ ਦੇ ਸਾਬਕਾ ਡਾਇਰੈਕਟਰ ਸ. ਗੁਰਜੀਤ ਸਿੰਘ, ਸ. ਮਹਿੰਦਰ ਸਿੰਘ, ਸਾਬਕਾ ਪੰਚਾਇਤ ਮੈਂਬਰ ਸ. ਮੋਹਨ ਸਿੰਘ, ਸਾਬਕਾ ਸਰਪੰਚ ਸ. ਕਾਕਾ ਸਿੰਘ, ਸ. ਸੁਖਦੇਵ ਸਿੰਘ ਛੋਟਾ, ਸ. ਕਰਤਾਰ ਸਿੰਘ, ਸ. ਅੰਮ੍ਰਿਤਪਾਲ ਸਿੰਘ, ਸ. ਗੁਰਜੀਤ ਸਿੰਘ, ਆਜ਼ਾਦ ਸਿਦੀਕੀ, ਅਬਦੁਲ ਸੱਤਾਰ ਪੋਟਰ, ਮੁਹੰਮਦ ਫ਼ਾਰੂਕ ਆਜ਼ਮ ਅਤੇ ਹੋਰ ਅਕਾਲੀ ਆਗੂ ਵੀ ਹਾਜ਼ਰ ਸਨ।

ਨਗਰ ਕੌਂਸਲ ਦੇ ਪ੍ਰਧਾਨਗੀ ਧੜੇ 'ਚ ਹੋਇਆ ਵਾਧਾ, ਇਕ ਹੋਰ ਕੌਂਸਲਰ ਨੇ ਚੁੱਕੀ ਸਹੁੰ

ਮੋਰਿੰਡਾ,5 ਅਕਤੂਬਰ (ਬਲਵੀਰ ਸਿੰਘ ਚਲਾਕੀ) : ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨਗੀ ਧੜੇ ਵਿੱਚ ਉਸ ਸਮੇਂ ਹੋਰ ਵਾਧਾ ਹੋ ਗਿਆ ਜਦੋਂ ਇਕ ਹੋਰ ਕੌਂਸਲਰ ਨੇ ਅੱਜ ਸਹੁੰ ਚੁੱਕ ਕੇ ਆਪਣਾ ਸਮਰਥਨ ਦੇ ਦਿੱਤਾ । ਵਾਰਡ ਨੰਬਰ 1 ਤੋਂ ਜੇਤੂ ਕੌਂਸਲਰ ਸ੍ਰੀਮਤੀ ਗੁੰਜਨ ਸੂਦ ਨੂੰ ਅੱਜ ਸ਼੍ਰੀ ਚੇਤਨ ਬੰਗੜ ਉੱਪ ਮੰਡਲ ਮੈਜਿਸਟਰੇਟ ਮੋਰਿੰਡਾ ਵੱਲੋਂ ਨਗਰ ਕੌਂਸਲ ਮੋਰਿੰਡਾ ਦੇ ਦਫ਼ਤਰ ਵਿਖੇ ਸਹੁੰ ਚੁਕਾਈ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਮੋਰਿੰਡਾ ਦੇ ਕਾਰਜ ਸਾਧਕ ਅਫ਼ਸਰ ਗੁਰਦੀਪ ਸਿੰਘ ਨੇ ਦੱਸਿਆ ਕਿ ਵਾਰਡ ਨੰਬਰ 1 ਤੋਂ ਕੌਂਸਲਰ ਸ੍ਰੀਮਤੀ ਗੁੰਜਨ ਸੂਦ ਵੱਲੋਂ ਮਾਣਯੋਗ ਡਿਪਟੀ ਕਮਿਸ਼ਨਰ ਰੂਪਨਗਰ ਨੂੰ ਇੱਕ ਬੇਨਤੀ ਪੱਤਰ ਦੇ ਕੇ ਸਹੁੰ ਚੁੱਕਣ ਦੀ ਇੱਛਾ ਜ਼ਾਹਿਰ ਕੀਤੀ ਸੀ, ਜਿਸ 'ਤੇ ਡਿਪਟੀ ਕਮਿਸ਼ਨਰ ਰੂਪਨਗਰ ਨੇ ਕੌਂਸਲਰ ਸ੍ਰੀਮਤੀ ਗੁੰਜਨ ਸੂਦ ਨੂੰ ਸਹੁੰ ਚੁਕਾਉਣ ਲਈ ਉੱਪ ਮੰਡਲ ਮੈਜਿਸਟਰੇਟ ਮੋਰਿੰਡਾ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ ਸਨ, ਜਿਸ ਤਹਿਤ ਅੱਜ ਸਾਦੇ ਸਹੁੰ ਚੁੱਕ ਸਮਾਗਮ ਦੌਰਾਨ ਉਕਤ ਕਾਰਵਾਈ ਪੂਰੀ ਕੀਤੀ ਗਈ। ਇਸ ਮੌਕੇ ਸੁਰੱਖਿਆ ਦੇ ਮੱਦੇਨਜ਼ਰ ਗੁਰਜੀਤ ਸਿੰਘ ਡੀ. ਐਸ. ਪੀ. ਮੋਰਿੰਡਾ ਦੀ ਅਗਵਾਈ ਵਿੱਚ ਇੰਸਪੈਕਟਰ ਗਗਨਦੀਪ ਸਿੰਘ ਪੁਲਿਸ ਥਾਣਾ ਮੁਖੀ ਸਿਟੀ ਮੋਰਿੰਡਾ ਸਮੇਤ ਪੁਲਿਸ ਪ੍ਰਸ਼ਾਸਨ ਮੁਸਤੈਦ ਸਨ। ਇਥੇ ਜ਼ਿਕਰਯੋਗ ਹੈ ਕਿ ਸਥਾਨਕ ਸ਼ਹਿਰ ਦੀ ਨਗਰ ਕੌਂਸਲ ਪ੍ਰਧਾਨਗੀ ਨੂੰ ਲੈ ਕੇ ਮਾਣਯੋਗ ਹਾਈਕੋਰਟ ਵਿੱਚ ਚੱਲ ਰਹੇ ਕੇਸ ਦੀ ਸੁਣਵਾਈ 14 ਅਕਤੂਬਰ ਨੂੰ ਹੋਣੀ ਹੈ। ਇਸਤੋਂ ਠੀਕ ਪਹਿਲਾਂ ਕੌਂਸਲਰ ਗੁੰਜਨ ਸੂਦ ਵੱਲੋਂ ਪ੍ਰਧਾਨਗੀ ਧੜੇ ਨੂੰ ਸਮਰਥਨ ਦੇਣ ਨਾਲ ਸੱਤਾ ਧਿਰ ਹੋਰ ਮਜ਼ਬੂਤ ਹੋ ਗਈ ਹੈ। ਇਸ ਸਹੁੰ ਚੁੱਕ ਸਮਾਗਮ ਮੌਕੇ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਪਾਲ ਸਿੰਘ ਜੌਲੀ, ਸੀਨੀਅਰ ਮੀਤ ਪ੍ਰਧਾਨ ਸ੍ਰੀਮਤੀ ਦਲਜੀਤ ਕੌਰ, ਮੀਤ ਪ੍ਰਧਾਨ ਹਰਜਿੰਦਰ ਸਿੰਘ ਛਿੱਬਰ, ਕੌਂਸਲਰ ਅੰਮ੍ਰਿਤਪਾਲ ਸਿੰਘ ਖੱਟੜਾ ਅਤੇ ਕੌਂਸਲਰ ਹਰਜੀਤ ਸਿੰਘ ਸੋਢੀ ਤੋਂ ਇਲਾਵਾ ਨੰਬਰਦਾਰ ਰੁਪਿੰਦਰ ਸਿੰਘ ਭਿਚਰਾ ਆਦਿ ਹਾਜ਼ਰ ਸਨ।

ਸੁਚੱਜੇ ਪਰਾਲੀ ਪ੍ਰਬੰਧਨ ਲਈ ਸਮਾਣਾ ਵਿਖੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਬਲਾਕ ਪੱਧਰੀ ਕੈਂਪ

ਸਮਾਣਾ, 5 ਅਕਤੂਬਰ:ਰਾਕੇਸ਼ ਜਿੰਦਲ-ਸੁਚੱਜੇ ਪਰਾਲੀ ਪ੍ਰਬੰਧਨ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਖੇਤੀਬਾੜੀ ਵਿਭਾਗ ਵੱਲੋਂ ਸੁਚੱਜੇ ਪਰਾਲੀ ਪ੍ਰਬੰਧਨ (ਕ੍ਰਾਪ ਰੈਜ਼ੀਡਿਊ ਮੈਨੇਜਮੈਂਟ) ਲ